ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 7 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੩ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੈ ਸਭਿ ਦੁਖ ਜਾਇ ॥




ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

## ਅੰਮ੍ਰਿਤਸਰ ਦੇ ਪੁਲਿਸ ਥਾਣਿਆਂ ਸਮੇਤ ਕਈ ਰੇਲਵੇ ਸਟੇਸ਼ਨਾਂ ’ਤੇ ਬੰਬ ਧਮਾਕਿਆਂ ਦੀ ਧਮਕੀ


# ‘15 ਅਗਸਤ ਨੂੰ ਆਪਣੇ ਬੱਚੇ ਸਕੂਲ ਨਾ ਭੇਜਿਓ...’

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਅੰਮ੍ਰਿਤਸਰ ਵਿੱਚ ਸੁਰੱਖਿਆ ਏਜੰਸੀਆਂ ਨੂੰ ਅੱਜ ਤਿੰਨ ਪੁਲਿਸ ਥਾਣਿਆਂ ਨੂੰ ਪੁਲਿਸ ਥਾਣਿਆਂ ’ਤੇ ਗ੍ਰਨੇਡ ਹਮਲਿਆਂ ਅਤੇ ਰੇਲਵੇ ਪਟੜੀਆਂ ’ਤੇ ਆਈਈਡੀ ਧਮਾਕਿਆਂ ਦੀ ਧਮਕੀ ਭਰੀ ਈਮੇਲ ਪ੍ਰਾਪਤ ਹੋਣ ਤੋਂ ਬਾਅਦ ਅਲਰਟ ’ਤੇ ਕਰ ਦਿੱਤਾ ਗਿਆ ਹੈ। ਇਹ ਈਮੇਲ ਹਵਾਈ ਅੱਡੇ, ਡੀ ਡਿਵੀਜ਼ਨ ਅਤੇ ਈ ਡਿਵੀਜ਼ਨ ਪੁਲਿਸ ਸਟੇਸ਼ਨਾਂ ਦੇ ਅਧਿਕਾਰਤ ਈਮੇਲ ਆਈਡੀ ’ਤੇ ਭੇਜੀ ਗਈ ਸੀ। ਭੇਜਣ ਵਾਲੇ ਨੇ ਇੱਕ ਅੱਤਵਾਦੀ ਸੰਗਠਨ ਨਾਲ ਸਬੰਧ ਹੋਣ ਦਾ ਦਾਅਵਾ ਕੀਤਾ ਸੀ ਅਤੇ ਆਜ਼ਾਦੀ ਦਿਵਸ ਤੋਂ ਪਹਿਲਾਂ ਪੰਜਾਬ ਵਿੱਚ ਪੁਲਿਸ ਸਟੇਸ਼ਨਾਂ ਅਤੇ ਰੇਲਵੇ ਬੁਨਿਆਦੀ ਢਾਂਚੇ ’ਤੇ ਹਮਲਿਆਂ ਦੀ ਧਮਕੀ ਦਿੱਤੀ ਸੀ। ਈਮੇਲ ਵਿੱਚ ਖਾਸ ਤੌਰ ’ਤੇ ਅੰਬਾਲਾ ਤੋਂ ਇਲਾਵਾ ਅੰਮ੍ਰਿਤਸਰ, ਲੁਧਿਆਣਾ ਅਤੇ ਬਠਿੰਡਾ ਦਾ ਜ਼ਿਕਰ ਕੀਤਾ ਗਿਆ ਸੀ ਅਤੇ ਰੇਲ ਪਟੜੀਆਂ ’ਤੇ ਧਮਾਕਿਆਂ ਦੀ ਚੇਤਾਵਨੀ ਦਿੱਤੀ ਗਈ ਸੀ। ਈਮੇਲ ’ਚ ਆਜ਼ਾਦੀ ਦਿਵਸ ਤੱਕ ਪੁਲਿਸ ਸਟੇਸ਼ਨਾਂ ’ਤੇ ਗ੍ਰਨੇਡ ਹਮਲਿਆਂ ਦੀ ਧਮਕੀ ਵੀ ਦਿੱਤੀ ਗਈ ਸੀ ਅਤੇ ਲੋਕਾਂ ਨੂੰ ਰੇਲਗੱਡੀ ਰਾਹੀਂ ਯਾਤਰਾ ਨਾ ਕਰਨ ਜਾਂ ਆਪਣੇ ਬੱਚਿਆਂ ਨੂੰ ਸਕੂਲਾਂ ਅਤੇ ਆਜ਼ਾਦੀ ਦਿਵਸ ਦੇ ਸਮਾਗਮਾਂ ਵਿੱਚ ਨਾ ਭੇਜਣ ਲਈ ਕਿਹਾ ਗਿਆ ਸੀ। ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ, ਤਕਨੀਕੀ ਟੀਮਾਂ ਈਮੇਲ ਦੀ ਜਾਂਚ ਕਰ ਰਹੀਆਂ ਹਨ ਤਾਂ ਜੋ ਇਸਦੇ ਮੂਲ ਅਤੇ ਪਹਿਲਾਂ ਦੇ ਧਮਕੀ ਸੰਦੇਸ਼ਾਂ ਨਾਲ ਸੰਭਾਵਿਤ ਸਬੰਧਾਂ ਬਾਰੇ ਸੁਰਾਗ ਮਿਲ ਸਕਣ। ਇੱਕ ਸੀਨੀਅਰ ਪੁਲਿਸ ਅਧਿਕਾਰੀ ਨੇ ਧਮਕੀ ਈਮੇਲ ਮਿਲਣ ਦੀ ਪੁਸ਼ਟੀ ਕੀਤੀ। ਇਸ ਦੌਰਾਨ, ਪੁਲਿਸ ਸਟੇਸ਼ਨਾਂ, ਰੇਲਵੇ ਸਟੇਸ਼ਨਾਂ ਅਤੇ ਹੋਰ ਮਹੱਤਵਪੂਰਨ ਸਥਾਪਨਾਵਾਂ ਦੇ ਆਲੇ ਦੁਆਲੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਅਤੇ ਮਜ਼ਬੂਤੀ ਕੀਤੀ ਜਾ ਰਹੀ ਹੈ।




## ਧਮਕੀ ਪਿੱਛੇ ਖਾਲਿਸਤਾਨ ਨੈਸ਼ਨਲ ਆਰਮੀ ਅਤੇ ਬੱਬਰ ਖਾਲਸਾ ਦਾ ਨਾਮ

ਧਮਕੀ ਭਰੀ ਈ-ਮੇਲ ਵਿੱਚ ਸਕੂਲਾਂ ਅਤੇ 15 ਅਗਸਤ ਦੇ ਸਮਾਗਮਾਂ ਸਬੰਧੀ ਵੀ ਇਤਰਾਜ਼ਯੋਗ ਅਤੇ ਡਰ ਪੈਦਾ ਕਰਨ ਵਾਲੇ ਦਾਅਵੇ ਕੀਤੇ ਗਏ ਹਨ। ਇਸ ਦੇ ਨਾਲ ਹੀ ਈ-ਮੇਲ ਵਿੱਚ “ਖਾਲਿਸਤਾਨ ਨੈਸ਼ਨਲ ਆਰਮੀ” ਅਤੇ “ਬੱਬਰ ਖਾਲਸਾ” ਸਮੇਤ ਕੁਝ ਨਾਮਾਂ ਦਾ ਵੀ ਜ਼ਿਕਰ ਕੀਤਾ ਗਿਆ ਹੈ। ਹਾਲਾਂਕਿ, ਪੁਲਿਸ ਨੇ ਸਪੱਸ਼ਟ ਕੀਤਾ ਹੈ ਕਿ ਈ-ਮੇਲ ਵਿੱਚ ਲਿਖੇ ਕਿਸੇ ਵੀ ਦਾਅਵੇ ਜਾਂ ਨਾਮ ਦੀ ਅਜੇ ਤੱਕ ਕੋਈ ਪੁਸ਼ਟੀ ਨਹੀਂ ਹੋਈ ਹੈ ਅਤੇ ਇਸ ਨੂੰ ਜਾਂਚ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਧਮਕੀ ਮਿਲਣ ਤੋਂ ਬਾਅਦ ਪੰਜਾਬ ਪੁਲਿਸ ਅਤੇ ਹੋਰ ਸੁਰੱਖਿਆ ਏਜੰਸੀਆਂ ਨੇ ਥਾਣਿਆਂ, ਰੇਲਵੇ ਸਟੇਸ਼ਨਾਂ, ਰੇਲਵੇ ਟਰੈਕਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ ਦੀ ਸੁਰੱਖਿਆ ਦੀ ਸਮੀਖਿਆ ਸ਼ੁਰੂ ਕਰ ਦਿੱਤੀ ਹੈ। ਸਾਈਬਰ ਮਾਹਿਰ ਈ-ਮੇਲ ਭੇਜਣ ਵਾਲੇ ਦੀ ਪਛਾਣ ਕਰਨ ਅਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਈ-ਮੇਲ ਕਿੱਥੋਂ ਭੇਜੀ ਗਈ ਅਤੇ ਇਸ ਦੀ ਅਸਲੀਅਤ ਕੀ ਹੈ?


Gmail

B0,MB Blast Tibri (Cantt) Schools @1:11PM !!!

## ਪੰਨੂ ਕਤਲ ਸਾਜ਼ਿਸ਼ ਕੇਸ: ਭਾਰਤ ’ਤੇ ਲੱਗੇ ਦੋਸ਼ਾਂ ਵਿਚਾਲੇ ਪੰਨੂ ਖੁਦ ਅਦਾਲਤ ਵਿੱਚ ਰੱਖੇਗਾ ਆਪਣਾ ਪੱਖ, ਨਵੰਬਰ ਵਿਚ ਫ਼ੈਸਲਾ ਦੇਣ ਦੀ ਅਪੀਲ



**ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਅਮਰੀਕਾ ਦੀ ਦੱਖਣੀ ਨਿਊਯਾਰਕ ਜ਼ਿਲ੍ਹਾ ਅਦਾਲਤ ਵਿੱਚ ਚੱਲ ਰਹੇ ਨਿਖਿਲ ਗੁਪਤਾ ਮਾਮਲੇ ਵਿੱਚ ਅਮਰੀਕੀ ਸਰਕਾਰ ਨੇ 25 ਸਤੰਬਰ 2026 ਨੂੰ ਹੋਣ ਵਾਲੀ ਸਜ਼ਾ ਸੁਣਾਉਣ ਦੀ ਕਾਰਵਾਈ ਮੁਲਤਵੀ ਕਰਨ ਲਈ ਅਦਾਲਤ ਕੋਲ ਅਰਜ਼ੀ ਦਾਇਰ ਕੀਤੀ ਹੈ। ਅਦਾਲਤ ਵਿੱਚ ਦਾਇਰ ਸਰਕਾਰੀ ਪੱਤਰ ਅਨੁਸਾਰ, ਕਤਲ ਦੀ ਸਾਜ਼ਿਸ਼ ਦਾ ਨਿਸ਼ਾਨਾ ਬਣੇ ਸਿੱਖ ਆਗੂ ਗੁਰਪਤਵੰਤ ਸਿੰਘ ਪੰਨੂ ਨੇ ਸਜ਼ਾ ਸੁਣਾਉਣ ਦੀ ਕਾਰਵਾਈ ਦੌਰਾਨ ਖੁਦ ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਬਿਆਨ ਦੇਣ ਦੀ ਇੱਛਾ ਜਤਾਈ ਹੈ। ਕਿਉਂਕਿ ਉਹ 25 ਸਤੰਬਰ ਨੂੰ ਅਮਰੀਕਾ ਤੋਂ ਬਾਹਰ ਹੋਣਗੇ, ਇਸ ਲਈ ਅਮਰੀਕੀ ਸਰਕਾਰ ਨੇ ਸੁਣਵਾਈ ਨੂੰ 6 ਜਾਂ 20 ਨਵੰਬਰ 2026 ਤੱਕ ਮੁਲਤਵੀ ਕਰਨ ਦੀ ਬੇਨਤੀ ਕੀਤੀ ਹੈ। ਸਰਕਾਰੀ ਪੱਤਰ ਵਿੱਚ ਇਹ ਵੀ ਦਰਜ ਹੈ ਕਿ ਬਚਾਅ ਪੱਖ ਨੂੰ ਵੀ ਇਸ ਮੁਲਤਵੀ ’ਤੇ ਕੋਈ ਇਤਰਾਜ਼ ਨਹੀਂ ਹੈ। ਦਸਣਯੋਗ ਹੈ ਕਿ ਨਿਖਿਲ ਗੁਪਤਾ ਉਹ ਭਾਰਤੀ ਨਾਗਰਿਕ ਹੈ ਜਿਸ ਨੇ ਅਮਰੀਕੀ ਅਦਾਲਤ ਵਿੱਚ ਉਸ ਸਾਜ਼ਿਸ਼ ਨਾਲ ਸਬੰਧਤ ਦੋਸ਼ਾਂ ਨੂੰ ਕਬੂਲ ਕੀਤਾ ਹੈ, ਜਿਸ ਵਿੱਚ ਅਮਰੀਕਾ ਵਿੱਚ ਰਹਿੰਦੇ ਸਿੱਖ ਆਗੂ ਗੁਰਪਤਵੰਤ ਸਿੰਘ ਪੰਨੂ ਨੂੰ ਕਤਲ ਕਰਨ ਦੀ ਯੋਜਨਾ ਬਣਾਉਣ ਦਾ ਦੋਸ਼ ਹੈ। ਅਮਰੀਕੀ ਜਾਂਚ ਏਜੰਸੀਆਂ ਦੇ ਦੋਸ਼ਾਂ ਅਨੁਸਾਰ, ਇਹ ਕਥਿਤ ਸਾਜ਼ਿਸ਼ ਭਾਰਤ ਦੀ ਖੁਫ਼ੀਆ ਏਜੰਸੀ ਨਾਲ ਜੁੜੇ ਇੱਕ ਅਧਿਕਾਰੀ ਦੇ ਨਿਰਦੇਸ਼ਾਂ ਹੇਠ ਰਚੀ ਗਈ ਸੀ। ਇਸ ਮਾਮਲੇ ਨੇ ਇੱਕ ਵਾਰ ਫਿਰ ਉਹਨਾਂ ਗੰਭੀਰ ਦੋਸ਼ਾਂ ਨੂੰ ਚਰਚਾ ਵਿੱਚ ਲਿਆ ਦਿੱਤਾ ਹੈ ਕਿ ਭਾਰਤ ਦੀ ਧਰਤੀ ਤੋਂ ਬਾਹਰ ਰਹਿ ਰਹੇ ਆਜ਼ਾਦਪਸੰਦ ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਕਥਿਤ ਯੋਜਨਾਵਾਂ ਬਣਾਈਆਂ ਗਈਆਂ। ਅਮਰੀਕਾ ਨੇ ਪੰਨੂੰ ਨੂੰ ਨਿਸ਼ਾਨਾ ਬਣਾਉਣ ਦੀ ਕਥਿਤ ਸਾਜ਼ਿਸ਼ ਸਬੰਧੀ ਅਪਰਾਧਿਕ ਕੇਸ ਚਲਾਇਆ ਹੈ, ਜਦਕਿ ਕੈਨੇਡਾ ਨੇ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜਾਂਚ ਦੌਰਾਨ ਵੀ ਭਾਰਤੀ ਏਜੰਟਾਂ ਦੀ ਸੰਭਾਵਿਤ ਭੂਮਿਕਾ ਬਾਰੇ ਜਨਤਕ ਦੋਸ਼ ਲਗਾਏ ਸਨ। ਭਾਰਤ ਸਰਕਾਰ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕੀਤਾ ਹੈ, ਜਦਕਿ ਸੰਬੰਧਿਤ ਅਦਾਲਤੀ ਅਤੇ ਜਾਂਚ ਪ੍ਰਕਿਰਿਆਵਾਂ ਅਜੇ ਵੀ ਜਾਰੀ ਹਨ। ਹੁਣ ਅਮਰੀਕੀ ਅਦਾਲਤ ਵਿੱਚ ਗੁਰਪਤਵੰਤ ਸਿੰਘ ਪੰਨੂ ਦਾ ਸੰਭਾਵਿਤ ਬਿਆਨ ਇਸ ਮਾਮਲੇ ਦਾ ਸਭ ਤੋਂ ਮਹੱਤਵਪੂਰਨ ਪੜਾਅ ਮੰਨਿਆ ਜਾ ਰਿਹਾ ਹੈ। ਇਸ ਤੋਂ ਬਾਅਦ ਹੀ ਅਦਾਲਤ ਨਿਖਿਲ ਗੁਪਤਾ ਨੂੰ ਸਜ਼ਾ ਸੁਣਾਉਣ ਬਾਰੇ ਆਪਣਾ ਅੰਤਿਮ ਫ਼ੈਸਲਾ ਦੇਵੇਗੀ।

## ਸ਼੍ਰੋਮਣੀ ਕਮੇਟੀ ਨੇ GTC News ਨੂੰ ਭੇਜਿਆ ਨੋਟਿਸ, ਗੁਰਬਾਣੀ ਪ੍ਰਸਾਰਣ ਦੇ ਸਾਰੇ ਅਧਿਕਾਰ ਸ਼੍ਰੋਮਣੀ ਕਮੇਟੀ ਕੋਲ ਰਾਖਵੇਂ

**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦੇ ਲਾਈਵ ਪ੍ਰਸਾਰਣ ਦੇ ਮਾਮਲੇ ’ਤੇ ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਤਿੱਖਾ ਪ੍ਰਤੀਕਰਮ ਸਾਹਮਣੇ ਆਇਆ ਹੈ। ਜੀਟੀਸੀ ਨਿਊਜ਼ ਚੈਨਲ ਵੱਲੋਂ ਗੁਰਬਾਣੀ ਦਾ ਲਾਈਵ ਪ੍ਰਸਾਰਣ ਆਪਣੇ ਚੈਨਲ ’ਤੇ ਬਿਨਾਂ ਮਨਜ਼ੂਰੀ ਚਲਾਏ ਜਾਣ ’ਤੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੈਨਲ ਨੂੰ ਸਖ਼ਤ ਚੇਤਾਵਨੀ ਦਿੱਤੀ ਹੈ। ਉਨ੍ਹਾਂ ਚੈਨਲ ਨੂੰ ਗੁਰਬਾਣੀ ਪ੍ਰਸਾਰਣ ਤੁਰੰਤ ਬੰਦ ਕਰਨ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਚੈਨਲ ਨੂੰ ਲਾਈਵ ਪ੍ਰਸਾਰਣ ਸਬੰਧੀ ਭੇਜੀ ਚਿੱਠੀ ਦਾ ਜਿਥੇ ਜਵਾਬ ਦਿੱਤਾ ਗਿਆ ਹੈ, ਉਥੇ ਹੀ ਬਿਨਾਂ ਮਨਜ਼ੂਰੀ ਲਾਈਵ ਕਰਨ ਲਈ ਨੋਟਿਸ ਵੀ ਭੇਜਿਆ ਗਿਆ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਦੀ ਮੰਸ਼ਾ ’ਤੇ ਗੰਭੀਰ ਸਵਾਲ ਚੁੱਕਦੇ ਹੋਏ ਦੋਸ਼ ਲਗਾਇਆ ਕਿ ਗੁਰਬਾਣੀ ਪ੍ਰਸਾਰਣ ਦੇ ਮੁੱਦੇ ’ਤੇ ਸਿੱਖ ਸੰਗਤ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿਆਸੀ ਰੰਜਿਸ਼ ਦੇ ਤਹਿਤ ਸਿੱਖਾਂ ਦੇ ਧਾਰਮਿਕ ਮਸਲਿਆਂ ਨੂੰ ਸਿਆਸਤ ਦਾ ਵਿਸ਼ਾ ਬਣਾ ਰਹੀ ਹੈ। ਸ. ਧਾਮੀ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਧਾਰਮਿਕ ਪ੍ਰਸਾਰਣ ਦੇ ਮਾਮਲੇ ਵਿੱਚ ਦਖ਼ਲ ਦੇਣਾ ਚਾਹੁੰਦੀ ਹੈ ਤਾਂ ਉਹ ਦੱਸੇ ਕਿ ਕਿਸੇ ਹੋਰ ਧਰਮ ਦੇ ਧਾਰਮਿਕ ਪ੍ਰਚਾਰ-ਪ੍ਰਸਾਰ ’ਤੇ ਅਜਿਹੇ ਸਵਾਲ ਕਿਉਂ ਨਹੀਂ ਚੁੱਕੇ ਜਾਂਦੇ। ਉਨ੍ਹਾਂ ਦਾ ਕਹਿਣਾ ਸੀ ਕਿ ਗੁਰਬਾਣੀ ਦੇ ਵਿਸ਼ਵ ਪੱਧਰ ’ਤੇ ਪ੍ਰਸਾਰਣ ਨੂੰ ਰੋਕਣ ਲਈ ਵੱਖ-ਵੱਖ ਤਰ੍ਹਾਂ ਦੀਆਂ ਸਾਜ਼ਿਸ਼ਾਂ ਚੱਲ ਰਹੀਆਂ ਹਨ ਅਤੇ ਅਜਿਹੇ ਸਮੇਂ ਵਿੱਚ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਬਜਾਏ ਉਨ੍ਹਾਂ ਦਾ ਸਾਥ ਦੇਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜੀਟੀਸੀ ਨਿਊਜ਼ ਚੈਨਲ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦਾ ਲਾਈਵ ਟੈਲੀਕਾਸਟ ਬਿਨਾਂ ਪ੍ਰਵਾਨਗੀ ਕੀਤੇ ਜਾਣ ’ਤੇ ਵੀ ਸਖ਼ਤ ਇਤਰਾਜ਼ ਜਤਾਇਆ। ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਲਾਈਵ ਪ੍ਰਸਾਰਣ ਦਾ ਅਧਿਕਾਰ ਕੇਵਲ ਸ਼੍ਰੋਮਣੀ ਕਮੇਟੀ ਕੋਲ ਹੈ ਅਤੇ ਬਿਨਾਂ ਮਨਜ਼ੂਰੀ ਕਿਸੇ ਵੀ ਚੈਨਲ ਵੱਲੋਂ ਇਸ ਦਾ ਪ੍ਰਸਾਰਣ ਕਰਨਾ ਨਿਯਮਾਂ ਦੇ ਉਲਟ ਹੈ। ਧਾਮੀ ਨੇ ਜੀਟੀਸੀ ਚੈਨਲ ਨੂੰ ਤੁਰੰਤ ਲਾਈਵ ਟੈਲੀਕਾਸਟ ਬੰਦ ਕਰਨ ਦੀ ਚੇਤਾਵਨੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਚੈਨਲ ਨੂੰ ਕਾਨੂੰਨੀ ਨੋਟਿਸ ਅਤੇ ਚਿੱਠੀ ਭੇਜੀ ਜਾ ਚੁੱਕੀ ਹੈ, ਜਿਸ ਦਾ ਜਵਾਬ ਵੀ ਭੇਜ ਦਿੱਤਾ ਗਿਆ ਹੈ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਜੀਟੀਸੀ ਚੈਨਲ ਦਾ ਸਬੰਧ ਆਮ ਆਦਮੀ ਪਾਰਟੀ ਦੇ ਇੱਕ ਵਿਧਾਇਕ ਨਾਲ ਹੈ। ਧਾਮੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਕਿਸੇ ਵੀ ਪੱਧਰ ’ਤੇ ਸ਼੍ਰੋਮਣੀ ਕਮੇਟੀ ਨਾਲ ਕੋਈ ਗੱਲਬਾਤ ਨਹੀਂ ਕੀਤੀ ਗਈ ਅਤੇ ਨਾ ਹੀ ਕੋਈ ਮਨਜ਼ੂਰੀ ਲਈ ਗਈ। ਉਨ੍ਹਾਂ ਸਵਾਲ ਕੀਤਾ ਕਿ ਕੀ ਇਹ ਸਾਰਾ ਮਾਮਲਾ ਸ਼ਕਤੀ ਪ੍ਰਦਰਸ਼ਨ ਜਾਂ ਸਿਆਸੀ ਦਖ਼ਲਅੰਦਾਜ਼ੀ ਦਾ ਹਿੱਸਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਪੱਸ਼ਟ ਕੀਤਾ ਕਿ ਸ਼੍ਰੋਮਣੀ ਕਮੇਟੀ ਗੁਰਬਾਣੀ ਦੀ ਮਰਿਆਦਾ ਅਤੇ ਧਾਰਮਿਕ ਪਰੰਪਰਾਵਾਂ ਨਾਲ ਕੋਈ ਸਮਝੌਤਾ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਗੁਰਬਾਣੀ ਦਾ ਪ੍ਰਸਾਰਣ ਸਿੱਖ ਪੰਥ ਦੀਆਂ ਮਰਿਆਦਾਵਾਂ ਅਤੇ ਨਿਯਮਾਂ ਅਨੁਸਾਰ ਹੀ ਹੋਣਾ ਚਾਹੀਦਾ ਹੈ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



## ਮਾਫੀਆ ਸ਼ਖਸੀਅਤ ਅਤੇ ਸਾਬਕਾ ਸੰਸਦ ਮੈਂਬਰ ਅਤੀਕ ਅਹਿਮਦ ਦੇ ਪੁੱਤ ਦੀ ਭਿਆਨਕ ਸੜਕ ਹਾਦਸੇ ’ਚ ਮੌਤ



**ਝਾਂਸੀ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਝਾਂਸੀ ਜ਼ਿਲ੍ਹੇ ਵਿੱਚ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ। ਇਸ ਹਾਦਸੇ ਵਿੱਚ ਮਾਫੀਆ ਆਗੂ ਅਤੇ ਸਾਬਕਾ ਸੰਸਦ ਮੈਂਬਰ ਅਤੀਕ ਅਹਿਮਦ ਦੇ ਸਭ ਤੋਂ ਛੋਟੇ ਪੁੱਤਰ ਅਬਾਨ ਅਹਿਮਦ ਦੀ ਮੌਤ ਹੋ ਗਈ। ਇਸ ਹਾਦਸੇ ਵਿੱਚ ਇੱਕ ਹੋਰ ਵਿਅਕਤੀ ਦੀ ਵੀ ਜਾਨ ਚਲੀ ਗਈ, ਜਦਕਿ ਉਸਦੇ ਤਿੰਨ ਦੋਸਤ ਗੰਭੀਰ ਜ਼ਖਮੀ ਹੋ ਗਏ। ਦੱਸ ਦਈਏ ਕਿ ਇਹ ਦੁਖਦਾਈ ਘਟਨਾ ਝਾਂਸੀ-ਕਾਨਪੁਰ ਰਾਸ਼ਟਰੀ ਰਾਜਮਾਰਗ ’ਤੇ ਪੁੰਛ ਥਾਣਾ ਖੇਤਰ ਵਿੱਚ ਵਾਪਰੀ। ਇਹ ਪੰਜੇ ਲੋਕ ਪ੍ਰਯਾਗਰਾਜ ਤੋਂ ਝਾਂਸੀ ਜਾ ਰਹੇ ਸਨ। ਉਹ ਝਾਂਸੀ ਜੇਲ੍ਹ ਵਿੱਚ ਬੰਦ ਅਤੀਕ ਅਹਿਮਦ ਦੇ ਪੁੱਤਰ ਅਲੀ ਅਹਿਮਦ ਨੂੰ ਮਿਲਣ ਜਾ ਰਹੇ ਸੀ। ਰਿਪੋਰਟਾਂ ਅਨੁਸਾਰ, ਉਨ੍ਹਾਂ ਦੀ ਤੇਜ਼ ਰਫ਼ਤਾਰ ਕਾਰ ਅਚਾਨਕ ਕਾਬੂ ਤੋਂ ਬਾਹਰ ਹੋ ਗਈ। ਚਸ਼ਮਦੀਦਾਂ ਅਨੁਸਾਰ ਸਵੇਰੇ ਲਗਭਗ 10:30 ਵਜੇ, ਝਾਂਸੀ-ਕਾਨਪੁਰ ਰਾਜਮਾਰਗ ’ਤੇ ਇੱਕ ਤੇਜ਼ ਰਫ਼ਤਾਰ ਕ੍ਰੇਟਾ ਕਾਰ ਪ੍ਰਯਾਗਰਾਜ ਤੋਂ ਝਾਂਸੀ ਜਾ ਰਹੀ ਸੀ। ਪੁੰਛ ਥਾਣਾ ਖੇਤਰ ਦੇ ਖਿੱਲੀ ਪਿੰਡ ਦੇ ਨੇੜੇ, ਇੱਕ ਜਾਨਵਰ ਅਚਾਨਕ ਸੜਕ ’ਤੇ ਆ ਗਿਆ। ਜਾਨਵਰ ਤੋਂ ਬਚਣ ਦੀ ਕੋਸ਼ਿਸ਼ ਕਰਦੇ ਹੋਏ, ਕਾਰ ਨੇ ਆਪਣਾ ਕੰਟਰੋਲ ਗੁਆ ਦਿੱਤਾ ਅਤੇ ਡਿਵਾਈਡਰ ਨਾਲ ਟਕਰਾ ਗਈ। ਮਿਲੀ ਜਾਣਕਾਰੀ ਮੁਤਾਬਿਕ ਇਸ ਭਿਆਨਕ ਹਾਦਸੇ ’ਚ ਅਗਲੀ ਸੀਟ ’ਤੇ ਬੈਠੇ ਅਬਾਨ ਅਹਿਮਦ ਅਤੇ ਸੋਨੂੰ ਖਾਨ ਦੇ ਸਿਰ ’ਤੇ ਗੰਭੀਰ ਸੱਟਾਂ ਲੱਗੀਆਂ ਅਤੇ ਉਨ੍ਹਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਹਾਦਸੇ ਵਿੱਚ ਜ਼ਖਮੀ ਹੋਏ ਹੋਰ ਯਾਤਰੀਆਂ ਵਿੱਚ ਬਾਦਸ਼ਾਹੀ ਮੰਡੀ (ਪ੍ਰਯਾਗਰਾਜ) ਦਾ ਰਹਿਣ ਵਾਲਾ ਅਹਜਾਮ, ਕੋਤਵਾਲੀ ਦਾ ਰਹਿਣ ਵਾਲਾ ਮੁਹੰਮਦ ਜ਼ੈਦ ਅਤੇ ਪੁਰਾ ਮੁਫਤੀ ਦਾ ਰਹਿਣ ਵਾਲਾ ਉਮਰ ਅਹਿਮਦ ਸ਼ਾਮਲ ਹਨ। ਸਾਰੇ ਪ੍ਰਯਾਗਰਾਜ ਦੇ ਰਹਿਣ ਵਾਲੇ ਸਨ। ਸੂਚਨਾ ਮਿਲਣ ’ਤੇ ਪੁਲਿਸ ਮੌਕੇ ’ਤੇ ਪਹੁੰਚੀ ਅਤੇ ਜ਼ਖਮੀਆਂ ਨੂੰ ਮੈਡੀਕਲ ਕਾਲਜ ਭੇਜ ਦਿੱਤਾ। ਐਸਐਸਪੀ ਬੀਬੀਜੀਟੀਐਸ ਮੂਰਤੀ ਨੇ ਦੱਸਿਆ ਕਿ ਮੁੱਢਲੀ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਅਬਾਨ ਅਹਿਮਦ ਪੁੱਤਰ ਅਤੀਕ ਅਹਿਮਦ ਵਜੋਂ ਹੋਈ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਪੜ੍ਹਈਐ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243




ਭਾਈ ਰਘਬੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਜ਼ਿਲ੍ਹਾ ਬਠਿੰਡਾ)
ਵਿਖੇ ਮਹਾਨ ਗੁਰਮਤਿ ਸਮਾਗਮ
ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ
ਅਤੇ
ਦਮਦਮੀ ਟਕਸਾਲ ਦੇ 320 ਸਾਲਾਂ
ਸਥਾਪਨਾ ਦਿਵਸ
ਆਵਾਜ਼ਿ ਕੌਮ AWAZE QAUM International Newspaper & WEB TV
ਦਸ਼ਦਮੀ ਟਕਸਾਲ ਜੰਥਾ ਭਿੰਡਰਾ ਮਹਿਤਾ ਵੱਲੋਂ ਮਨਾਇਆ ਜਾ ਰਿਹਾ ਹੈ
ਸਮਾਗਮ ਦਾ ਵੇਰਵਾ
1 ਅਗਸਤ ਤੋਂ 7 ਅਗਸਤ ਤੱਕ
ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈਂ।
7 ਅਗਸਤ ਦਿਨ ਸ਼ੁੱਕਰਵਾਰ
ਸਾਰਾ ਦਿਨ ਧਾਰਮਿਕ ਦੀਵਾਨ ਸਜ਼ਾਏ ਜਾਣਗੇ।
7 ਅਗਸਤ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖ਼ਾਲਸਾ
ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ
ਕਥਾ ਵਿਚਾਰ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।
ਆਪ ਸਾਰਿਆਂ ਸੰਗਤਾਂ ਨੂੰ ਹੱਥ ਜੋੜ ਕੇ ਨਿਮਰਤਾ ਸਹਿਤ ਬੇਨਤੀ ਕੀ
ਸਾਰੀ ਸੰਗਤ ਹੁਮ ਹੁਮਾ ਕੇ ਸਮਾਗਮਾਂ ਵਿੱਚ ਪਹੁੰਚ ਦੀ ਕਿਰਪਾ ਕਰਨੀ।
ਗੁਰੂ ਪੰਥ ਦਾ ਦਾਸ
ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਸੀ ਖ਼ਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ




ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਜਥੇਬੰਦੀ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਤਖਤ ਸ਼੍ਰੀ ਦਮਦਮਾ ਸਾਹਿਬ ( ਗੁਰੂ ਕੀ ਕਾਂਸ਼ੀ ) ਤਲਵੰਡੀ ਸਾਬੋ ( ਬਠਿੰਡਾ ) ਵਿਖੇ ਮਿਤੀ 7 ਅਗਸਤ 2026 ( 23 ਸਾਵਣ) ਸਵੇਰੇ 10 ਵਜੇ ਤੋਂ 2 ਵਜੇ ਤੱਕ ਕਰਵਾਏ ਜਾ ਰਹੇ ਹਨ ।

**ਸਮੂਹ ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।**


✶ ਬੇਨਤੀ ਕਰਤਾ ✶

**ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ**

**ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ**

ਅੱਜ ਗੁਰਪੁਰਬ 'ਤੇ ਵਿਸ਼ੇਸ਼

# ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੈ ਸਭਿ ਦੁਖ ਜਾਇ ॥



**ਸਰਬੰਸਦਾਨੀ** ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਦਿਬ-ਦ੍ਰਿਸ਼ਟੀ ਵਿੱਚ ਅੱਠਵੇਂ ਗੁਰੂ ਨਾਨਕ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਅਜਿਹੀ ਆਤਮ-ਰਸੀ ਸ਼ਖ਼ਸੀਅਤ ਦੇ ਮਾਲਕ ਸਨ, ਕਿ ਉਨ੍ਹਾਂ ਦੇ ਦਰਸ਼ਨ-ਦੀਦਾਰੇ ਹਰ ਦਰਸ਼ਨ-ਅਭਿਲਾਸ਼ੀ ਦੇ ਦੁੱਖਾਂ-ਦਲਿਦਰਾਂ ਦਾ ਨਾਸ਼ ਕਰ ਦਿੰਦੇ ਹਨ । ਸਮਕਾਲੀ ਮਹਾਨ ਵਿਦਵਾਨ ਸਿੱਖ ਵਿਦਵਾਨ ਭਾਈ ਗੁਰਦਾਸ ਜੀ ਦੀ ਦ੍ਰਿਸ਼ਟੀ ਵਿੱਚ ਗੁਰੂ ਹਰਿਕ੍ਰਿਸ਼ਨ ਸਾਹਿਬ ਅਜਿਹੀ ਆਤਮਿਕ ਬੱਲ ਵਾਲੀ ਹਸਤੀ ਦੇ ਮਾਲਕ ਸਨ, ਡਰਨਾ ਤੇ ਡਰਾਉਣਾ ਉਨ੍ਹਾਂ ਦੇ ਸੁਭਾਅ ਵਿੱਚ ਹੀ ਨਹੀਂ ਸੀ ।ਸੱਤਵੇਂ ਪਾਤਸ਼ਾਤ ਗੁਰੂ ਹਰਿ ਰਾਇ ਸਾਹਿਬ ਜੀ ਆਪਣੇ ਸਪੁੱਤਰ ਰਾਮਰਾਇ ਬਾਰੇ ਸਿੱਖ ਜਗਤ ਨੂੰ ਸੁਚੇਤ ਕਰਦਿਆਂ ਬਚਨ ਕੀਤੇ ਸਨ, ਇਸ ਦੋਖੀ ਦੇ ਦਰਸ਼ਨ ਨਾ ਕੀਤੇ ਜਾਣ, ਜਿਸ ਨੇ ਗੁਰੂ ਨਾਨਕ ਸਾਹਿਬ ਜੀ ਦੀ ਪਾਵਨ ਬਾਣੀ ਦਾ ਨਿਰਾਦਰ ਕੀਤਾ ਹੈ, ਪਰ ਆਪਣੇ ਛੋਟੇ ਸਪੁੱਤਰ ਸ੍ਰੀ ਹਰਿਕ੍ਰਿਸ਼ਨ ਦੀ ਬਾਲ-ਅਵਸਥਾ ਵਿੱਚ ਹੀ ਆਤਮ-ਬਲ ਅਤੇ ਉਚੇਰੀ ਸੋਚ ਨੂੰ ਦੇਖਦਿਆਂ ਐਲਾਨ ਕਰ ਦਿੱਤਾ, ਜਿਹੜਾ ਗੁਰੂ ਹਰਿਕ੍ਰਿਸ਼ਨ ਦੇ ਦਰਸ਼ਨ ਕਰੇਗਾ ਜਾਂ ਹਿਰਦੇ ਤੋਂ ਗੁਰੂ ਹਰਿਕ੍ਰਿਸ਼ਨ ਦਾ ਧਿਆਨ ਧਰੇਗਾ, ਉਸ ਦੇ ਜਨਮਾਂ-ਜਨਮਾਂਤਰਾਂ ਦੇ ਦੁੱਖ ਦੂਰ ਹੋਣਗੇ ਅਤੇ ਉਸ ਨੂੰ ਗੁਰੂ ਨਾਨਕ ਸਾਹਿਬ ਦੀ ਖੁਸ਼ੀ ਨਸੀਬ ਹੋਵੇਗੀ ।




-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040


ਇਤਿਹਾਸਕ ਜ਼ਿਕਰ ਹੈ, ਜਦੋਂ 1661 ਈ: ਨੂੰ ਸੱਤਵੇਂ ਗੁਰੂ ਨਾਨਕ ਗੁਰੂ ਹਰਿ ਰਾਏ ਸਾਹਿਬ ਜੋਤੀ ਜੋਤ ਸਮਾਉਣ ਲੱਗੇ ਤਾਂ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਸਰੀਰਕ ਉਮਰ ਕੇਵਲ ਪੰਜ ਵਰ੍ਹਿਆਂ ਦੀ ਸੀ । ਸੱਤਵੇਂ ਪਾਤਸ਼ਾਹ ਨੇ ਸ੍ਰੀ ਹਰਿਕ੍ਰਿਸ਼ਨ ਜੀ ਦੇ ਸੁਭਾਅ ਭੈਅ ਅਤੇ ਭਰਮ ਤੋਂ ਮੁਕਤੀ ਵਾਲੇ ਗੁਣ ਦੇਖਦਿਆਂ ਗੁਰੂ ਨਾਨਕ ਸਾਹਿਬ ਜੀ ਦੀ ਗੱਦੀ ਦਾ ਅੱਠਵਾਂ ਵਾਰਿਸ ਨਿਯੁਕਤ ਕਰਦੇ ਸਮੇਂ ਆਪਣੀ ਜੋਤਿ ਤੇ ਜੁਗਤਿ ਟਿਕਾ ਦਿੱਤੀ ।ਪਹਿਲਾਂ ਆਪ ਨੂੰ ਗੁਰੂ ਸਿੰਘਾਸਨ ਉੱਪਰ ਬਿਠਾਇਆ, ਉਪਰੰਤ ਮੱਥਾ ਟੇਕ ਕੇ ਗੁਰੂ ਰੂਪ ਵਿੱਚ ਪ੍ਰਗਟ ਕਰ ਦਿੱਤਾ ।ਇਹ ਵੱਡਿਆਈ ਤੇ ਵਚਿੱਤਰ ਗੁਣ ਕੇਵਲ ਗੁਰੂ ਹਰਿਕ੍ਰਿਸ਼ਨ ਸਾਹਿਬ ਵਿੱਚ ਹੀ ਹੈ ਕਿ ਪੰਜ ਸਾਲ ਦੀ ਬਾਲ ਅਵਸਥਾ ਵਿੱਚ ਹੀ ਗੁਰੂ ਨਾਨਕ ਦੀ ਜੋਤਿ ਦੀ ਦਾਤ ਅਤੇ ਵੱਡਿਆਈ ਪ੍ਰਾਪਤ ਹੀ ਨਹੀਂ ਕੀਤੀ, ਸਗੋਂ ਗੁਰਤਾਗੱਦੀ 'ਤੇ ਬਿਰਾਜਦਿਆਂ ਸਿੱਖ ਸੋਚ, ਸਿੱਖ ਫਲਸਫ਼ਾ, ਸਿੱਖ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਸਿੱਖ ਸੰਗਤ ਤੇ ਸਿੱਖੀ ਪ੍ਰਚਾਰ ਦੀ ਲਹਿਰ ਨੂੰ ਗੁਰੂ ਵਜੋਂ ਅਗਵਾਈ ਦਿੰਦਿਆਂ, ਗੁਰੂ ਜੋਤਿ ਵਾਲੇ ਮਾਣ ਤੇ ਸਤਿਕਾਰ ਨੂੰ ਕਾਇਮ ਰੱਖਿਆ।

ਇਤਿਹਾਸ ਦੇ ਪੰਨਿਆਂ 'ਤੇ ਇਸ ਗੱਲ ਦਾ ਜ਼ਿਕਰ ਵੀ ਮਿਲਦਾ ਹੈ । ਸਮਕਾਲੀ ਸਮਾਜ ਦਾ ਵਿਚਾਰ ਸੀ, ਛੋਟੀ ਅਵਸਥਾ ਦਾ ਬਾਲ ਗੁਰੂ ਕਿਵੇਂ ਹੋ ਸਕਦਾ ਹੈ ? ਅਜਿਹੀ ਸੋਚ ਸਮਕਾਲੀ ਲੋਕਾਂ ਦੀ ਸੋਚ ਸੀ ਕਿ ਪੰਜ ਸਾਲ ਦੀ ਉਮਰ ਤਾਂ ਕੇਵਲ ਬਾਲ-ਬੁੱਧੀ ਹੀ ਹੁੰਦੀ ਹੈ ।ਅਨੁਭਵ ਜਾਂ ਤਜਰਬਾ ਤਾਂ ਵਡੇਰੀ ਉਮਰ ਦੇ ਲੋਕਾਂ ਕੋਲ ਹੀ ਹੁੰਦਾ ਹੈ ।ਇਸ ਉਮਰ ਵਿੱਚ ਸਮਾਜਿਕ ਤੇ ਰਾਜਨੀਤਿਕ ਸਮੱਸਿਆਵਾਂ ਨੂੰ ਸਮਝਣਾ ਵੀ ਕਠਿਨ ਹੁੰਦਾ ਹੈ ।ਬਾਲ ਉਮਰ ਵਿੱਚ ਤਾਂ ਕੇਵਲ ਸੁਰਤ, ਮਨ, ਬਲ ਦਾ ਵਿਕਾਸ ਹੁੰਦਾ ਹੈ ।ਲੋਕ ਭਲਾਈ ਤੇ ਪਰਉਪਕਾਰੀ ਕਾਰਜਾਂ ਨੂੰ ਸਮਝਣਾ ਤੇ ਪਹਿਚਾਨਣਾ ਔਖਾ ਕਾਰਜ ਹੈ ।ਪਰ ਜਦੋਂ ਅੱਠਵੇਂ ਪਾਤਸ਼ਾਹ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਗੁਰਤਾ ਗੱਦੀ ਕਾਲ ਉੱਤੇ ਝਾਤ ਮਾਰਦੇ ਹਾਂ ਤਾਂ ਪੰਜ ਤੋਂ ਅੱਠ ਸਾਲ ਦੀ ਬਾਲ ਅਵਸਥਾ ਦੇ ਤਿੰਨ ਸਾਲਾਂ ਵਿੱਚ ਜਿਹੜੇ ਕਾਰਜ ਬਾਬਾ ਪ੍ਰੀਤਮ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਕੀਤੇ, ਉਹ ਕਿੰਨੇ ਵਿਲੱਖਣ ਅਤੇ ਵਿਸ਼ੇਸ਼ ਹਨ।

ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਗੁਰਤਾ ਗੱਦੀ ਦੇ ਤਿੰਨ ਵਰ੍ਹਿਆਂ ਵਿੱਚ ਗੁਰੂ ਘਰ ਦੀ ਸੇਵਾ ਅਤੇ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਕੇਵਲ ਸਿੱਖ ਸੰਗਤ ਦੀ ਅਗਵਾਈ ਹੀ ਨਹੀਂ ਕੀਤੀ, ਸਗੋਂ ਗੁਰੂ ਨਾਨਕ ਸਾਹਿਬ ਦੇ ਧਰਮ-ਆਦਰਸ਼ਾਂ ਨੂੰ ਕਾਇਮ ਰੱਖਦਿਆਂ ਪ੍ਰਚਾਰ ਤੇ ਪ੍ਰਸਾਰ ਪੂਰੀ ਸਰਗਰਮੀ ਨਾਲ ਕੀਤਾ ।ਸਮਾਜਿਕ ਤੇ ਰਾਜਨੀਤਿਕ ਤੌਰ 'ਤੇ ਸਿੱਖ ਸੰਗਤ ਨੂੰ ਆਪਣੇ ਪੂਰਵਜਾਂ ਵਾਂਗ ਹੀ ਜਾਗ੍ਰਿਤ ਕਰਦੇ ਰਹੇ ।ਜਦੋਂ ਸਮਕਾਲੀ ਬਾਦਸ਼ਾਹ ਔਰੰਗਜ਼ੇਬ ਨੇ ਆਪਣੇ ਦਰਬਾਰ ਵਿੱਚ ਬੁਲਾਇਆ ਤਾਂ ਉਸ ਦੀ ਕੂਟਨੀਤੀ ਨੂੰ ਸਮਝਦਿਆਂ ਦਰਸ਼ਨ-ਦੀਦਾਰੇ ਦੇਣ ਤੋਂ ਨਾਂਹ ਕਰਦਿਆਂ ਉਸ ਨੂੰ ਅਤਿਆਚਾਰੀ ਤੇ ਜ਼ਾਲਮ ਕਹਿ ਕੇ ਮਿਲਣ ਤੋਂ ਇਨਕਾਰ ਕਰ ਦਿੱਤਾ ।

ਆਪਣੀ ਬਿਬੇਕ ਬੁੱਧੀ ਅਤੇ ਜਾਗਤਿ-ਜੋਤ ਦਾ ਪ੍ਰਮਾਣ ਦਿੰਦਿਆਂ ਆਪਣੇ ਜੋਤਿ-ਜੋਤ ਸਮਾਉਣ ਸਮੇਂ ਬਾਬਾ-ਬੁਕਾਲੇ ਦਾ ਸੰਕੇਤ ਦੇ ਕੇ ਆਪਣੀ ਸਿਆਣਪ, ਤੀਖਣ ਬੁੱਧੀ ਅਤੇ ਦੂਰ ਦ੍ਰਿਸ਼ਟੀ ਨਾਲ ਗੁਰੂ ਨਾਨਕ ਦੀ ਨੌਵੀਂ ਜੋਤਿ ਦਾ ਐਲਾਨ ਕਰ ਦਿੱਤਾ ।ਆਪ ਜੀ ਆਪਣੇ ਥੋੜ੍ਹੇ ਸਮੇਂ ਦੇ ਗੁਰੂ ਕਾਲ ਦੌਰਾਨ ਗੁਰੂ ਘਰ ਦੇ ਦੋਖੀਆਂ, ਦਾਅਵੇਦਾਰਾਂ, ਨਿੰਦਕਾਂ ਵਜੋਂ ਵਿਚਰ ਰਹੇ ਧੀਰਮੱਲੀਆਂ, ਸੋਢੀਆਂ, ਰਾਮਰਾਈਆਂ ਤੇ ਸ਼ਾਹੀ ਦਾਅਵੇਦਾਰਾਂ ਦੀਆਂ ਕੋਝੀਆਂ ਕੂਟਨੀਤਿਕ ਚਾਲਾਂ ਨੂੰ ਸਮਝ ਕੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਵਿਚਰੇ । ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਆਗਮਨ ਅੱਜ ਦੇ ਦਿਨ 1656 ਈ: ਵਿੱਚ ਹੋਇਆ । ਆਪ ਜੀ ਕੀਰਤਪੁਰ ਸਾਹਿਬ ਦੀ ਪਾਵਨ ਧਰਤੀ ਉੱਪਰ ਪਿਤਾ ਗੁਰੂ ਹਰਿ ਰਾਇ ਸਾਹਿਬ ਅਤੇ ਮਾਤਾ ਕ੍ਰਿਸ਼ਨ ਕੌਰ ਦੇ ਗ੍ਰਹਿ ਵਿਖੇ ਪ੍ਰਗਟ ਹੋਏ ।ਇਤਿਹਾਸ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਕੀਰਤਪੁਰ ਸਾਹਿਬ ਵਿੱਚ ਗੁਰੂ ਪਿਤਾ ਗੁਰੂ ਹਰਿ ਰਾਇ ਸਾਹਿਬ ਦੇ ਦਰਬਾਰ ਵਿੱਚ ਹਰ ਰੋਜ਼ ਅੰਮ੍ਰਿਤ ਵੇਲੇ ਤੇ ਸੰਧਿਆ ਸਮੇਂ ਹੋਣ ਵਾਲੇ ਗੁਰੂ-ਕੀਰਤੀ ਸਮਾਗਮਾਂ ਸਮੇਂ ਆਪ ਜੀ ਸੰਗਤੀ ਰੂਪ ਵਿੱਚ ਸ਼ਾਮਿਲ ਹੋ ਕੇ ਗੁਰੂ ਮਹਿਮਾਂ ਦੇ ਕਾਰਜ ਕਰਦੇ ਸਨ ।

ਅਸਲ ਵਿੱਚ ਪ੍ਰਭੂ ਦਾ ਗਿਆਨ ਭਾਵ ਬ੍ਰਹਮ ਗਿਆਨ ਦੀ ਕੋਈ ਅਵਸਥਾ ਨਹੀਂ । ਵੱਡੀ ਉਮਰ ਜਾਂ ਬਾਲ ਅਵਸਥਾ ਨਾਲ ਇਸ ਗੱਲ ਦਾ ਕੋਈ ਸਬੰਧ ਨਹੀਂ । ਬਾਬਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਬਚਪਨ ਵਿੱਚ ਹੀ ਵਿਕਾਰਾਂ ਤੋਂ ਰਹਿਤ ਸਨ ।ਲਾਲਚ, ਕ੍ਰੋਧ, ਧੋਖਾ, ਕਪਟ, ਦੁਬਿਧਾ ਵਰਗੇ ਔਗੁਣ ਉਨ੍ਹਾਂ ਦੇ ਨੇੜੇ-ਤੇੜੇ ਵੀ ਨਹੀਂ ਸਨ ਆਉਂਦੇ ।ਬਾਲ ਅਵਸਥਾ ਵਿੱਚ ਹੀ ਉਨ੍ਹਾਂ ਦੇ ਅਨੁਭਵ ਅਤੇ ਬ੍ਰਹਮ-ਗਿਆਨ ਦੀ ਅਵਸਥਾ ਵੱਡੇ-ਵੱਡੇ ਜਪੀਆਂ, ਤਪੀਆਂ ਨੂੰ ਮਾਤ ਪਾਉਂਦੀ ਸੀ । ਹਿਰਦੇ ਦੀ ਕੋਮਲਤਾ, ਪਰਉਪਕਾਰ ਵਾਲੀ ਬਿਰਤੀ, ਨਿਮਰਤਾ, ਨਿਰਛਲਤਾ ਤੇ ਨਿਆਂ ਦੇਣ ਵਾਲੇ ਵੱਡੇ ਗੁਣ ਉਨ੍ਹਾਂ ਦੀ ਸ਼ਖ਼ਸੀਅਤ ਦੇ ਉੱਭਰਵੇਂ ਗੁਣ ਸਨ ।ਦੋ ਵੱਡੇ ਗੁਣ ਕਿਸੇ ਰੱਬੀ-ਰੂਹ ਨੂੰ ਵੱਡਾ ਬਣਾਉਂਦੇ ਹਨ-ਪਹਿਲਾ ਗੁਣ ਬ੍ਰਹਮ-ਗਿਆਨ ਤੇ ਦੂਜਾ ਆਤਮਿਕ ਬਲ ।ਇਹ ਦੋਵੇਂ ਗੁਣ ਬਾਬਾ ਪ੍ਰੀਤਮ ਦੀ ਬਾਲ-ਸ਼ਖ਼ਸੀਅਤ ਦੇ ਸ਼ਿੰਗਾਰ ਸਨ । ਗੁਰੂ ਪਰੰਪਰਾ ਮੁਤਾਬਿਕ ਹਰ ਸ਼ੰਕੇ ਦੀ ਨਵਿਰਤੀ ਗਿਆਨ ਨਾਲ ਹੋ ਸਕਦੀ ਹੈ ।ਸਾਰੇ ਗੁਰੂ ਸਾਹਿਬਾਨ ਨੇ ਹਰ ਕਠਿਨ ਪ੍ਰਸ਼ਨ ਦਾ ਸਮਾਧਾਨ ਤਰਕ ਤੇ ਪਿਆਰ ਨਾਲ ਕੀਤਾ ।ਪੰਜੋਖਰਾ ਸਾਹਿਬ ਦੀ ਸਾਖੀ ਮੁਤਾਬਿਕ ਹੰਕਾਰੀ ਪੰਡਿਤ ਲਾਲ ਚੰਦ ਦੇ ਸਵਾਲ ਦਾ ਸਮਾਧਾਨ ਅਨਪੜ੍ਹ ਅਤੇ ਗੂੰਗੇ ਛੱਜੂ ਦੇ ਸਿਰ ਉੱਤੇ ਸਮਰੱਥ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਹੱਥ ਰੱਖਦਿਆਂ ਆਪਣੇ ਆਤਮਿਕ ਬਲ ਦੇ ਪ੍ਰਗਟਾਵੇ ਨਾਲ ਕੀਤਾ । ਰਾਜਾ ਜੈ ਸਿੰਘ ਦੇ ਬੰਗਲੇ (ਬੰਗਲਾ ਸਾਹਿਬ) ਪਟਰਾਣੀ ਦੀ ਪਛਾਣ ਦਾ ਸੱਚ ਵੀ ਆਪਣੀ ਸਮਰੱਥਾ ਨਾਲ ਕੀਤਾ।

ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਜਿਹੜਾ ਪ੍ਰਚਾਰ ਤੇ ਪ੍ਰਸਾਰ ਪੰਜ ਤੋਂ ਅੱਠ ਸਾਲ ਦੀ ਸਰੀਰਕ ਅਵਸਥਾ ਵਿੱਚ ਕੀਤਾ, ਅਜਿਹਾ ਹੀ ਗੁਰਮਤਿ ਸਿਧਾਂਤਾਂ ਦਾ ਪ੍ਰਚਾਰ ਤੇ ਪ੍ਰਸਾਰ ਗੁਰੂ ਨਾਨਕ ਸਾਹਿਬ ਦੀ ਜੋਤਿ ਸ੍ਰੀ ਗੁਰੂ ਅਮਰਦਾਸ ਜੀ (ਤੀਜੇ ਸਤਿਗੁਰੂ) ਨੇ 96 ਸਾਲ ਦੀ ਸਰੀਰਕ ਅਵਸਥਾ ਵਿੱਚ ਕੀਤਾ । ਕਿਉਂਕਿ ਦੋਵੇਂ ਗੁਰੂ ਸਾਹਿਬਾਨ ਦੀ ਜੋਤਿ ਅਤੇ ਜੁਗਤਿ ਇਕੋ ਜਿਹੀ ਸੀ । ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਆਪਣੇ ਤੋਂ ਪਹਿਲਾਂ ਸਾਰੀਆਂ ਗੁਰੂ ਜੋਤਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਦਿਆਂ, ਉਦੇਸ਼ਾਂ ਤੇ ਆਦਰਸ਼ਾਂ ਦੀ ਪੂਰਤੀ ਲਈ ਨਿਰਵੈਰਤਾ ਅਤੇ ਨਿਰਭੈਤਾ ਨਾਲ ਪਹਿਰਾ ਦਿੱਤਾ । ਛੋਟੀ ਅਵਸਥਾ ਵਿੱਚ ਸਿੱਖ ਫਲਸਫ਼ੇ ਤੇ ਸਿਧਾਂਤਾਂ ਦਾ ਪ੍ਰਚਾਰ ਕਰਦਿਆਂ ਬ੍ਰਹਮ-ਗਿਆਨ ਤੇ ਆਤਮਿਕ ਬਲ ਦਾ ਅਜਿਹਾ ਪ੍ਰਗਟਾਵਾ ਕੀਤਾ, ਜਿਸ ਤੋਂ ਪ੍ਰਭਾਵਿਤ ਹੋ ਕੇ ਰਾਜਾ ਜੈ ਸਿੰਘ ਨੇ ਸ਼ਰਧਾ ਤੇ ਪਿਆਰ ਦੀ ਮੂਰਤੀ ਬਣ ਕੇ ਆਪਣਾ ਰਿਹਾਇਸ਼ੀ ਅਸਥਾਨ ਵੀ ਸਤਿਗੁਰੂ ਨੂੰ ਸਮਰਪਿਤ ਕਰ ਦਿੱਤਾ । ਜਿਸ ਨੂੰ ਪਹਿਲਾਂ ਸਰਦਾਰ ਬਘੇਲ ਸਿੰਘ ਤੇ ਪਿੱਛੋਂ ਸਿੱਖ ਸੰਗਤਾਂ ਨੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੇ ਰੂਪ ਵਿੱਚ ਸੰਭਾਲਿਆ, ਗੁਰੂ ਹਰਿਕ੍ਰਿਸ਼ਨ ਸਾਹਿਬ 1664 ਈ: ਵਿੱਚ ਜੋਤੀ ਜੋਤਿ ਸਮਾ ਗਏ । ਦੁੱਖਾਂ ਤੇ ਰੋਗਾਂ ਤੋਂ ਛੁਟਕਾਰਾ ਪ੍ਰਾਪਤ ਕਰਨ ਲਈ ਅੱਜ ਲੱਖਾਂ ਸਿੱਖ ਸੰਗਤ ਗੁਰੂ ਹਰਿਕ੍ਰਿਸ਼ਨ ਸਾਹਿਬ ਨੂੰ ਨਤਮਸਤਕ ਹੁੰਦੀ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


## ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਉਪਲਬਧ 'ਚ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਅੱਜ: ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾ ਵਾਲੇ



ਚੌਕ ਮਹਿਤਾ,6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ): ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਵਿੱਤਰ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਜਥੇਬੰਦੀ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਤਖ਼ਤ ਸ੍ਰੀ ਦਮਦਮਾ ਸਾਹਿਬ (ਗੁਰੂ ਕੀ ਕਾਂਸ਼ੀ), ਤਲਵੰਡੀ ਸਾਬੋ (ਬਠਿੰਡਾ) ਵਿਖੇ ਅੱਜ ਮਿਤੀ 7 ਅਗਸਤ 2026(23 ਸਾਵਣ) ਨੂੰ ਕਰਵਾਏ ਜਾ ਰਹੇ ਹਨ।ਇਹ ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਆਯੋਜਿਤ ਕੀਤੇ ਜਾਣਗੇ।ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ, ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ। ਭਿੰਡਰਾਂਵਾਲੇ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕਰਦਿਆਂ ਬੇਨਤੀ ਕੀਤੀ ਹੈ ਕਿ ਉਹ ਇਹਨਾਂ ਮਹਾਨ ਗੁਰਮਤਿ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਹਾਜ਼ਰੀਆਂ ਭਰਨ ਅਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਤੇ ਲਾਹਾ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ 'ਨਸ਼ਾ ਮੁਕਤ ਯੁਵਾ' ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਦੇ ਉਦੇਸ਼ ਨਾਲ ਭਾਰਤ ਸਰਕਾਰ ਦੇ ਵਿਕਸਿਤ ਭਾਰਤ ਸੰਕਲਪ ਅਭਿਆਨ ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਐੱਨ.ਐੱਸ.ਐੱਸ. ਵਿਭਾਗ ਵੱਲੋਂ 'ਨਸ਼ਾ ਮੁਕਤ ਯੁਵਾ' ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸੰਬੋਧਨ ਦਾ ਸਿੱਧਾ ਪ੍ਰਸਾਰਨ ਵਿਦਿਆਰਥੀਆਂ ਅਤੇ ਸਟਾਫ਼ ਨੂੰ ਸੁਣਾਇਆ ਗਿਆ।ਪ੍ਰੋਗਰਾਮ ਵਿੱਚ ਨਿਰਦੇਸ਼ਕ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਐੱਨ.ਐੱਸ.ਐੱਸ. ਕੋਆਰਡੀਨੇਟਰ ਨਰਿੰਦਰ ਕੌਰ, ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਪ੍ਰਧਾਨ ਮੰਤਰੀ ਦੇ ਸੰਬੋਧਨ ਤੋਂ ਬਾਅਦ ਹਾਜ਼ਰ ਵਿਦਿਆਰਥੀਆਂ ਨੇ ਖੁਦ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਨਸ਼ਾ ਨਾ ਕਰਨ ਲਈ ਪ੍ਰੇਰਿਤ ਕਰਨ ਦਾ ਸੰਕਲਪ ਲਿਆ। ਇਸ ਮੌਕੇ ਸਰਦੂਲ ਸਿੰਘ ਸਿੱਧੂ ਨੇ ਕਿਹਾ ਕਿ ਵਿਕਸਿਤ ਭਾਰਤ ਦੀ ਉਸਾਰੀ ਲਈ ਨੌਜਵਾਨਾਂ ਦਾ ਨਸ਼ਾ-ਮੁਕਤ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦਾ ਭਵਿੱਖ ਨੌਜਵਾਨਾਂ ਦੇ ਹੱਥਾਂ ਵਿੱਚ ਹੈ ਅਤੇ ਉਹ ਆਪਣੇ ਹੁਨਰ, ਸਮਰੱਥਾ ਅਤੇ ਸਕਾਰਾਤਮਕ ਸੋਚ ਨਾਲ ਸਮਾਜ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਹਾਜ਼ਰੀਨ ਨੂੰ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਸ਼ੈਲੀ ਅਪਣਾਉਣ ਦੀ ਅਪੀਲ ਕੀਤੀ। ਐੱਨ.ਐੱਸ.ਐੱਸ. ਕੋਆਰਡੀਨੇਟਰ ਨਰਿੰਦਰ ਕੌਰ ਨੇ ਯੂਨੀਵਰਸਿਟੀ ਦੇ ਐੱਨ.ਐੱਸ.ਐੱਸ. ਵਲੰਟੀਅਰਾਂ ਵੱਲੋਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਲੰਟੀਅਰਾਂ ਵੱਲੋਂ ਆਲੇ-ਦੁਆਲੇ ਦੇ ਪਿੰਡਾਂ ਵਿੱਚ ਨਸ਼ਾ ਵਿਰੋਧੀ ਰੈਲੀਆਂ, ਸੈਮੀਨਾਰ ਅਤੇ ਵਰਕਸ਼ਾਪਾਂ ਰਾਹੀਂ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਦਾ ਸਮਾਪਨ ਰਾਸ਼ਟਰੀ ਗਾਣ ਨਾਲ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਦੌਰਾਨ ਸੰਗਠਨ ਮਜ਼ਬੂਤੀ ਅਤੇ ਹੱਕੀ ਮੰਗਾਂ 'ਤੇ ਹੋਈ ਚਰਚਾ



**ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ (ਰਜਿ:) ਪੰਜਾਬ ਦੇ ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਐਸੋਸੀਏਸ਼ਨ ਨਾਲ ਸਬੰਧਤ ਵੱਖ-ਵੱਖ ਅਹਿਮ ਮਸਲਿਆਂ, ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਮੈਂਬਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਨੇ ਹਾਜ਼ਰ ਮੈਂਬਰਾਂ ਨੂੰ ਸੰਗਠਨ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਹੱਕਾਂ ਦੀ ਰਾਖੀ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਐਸੋਸੀਏਸ਼ਨ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਸਾਰੇ ਮੈਂਬਰਾਂ ਨੂੰ ਸੰਗਠਨ ਨਾਲ ਇਕਜੁੱਟ ਰਹਿ ਕੇ ਕੰਮ ਕਰਨ ਦਾ ਸੱਦਾ ਦਿੱਤਾ। ਮੀਟਿੰਗ ਵਿੱਚ ਸੀਨੀਅਰ ਜ਼ਿਲ੍ਹਾ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਜ਼ਿਲ੍ਹਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਚੇਅਰਮੈਨ ਜੋਗਿੰਦਰ ਸਿੰਘ ਜਗਾ, ਗੁਰਨਾਮ ਸਿੰਘ ਖੋਖਰ, ਸੀਂਗੋ ਸਰਕਲ ਪ੍ਰਧਾਨ ਭਰਪੂਰ ਸਿੰਘ ਸੀਂਗੋ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਸਹਾਇਕ ਕੈਸ਼ੀਅਰ ਗੁਰਪ੍ਰੀਤ ਸਿੰਘ ਸਰਾਂ, ਰਛਪਾਲ ਸਿੰਘ, ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਭੋਲਾ ਸਿੰਘ ਸ਼ੇਖਪੁਰਾ, ਜਨਰਲ ਸਕੱਤਰ ਰੇਸ਼ਮ ਸਿੰਘ ਭਾਗੀਵਾਂਦਰ, ਕੇਵਲ ਸਿੰਘ ਸੁਖਲੱਧੀ, ਦਰਸ਼ਨ ਸਿੰਘ ਸੁਖਲੱਧੀ, ਮਨਜੀਤ ਸਿੰਘ ਧਿੰਗੜ, ਗੱਗੜ ਸਿੰਘ ਗਹਿਲੇਵਾਲਾ, ਅਮਨ ਧਾਲੀਵਾਲ ਜੀਵਨ ਸਿੰਘ ਵਾਲਾ, ਗੁਰਦੀਪ ਸਿੰਘ ਜੀਵਨ ਸਿੰਘ ਵਾਲਾ, ਗੁਲਾਬ ਸਿੰਘ ਫੁੱਲੋਖਾਰੀ, ਬਲਵੰਤ ਸਿੰਘ ਤਲਵੰਡੀ ਸਾਬੋ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਰਹੇ। ਮੀਟਿੰਗ ਦੇ ਅੰਤ ਵਿੱਚ ਸਾਰੇ ਮੈਂਬਰਾਂ ਨੇ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਆਉਣ ਵਾਲੇ ਸਮੇਂ ਵਿੱਚ ਸੰਗਠਨ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਦਾ ਅਹਿਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ

# ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਹੋਏ ਨਤਮਸਤਕ



## ਸੰਤ ਬਾਬਾ ਸੱਜਣ ਸਿੰਘ ਜੀ ਨੇ ਸਿਰਪਾਉ ਅਤੇ ਦੁਸ਼ਾਲਾ ਦੇ ਕੇ ਕੀਤਾ ਸੁਆਗਤ

**ਚੌਂਕ ਮਹਿਤਾ, 6 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿੱਖੇ ਮਜੀਠਾ ਦੇ ਬਣਾਏ ਗਏ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਨੇ ਆਪਣੇ ਸਾਥੀਆਂ ਸਮੇਤ ਹੋਏ ਨਤਮਸਤਕ ਅਤੇ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ।ਗੁਰਦੁਆਰਾ ਸਾਹਿਬ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਨੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਨੂੰ ਸਿਰਪਾਓ ਅਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਤੇ ਉਨ੍ਹਾਂ ਦੇ ਨਾਲ ਆਏ ਸਾਥੀਆਂ ਨੂੰ ਬਾਬਾ ਜੀ ਸਨਮਾਨਿਤ ਕੀਤਾ। ਇਸ ਮੌਕੇ ਤੇ ਮੁਖਤਾਰ ਸਿੰਘ ਬੋਪਾਰਾਏ, ਬਲਕਾਰ ਸਿੰਘ ਬੋਪਾਰਾਏ, ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ,ਤਜਿੰਦਰ ਸਿੰਘ ਸਾਧਪੁਰ, ਜਗਰੂਪ ਸਿੰਘ ਬੋਪਾਰਾਏ,ਰਾਜਾ ਸਿੰਘ ਬੁਲਾਰਾ,ਰਣਜੀਤ ਸਿੰਘ ਰਾਣਾ ਬਾਬੋਵਾਲ,ਨਿੰਦਰ ਸਿੰਘ ਭੋਏ, ਅਵਤਾਰ ਸਿੰਘ ਬੋਪਾਰਾਏ,ਸੁਖਵਿੰਦਰ ਸਿੰਘ ਭੀਲੋਵਾਲ,ਅਰਸ਼,ਬਾਜ ਸਿੰਘ ਆਦਿ ਹਾਜ਼ਰ ਸਨ।

### ਮਹਿਤਾ ਚੌਂਕ 'ਚ ਬਣੀਆਂ ਝੁੱਗੀਆਂ ਅੰਦਰ ਧਮਾਕਾ ਹੋਣ ਦਾ ਦਾਅਵਾ ਆਇਆ ਸਾਹਮਣੇ

# ਡੀ.ਐਸ.ਪੀ. ਜੰਡਿਆਲਾ ਗੁਰੂ ਨੇ ਦਾਅਵੇ ਨੂੰ ਨਕਾਰਿਆਂ -ਕਥਿਤ ਬੰਬ ਧਮਾਕੇ ਦੀ ਪੁਸ਼ਟੀ ਦਾ ਕੋਈ ਠੋਸ ਸਬੂਤ ਨਹੀਂ





## ਝੁੱਗੀਆਂ ਚੁਕਵਾਉਣ ਅਤੇ ਬੰਬ ਦੀ ਅਫ਼ਵਾਹ ਫੈਲਾਉਣ ਵਾਲਿਆਂ ਤੇ ਕਾਰਵਾਈ ਕਰਨ ਸਬੰਧੀ ਦਿੱਤਾ ਮੰਗ ਪੱਤਰ

ਚੌਂਕ ਮਹਿਤਾ, 6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸਥਾਨਕ ਕਸਬੇ ਦੀ ਅੰਮ੍ਰਿਤਸਰ-ਊਨਾ ਨੈਸ਼ਨਲ ਹਾਈਵੇਅ 'ਤੇ ਦਾਣਾ ਮੰਡੀ ਕੋਲ ਸਥਿਤ ਕਥਿਤ ਨਜ਼ਾਇਜ਼ ਤੌਰ 'ਤੇ ਝੁੱਗੀਆਂ ਬਣਾ ਕੇ ਰਹਿ ਰਹੇ ਪਰਿਵਾਰਾਂ ਵੱਲੋਂ ਬੀਤੀ 4 ਅਗਸਤ ਦੀ ਰਾਤ ਕਰੀਬ 9 ਵਜੇ ਕਥਿਤ ਬੰਬ ਧਮਾਕਾ ਹੋਣ ਦੇ ਦਾਅਵੇ ਤੋਂ ਬਾਅਦ ਅੱਜ ਪੂਰੇ ਇਲਾਕੇ ਵਿੱਚ ਚਰਚਾ ਦਾ ਮਾਹੌਲ ਬਣਿਆ ਰਿਹਾ। ਝੁੱਗੀਆਂ 'ਚ ਰਹਿ ਰਹੇ ਲੋਕਾਂ ਨੇ ਦੱਸਿਆ ਕਿ ਬੀਤੀ 4 ਅਗਸਤ ਦੀ ਰਾਤ ਕਰੀਬ 9 ਵਜੇ ਝੁੱਗੀਆਂ ਅੰਦਰ ਬਣੀ ਇੱਕ ਕਬਾੜ ਦੀ ਦੁਕਾਨ ਕੋਲੋਂ ਜ਼ੋਰਦਾਰ ਧਮਾਕੇ ਵਰਗੀ ਆਵਾਜ਼ ਸੁਣਾਈ ਦਿੱਤੀ,ਜਿਸਤੋਂ ਬਾਅਦ ਮੌਕੇ 'ਤੇ ਜਾ ਕੇ ਦੇਖਣ 'ਤੇ ਇਹ ਇੱਕ ਤਰ੍ਹਾਂ ਨਾਲ ਬੰਬ ਧਮਾਕਾ ਲੱਗ ਰਿਹਾ ਸੀ। ਉੱਥੇ ਮੌਜੂਦ ਪਰਿਵਾਰਾਂ ਦਾ ਕਹਿਣਾ ਸੀ ਕਿ ਦਾਣਾ ਮੰਡੀ ਵਾਲੇ ਪਾਸਿਓਂ ਆਏ ਇੱਕ ਮੋਟਰਸਾਈਕਲ ਸਵਾਰ ਨੇ ਕੋਈ ਵਿਸਫੋਟਕ ਵਸਤੂ ਸੁੱਟੀ ਸੀ, ਜਿਸ ਦਾ ਮਕਸਦ ਉਨ੍ਹਾਂ ਨੂੰ ਡਰਾ-ਧਮਕਾ ਕੇ ਝੁੱਗੀਆਂ ਖਾਲੀ ਕਰਵਾਉਣਾ ਸੀ।ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਇਸ ਤੋਂ ਪਹਿਲਾਂ 16 ਜੁਲਾਈ ਨੂੰ ਵੀ ਕਥਿਤ ਗ੍ਰਨੇਡ ਹਮਲੇ ਦੀ ਚਰਚਾ ਹੋਈ ਸੀ ਤੇ ਬਾਅਦ 'ਚ ਉਨ੍ਹਾਂ ਨੂੰ ਖਲਿਸਤਾਨ ਬੱਬਰ ਖਾਲਸਾ ਦੇ ਨਾਮ ਦੀਆਂ ਧਮਕੀ ਭਰੀਆਂ ਕਥਿਤ ਚਿੱਠੀਆਂ ਵੀ ਮਿਲੀਆਂ ਸਨ। ਇਸ ਦੌਰਾਨ ਸਮੂਹ ਪੀੜਤ ਪਰਿਵਾਰਾਂ ਨੇ ਕਿਹਾ ਕਿ ਉਹ ਇਸ ਸਮੇਂ ਡਰ ਦੇ ਮਾਹੌਲ ਵਿੱਚ ਰਹਿ ਰਹੇ ਹਨ ,ਜਿਸ ਲਈ ਉਨ੍ਹਾਂ ਨੇ ਪ੍ਰਸ਼ਾਸਨ ਤੋਂ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਦੇ ਨਾਲ-ਨਾਲ ਆਪਣੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕੀਤੀ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਡੀ.ਐੱਸ.ਪੀ. ਜੰਡਿਆਲਾ ਗੁਰੂ ਬਲਜੀਤ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਅਤੇ ਸਥਿਤੀ ਦਾ ਜਾਇਜ਼ਾ ਲਿਆ। ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੁਲਿਸ ਦੀ ਹੁਣ ਤੱਕ ਦੀ ਮੁੱਢਲੀ ਜਾਂਚ ਵਿੱਚ ਕਥਿਤ ਬੰਬ ਧਮਾਕੇ ਦੀ ਪੁਸ਼ਟੀ ਕਰਨ ਵਾਲਾ ਕੋਈ ਸਬੂਤ ਸਾਹਮਣੇ ਨਹੀਂ ਆਇਆ ਉਨ੍ਹਾਂ ਦੱਸਿਆ ਕਿ ਮੌਕੇ ਤੋਂ ਮਿਲੇ ਤੱਥਾਂ ਅਤੇ ਹੋਰ ਸਬੂਤਾਂ ਦੇ ਆਧਾਰ 'ਤੇ ਹਰ ਪਹਿਲੂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।ਜੇਕਰ ਜਾਂਚ ਦੌਰਾਨ ਕਿਸੇ ਸਾਜਿਸ਼ ਜਾਂ ਅਪਰਾਧ ਸਬੰਧੀ ਤੱਥ ਸਾਹਮਣੇ ਆਉਂਦੇ ਹਨ ਤਾਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਥਾਣਾ ਮੁਖੀ ਮਹਿਤਾ ਇੰਸਪੈਕਟਰ ਸਿਮਰਨਜੀਤ ਕੌਰ ਵੀ ਮੌਜੂਦ ਸਨ।ਇਸ ਦੌਰਾਨ ਨੈਸ਼ਨਲ ਹਾਈਵੇਅ ਦੇ ਕਿਨਾਰੇ ਸਰਕਾਰੀ ਜ਼ਮੀਨ 'ਤੇ ਬਣੀਆਂ ਝੁੱਗੀਆਂ ਖਿਲਾਫ ਜਨਤਕ ਤੌਰ 'ਤੇ ਮੁੱਦਾ ਚੁੱਕਣ ਵਾਲੇ ਅਕਾਲੀ ਦਲ (ਅੰਮ੍ਰਿਤਸਰ) ਦੇ ਹਲਕਾ ਜੰਡਿਆਲਾ ਗੁਰੂ ਇੰਚਾਰਜ ਬਲਜੀਤ ਸਿੰਘ ਬੁੱਟਰ ਨੇ ਕੁਝ ਸਮਾਜ ਸੇਵਕਾਂ ਤੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਨੂੰ ਨਾਲ ਲੈ ਕੇ ਡੀ.ਐੱਸ.ਪੀ. ਜੰਡਿਆਲਾ ਗੁਰੂ ਨੂੰ ਮੰਗ ਪੱਤਰ ਸੌਂਪਿਆਂ ਤੇ ਸਰਕਾਰੀ ਜ਼ਮੀਨ 'ਤੇ ਕਥਿਤ ਨਾਜਾਇਜ਼ ਕਬਜ਼ਿਆਂ ਦੀ ਜਾਂਚ ਕਰਵਾ ਕੇ ਕਾਨੂੰਨ ਅਨੁਸਾਰ ਕਾਰਵਾਈ ਕਰਨ ਅਤੇ ਝੁੱਗੀਆਂ ਹਟਾਉਣ ਦੀ ਮੰਗ ਕੀਤੀ। ਇਸਦੇ ਨਾਲ ਹੀ ਉਨ੍ਹਾਂ ਨੇ ਡੀ.ਐੱਸ.ਪੀ. ਅੱਗੇ ਇਹ ਵੀ ਦਾਅਵਾ ਰੱਖਿਆ ਕਿ ਇਨ੍ਹਾਂ ਝੁੱਗੀਆਂ ਵਿੱਚ ਰਹਿ ਰਹੇ ਕੁਝ ਲੋਕਾਂ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਕਾਰਨ ਇਲਾਕਾ ਵਾਸੀਆਂ ਵਿੱਚ ਚਿੰਤਾ ਤੇ ਅਸੁਰੱਖਿਆ ਦਾ ਮਾਹੌਲ ਹੈ,ਜਿਸ ਨੂੰ ਉਨ੍ਹਾਂ ਪ੍ਰਸ਼ਾਸਨ ਤੋਂ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਇਸਨੂੰ ਰੋਕਣ ਤੇ ਗਲਤ ਅਨਸਰਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਬਲਜੀਤ ਸਿੰਘ ਬੁੱਟਰ ਦੇ ਨਾਲ ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ ਰਾਜੂ, ਮਨਦੀਪ ਸਿੰਘ ਧਰਦਿਉ ਤਰਲੋਕ ਸਿੰਘ ਬਿੱਟਾ ਪ੍ਰਧਾਨ ਜੰਡਿਆਲਾ, ਡਾਕਟਰ ਦਲਬੀਰ ਸਿੰਘ ਬੰਡਾਲਾ ਜ਼ੋਨਲ ਸਕੱਤਰ,ਕੇਵਲ ਸਿੰਘ ਪ੍ਰਧਾਨ,ਮਨਜੀਤ ਸਿੰਘ ਮੰਨਾ, ਜਗਜੀਤ ਸਿੰਘ ਮਿੱਟੂ, ਦਿਲਬਾਗ ਸਿੰਘ, ਗੁਰਵੰਤ ਸਿੰਘ, ਅਮਰਜੀਤ ਸਿੰਘ, ਕੁਲਦੀਪ ਸਿੰਘ ਅਤੇ ਹੋਰ ਬਹੁਤ ਸਾਰੇ ਲੋਕ ਮੌਜੂਦ ਸਨ।

## ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਭਾਜਪਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਨਾਲ ਕੀਤੀ ਮੁਲਾਕਾਤ; ਪੰਜਾਬ ਦੇ ਅਹਿਮ ਮੁੱਦਿਆਂ 'ਤੇ ਹੋਈ ਵਿਸਥਾਰਪੂਰਵਕ ਚਰਚਾ

### ਕੇਵਲ ਸਿੰਘ ਢਿੱਲੋਂ ਦਾ ਮਾਨ ਸਰਕਾਰ 'ਤੇ ਤਿੱਖਾ ਹਮਲਾ; ਕਿਹਾ– ਕਰਜ਼ੇ, ਅਰਾਜਕਤਾ ਅਤੇ ਧਰਨਿਆਂ ਵੱਲ ਧੱਕਿਆ ਪੰਜਾਬ, ਹੁਣ ਲੋਕ ਮੰਗ ਰਹੇ ਹਨ ਹਿਸਾਬ



**ਅੰਮ੍ਰਿਤਸਰ, 6 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਪੰਜਾਬ ਨਾਲ ਸਬੰਧਤ ਅਹਿਮ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ।ਮੁਲਾਕਾਤ ਦੌਰਾਨ ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਪੰਜਾਬ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਸੂਬੇ ਦੇ ਫ਼ੈਸਲੇ ਚੰਡੀਗੜ੍ਹ ਦੀ ਬਜਾਏ ਦਿੱਲੀ ਤੋਂ ਹੋ ਰਹੇ ਹਨ।ਪੰਜਾਬ ਦੀ ਜਨਤਾ ਨੇ ਜਿਸ ਸਰਕਾਰ ਨੂੰ ਆਪਣੇ ਹਿੱਤਾਂ ਦੀ ਰਾਖੀ ਲਈ ਚੁਣਿਆ ਸੀ, ਉਹ ਪੰਜਾਬ ਦੇ ਲੋਕਾਂ ਦੀ ਬਜਾਏ ਆਪਣੇ ਰਾਜਨੀਤਿਕ ਆਕਾਵਾਂ ਨੂੰ ਖੁਸ਼ ਕਰਨ ਵਿੱਚ ਲੱਗੀ ਹੋਈ ਹੈ।

ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਸਿੱਖ ਮਾਮਲਿਆਂ, ਬੰਦੀ ਸਿੰਘਾਂ ਦੀ ਰਿਹਾਈ, ਬੇਅਦਬੀ ਦੇ ਮਾਮਲਿਆਂ ਵਿੱਚ ਇਨਸਾਫ਼, ਵਿਗੜਦੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਨਸ਼ਿਆਂ ਦੀ ਸਮੱਸਿਆ, ਕਿਸਾਨਾਂ ਦੀਆਂ ਚਿੰਤਾਵਾਂ, ਨੌਜਵਾਨਾਂ ਦੇ ਭਵਿੱਖ ਅਤੇ ਪੰਜਾਬ ਦੇ ਸਰਵਪੱਖੀ ਵਿਕਾਸ ਸਮੇਤ ਕਈ ਮਹੱਤਵਪੂਰਨ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

**ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੀ ਕਾਨੂੰਨ-ਵਿਵਸਥਾ ਅਤੇ ਮਾਨ ਸਰਕਾਰ ਦੀ ਕਾਰਗੁਜ਼ਾਰੀ 'ਤੇ ਚੁੱਕੇ ਗੰਭੀਰ ਸਵਾਲ**-ਪ੍ਰੋ. ਖਿਆਲਾ ਨੇ ਦੱਸਿਆ ਕਿ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਨੂੰ ਉਸਦੀ ਪੁਰਾਣੀ ਸ਼ਾਨ ਮੁੜ ਦਿਵਾਉਣ ਅਤੇ ਵਿਕਾਸ ਦੀ ਨਵੀਂ ਲੀਹ 'ਤੇ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਚਾਹੁੰਦੇ ਹਨ ਕਿ ਪੰਜਾਬ ਮੁੜ ਦੇਸ਼ ਦੇ ਸਭ ਤੋਂ ਖੁਸ਼ਹਾਲ ਅਤੇ ਅਗਾਂਹਵਧੂ ਸੂਬਿਆਂ ਵਿੱਚ ਆਪਣਾ ਸਥਾਨ ਹਾਸਲ ਕਰੇ।ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ,ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਪ੍ਰਧਾਨ ਨਿਤਿਨ ਨਬੀਨ ਵੱਲੋਂ ਪੰਜਾਬ ਨੂੰ ਦਿੱਤੀ ਜਾ ਰਹੀ ਤਰਜੀਹ ਇਸ ਗੱਲ ਦਾ ਪ੍ਰਮਾਣ ਹੈ ਕਿ ਕੇਂਦਰ ਸਰਕਾਰ ਪੰਜਾਬ ਦੇ ਵਿਕਾਸ ਲਈ ਗੰਭੀਰ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਦੌਰੇ ਜਾਰੀ ਰਹਿਣਗੇ।

ਭਾਜਪਾ ਦਫ਼ਤਰ 'ਤੇ ਹਾਲ ਹੀ ਵਿੱਚ ਹੋਏ ਹਮਲੇ ਦਾ ਜ਼ਿਕਰ ਕਰਦਿਆਂ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਘਟਨਾ ਸਾਬਤ ਕਰਦੀ ਹੈ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਪੂਰੀ ਤਰ੍ਹਾਂ ਡਗਮਗਾ ਚੁੱਕੀ ਹੈ।ਜੇਕਰ ਇੱਕ ਰਾਸ਼ਟਰੀ ਪਾਰਟੀ ਦਾ ਦਫ਼ਤਰ ਵੀ ਸੁਰੱਖਿਅਤ ਨਹੀਂ, ਤਾਂ ਆਮ ਲੋਕਾਂ ਦੀ ਸੁਰੱਖਿਆ ਦਾ ਅੰਦਾਜ਼ਾ ਲਗਾਉਣਾ ਮੁਸ਼ਕਲ ਨਹੀਂ।

ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਸ. ਢਿੱਲੋਂ ਨੇ ਕਿਹਾ ਕਿ ਸਾਢੇ ਚਾਰ ਸਾਲਾਂ ਵਿੱਚ ਪੰਜਾਬ ਵਿਕਾਸ ਨਹੀਂ, ਸਗੋਂ ਕਰਜ਼ੇ, ਅਰਾਜਕਤਾ, ਧਰਨਿਆਂ ਅਤੇ ਨਿਰਾਸ਼ਾ ਦਾ ਪ੍ਰਤੀਕ ਬਣ ਗਿਆ ਹੈ।ਸਰਕਾਰ ਨੇ ਚੋਣਾਂ ਦੌਰਾਨ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਅੱਜ ਹਰ ਵਰਗ ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰਣ ਲਈ ਮਜਬੂਰ ਹੈ।

ਉਨ੍ਹਾਂ ਕਿਹਾ ਕਿ ਕਿਸਾਨ, ਮਜ਼ਦੂਰ, ਮੁਲਾਜ਼ਮ, ਪੈਨਸ਼ਨਰ, ਨੌਜਵਾਨ, ਵਪਾਰੀ ਅਤੇ ਅਧਿਆਪਕ—ਕੋਈ ਵੀ ਵਰਗ ਸਰਕਾਰ ਦੀਆਂ ਨੀਤੀਆਂ ਤੋਂ ਸੰਤੁਸ਼ਟ ਨਹੀਂ ਹੈ।ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ (ਡੀਏ) ਨਹੀਂ ਮਿਲ ਰਿਹਾ, ਲੱਖਾਂ ਪੈਨਸ਼ਨਰਾਂ ਨੂੰ ਸਮੇਂ ਸਿਰ ਪੈਨਸ਼ਨ ਨਹੀਂ ਦਿੱਤੀ ਜਾ ਰਹੀ।ਇੱਥੋਂ ਤੱਕ ਕਿ ਹਾਈ ਕੋਰਟ ਨੂੰ ਵੀ ਦਖ਼ਲ ਦੇਣਾ ਪਿਆ, ਪਰ ਇਸ ਦੇ ਬਾਵਜੂਦ ਸਰਕਾਰ ਆਪਣੀਆਂ ਜ਼ਿੰਮੇਵਾਰੀਆਂ ਤੋਂ ਭੱਜ ਰਹੀ ਹੈ ਅਤੇ ਮੁਲਾਜ਼ਮਾਂ ਨੂੰ ਵਿਧਾਨ ਸਭਾ ਦਾ ਘਿਰਾਓ ਕਰਨ ਲਈ ਮਜਬੂਰ ਕਰ ਰਹੀ ਹੈ।

ਸ. ਢਿੱਲੋਂ ਨੇ ਕਿਹਾ ਕਿ ਇਸ ਤੋਂ ਵੀ ਵੱਧ ਸ਼ਰਮਨਾਕ ਗੱਲ ਇਹ ਹੈ ਕਿ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਆਵਾਜ਼ ਉਠਾਉਣ ਵਾਲੇ ਸਹਾਇਕ ਪ੍ਰੋਫੈਸਰਾਂ, ਲਾਇਬ੍ਰੇਰੀਅਨਾਂ ਸਫਾਈ ਸੇਵਕਾਂ, ਤੇ ਕਿਸਾਨਾਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ। ਲੋਕਤੰਤਰ ਵਿੱਚ ਸੰਵਾਦ ਦੀ ਥਾਂ ਦਮਨ ਦੀ ਨੀਤੀ ਅਪਣਾਉਣਾ ਮਾਨ ਸਰਕਾਰ ਦੀ ਅਸਫ਼ਲਤਾ ਦਾ ਪ੍ਰਮਾਣ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਇੱਕ ਪਾਸੇ ਖਜ਼ਾਨਾ ਭਰਿਆ ਹੋਣ ਦੇ ਦਾਅਵੇ ਕਰਦੇ ਹਨ, ਜਦਕਿ ਦੂਜੇ ਪਾਸੇ ਸੂਬੇ 'ਤੇ ਕਰਜ਼ੇ ਦਾ ਬੋਝ ਲਗਾਤਾਰ ਵਧਦਾ ਜਾ ਰਿਹਾ ਹੈ।ਪੰਜਾਬ ਦੇ ਵਿਕਾਸ ਲਈ ਕੇਂਦਰ ਸਰਕਾਰ ਵੱਲੋਂ ਭੇਜੇ ਗਏ ਫੰਡਾਂ ਦਾ ਅੱਜ ਤੱਕ ਕੋਈ ਪਾਰਦਰਸ਼ੀ ਹਿਸਾਬ ਨਹੀਂ ਦਿੱਤਾ ਗਿਆ।ਇਸੇ ਤਰ੍ਹਾਂ ਬੇਅਦਬੀ ਦੇ ਮਾਮਲਿਆਂ ਵਿੱਚ ਵੀ ਸਰਕਾਰ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਕੋਈ ਠੋਸ ਅਤੇ ਨਤੀਜਾਮੁਖੀ ਕਾਰਵਾਈ ਕਰਨ ਵਿੱਚ ਨਾਕਾਮ ਰਹੀ ਹੈ।

ਸ. ਢਿੱਲੋਂ ਨੇ ਕਿਹਾ ਕਿ ਹੁਣ ਚੁਟਕਲਿਆਂ, ਇਸ਼ਿਤਹਾਰਾਂ ਅਤੇ ਖੋਖਲੇ ਭਾਸ਼ਣਾਂ ਦਾ ਸਮਾਂ ਲੰਘ ਚੁੱਕਾ ਹੈ। ਪੰਜਾਬ ਦੇ ਲੋਕ ਹੁਣ ਹਿਸਾਬ ਮੰਗ ਰਹੇ ਹਨ ਅਤੇ ਮਾਨ ਸਰਕਾਰ ਨੂੰ ਆਪਣੇ ਹਰ ਵਾਅਦੇ ਅਤੇ ਹਰ ਨਾਕਾਮੀ ਦਾ ਜਵਾਬ ਦੇਣਾ ਹੀ ਪਵੇਗਾ।

ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਮਿਸ਼ਨ 2027 ਤਹਿਤ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ 'ਤੇ ਸੂਬੇ ਵਿੱਚ ਅਮਨ-ਸ਼ਾਂਤੀ, ਕਾਨੂੰਨ ਦਾ ਰਾਜ, ਨਸ਼ਾ ਅਤੇ ਗੈਂਗਸਟਰ-ਮੁਕਤ ਮਾਹੌਲ, ਕਿਸਾਨਾਂ ਅਤੇ ਨੌਜਵਾਨਾਂ ਲਈ ਨਵੀਆਂ ਸੰਭਾਵਨਾਵਾਂ ਅਤੇ ਹਰ ਵਰਗ ਲਈ ਇਨਸਾਫ਼ ਤੇ ਵਿਕਾਸ ਯਕੀਨੀ ਬਣਾਇਆ ਜਾਵੇਗਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੰਤਰ-ਮੰਤਰ ਤੋਂ ਸੰਸਦ ਤੱਕ

# ਅਸਹਿਮਤੀ, ਅਰਾਜਕਤਾ ਅਤੇ ਲੋਕਤੰਤਰ ਦੀ ਲਕਸ਼ਮਣ ਰੇਖਾ : ਪ੍ਰੋ. ਸਰਚਾਂਦ ਸਿੰਘ ਖਿਆਲਾ



ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੈ। ਇਸ ਦੀ ਅਸਲ ਤਾਕਤ ਸਿਰਫ਼ ਚੋਣਾਂ ਵਿੱਚ ਨਹੀਂ, ਸਗੋਂ ਇਸ ਗੱਲ ਵਿੱਚ ਹੈ ਕਿ ਹਰ ਨਾਗਰਿਕ ਨੂੰ ਆਪਣੀ ਅਸਹਿਮਤੀ ਪ੍ਰਗਟ ਕਰਨ, ਸਰਕਾਰ ਤੋਂ ਸਵਾਲ ਪੁੱਛਣ ਅਤੇ ਸ਼ਾਂਤੀਪੂਰਨ ਢੰਗ ਨਾਲ ਪ੍ਰਦਰਸ਼ਨ ਕਰਨ ਦਾ ਸੰਵਿਧਾਨਕ ਅਧਿਕਾਰ ਹੈ। ਪਰ ਕੋਈ ਵੀ ਅਧਿਕਾਰ ਅਸੀਮਿਤ ਨਹੀਂ ਹੁੰਦਾ। ਅਧਿਕਾਰਾਂ ਦੇ ਨਾਲ ਜ਼ਿੰਮੇਵਾਰੀਆਂ ਵੀ ਜੁੜੀਆਂ ਹੁੰਦੀਆਂ ਹਨ।ਜਦੋਂ ਪ੍ਰਦਰਸ਼ਨ ਕਾਨੂੰਨ ਦੀਆਂ ਹੱਦਾਂ ਵਿੱਚ ਰਹਿੰਦਾ ਹੈ ਤਾਂ ਉਹ ਲੋਕਤੰਤਰ ਨੂੰ ਮਜ਼ਬੂਤ ਕਰਦਾ ਹੈ, ਪਰ ਜਦੋਂ ਉਹ ਨਿਰਧਾਰਿਤ ਮਰਿਆਦਾਵਾਂ ਨੂੰ ਲੰਘਦਾ ਹੈ ਤਾਂ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਅਸੀਂ ਲੋਕਤੰਤਰ ਨੂੰ ਮਜ਼ਬੂਤ ਕਰ ਰਹੇ ਹਾਂ ਜਾਂ ਭੀੜਤੰਤਰ ਨੂੰ ਉਤਸ਼ਾਹਿਤ ਕਰ ਰਹੇ ਹਾਂ?

ਨੀਟ-ਯੂਜੀ (©55“-”7) ਪੇਪਰ ਲੀਕ ਵਿਵਾਦ ਨੇ ਦੇਸ਼ ਭਰ ਦੇ ਲੱਖਾਂ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਡੂੰਘੀ ਨਿਰਾਸ਼ਾ ਅਤੇ ਗੁੱਸਾ ਪੈਦਾ ਕੀਤਾ। ਇੱਕ ਪ੍ਰਤੀਯੋਗੀ ਪ੍ਰੀਖਿਆ ਦੀ ਪਵਿੱਤਰਤਾ 'ਤੇ ਸਵਾਲ ਖੜ੍ਹੇ ਹੋਣੇ ਕਿਸੇ ਵੀ ਲੋਕਤੰਤਰ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਵਿਦਿਆਰਥੀਆਂ ਵੱਲੋਂ ਜਵਾਬਦੇਹੀ ਦੀ ਮੰਗ ਕਰਨਾ ਅਤੇ ਪ੍ਰਦਰਸ਼ਨ ਕਰਨਾ ਲੋਕਤੰਤਰੀ ਪ੍ਰਕਿਰਿਆ ਦਾ ਹਿੱਸਾ ਹੈ। ਕਿਸੇ ਵੀ ਸਰਕਾਰ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਅਜਿਹੇ ਮਾਮਲਿਆਂ ਦੀ ਨਿਰਪੱਖ ਜਾਂਚ ਕਰੇ, ਦੋਸ਼ੀਆਂ ਨੂੰ ਸਜ਼ਾ ਦਿਵਾਏ, ਪੀੜਤ ਨੌਜਵਾਨਾਂ ਨੂੰ ਇਨਸਾਫ਼ ਅਤੇ ਆਪਣਾ ਭਰੋਸਾ ਮੁੜ ਕਾਇਮ ਕਰੇ।

ਇਸ ਪਿਛੋਕੜ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਵੱਲੋਂ ਨੈਤਿਕ ਜ਼ਿੰਮੇਵਾਰੀ ਸਵੀਕਾਰ ਕਰਦਿਆਂ ਅਸਤੀਫ਼ਾ ਦੇਣਾ ਭਾਰਤੀ ਲੋਕਤੰਤਰ ਵਿੱਚ ਜਵਾਬਦੇਹੀ ਦੀ ਇੱਕ ਮਿਸਾਲ ਵਜੋਂ ਵੀ ਦੇਖਿਆ ਗਿਆ। ਇਸ ਨਾਲ ਇਹ ਸੰਦੇਸ਼ ਗਿਆ ਕਿ ਜਨਤਾ ਦੇ ਭਰੋਸੇ ਦੀ ਬਹਾਲੀ ਕਿਸੇ ਵੀ ਰਾਜਨੀਤਿਕ ਅਹੁਦੇ ਤੋਂ ਵੱਧ ਮਹੱਤਵਪੂਰਨ ਹੈ। ਨਾਲ ਹੀ, ਸਰਕਾਰ ਵੱਲੋਂ ਪ੍ਰੀਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ, ਤਕਨੀਕੀ ਸੁਧਾਰ ਅਤੇ ਪੇਪਰ ਲੀਕ ਵਰਗੇ ਅਪਰਾਧਾਂ ਵਿਰੁੱਧ ਸਖ਼ਤ ਕਾਨੂੰਨੀ ਪ੍ਰਬੰਧਾਂ ਦਾ ਅਮਲ ਵੀ ਸ਼ੁਰੂ ਕੀਤਾ ਗਿਆ।

ਪਰ ਇਸ ਸਾਰੇ ਮਾਮਲੇ ਦਾ ਦੂਜਾ ਪੱਖ ਵੀ ਹੈ। ਜਵਾਬਦੇਹੀ ਦੀ ਮੰਗ ਕਰਨਾ ਅਤੇ ਸੰਵਿਧਾਨਕ ਸੰਸਥਾਵਾਂ 'ਤੇ ਗੈਰ-ਕਾਨੂੰਨੀ ਦਬਾਅ ਬਣਾਉਣ ਦੀ ਕੋਸ਼ਿਸ਼ ਕਰਨਾ ਦੋ ਵੱਖ-ਵੱਖ ਗੱਲਾਂ ਹਨ। ਦਿੱਲੀ ਦੇ ਜੰਤਰ-ਮੰਤਰ ਵਿਖੇ ਵਿਦਿਆਰਥੀਆਂ ਦੀ ਭਲਾਈ ਦੇ ਨਾਮ ਹੇਠ 'ਕਾਕਰੋਚ ਜਨਤਾ ਪਾਰਟੀ' ਵੱਲੋਂ ਕੀਤੇ ਗਏ ਧਰਨੇ ਨੇ ਇਹ ਬੁਨਿਆਦੀ ਸਵਾਲ ਖੜ੍ਹਾ ਕੀਤਾ ਕਿ ਕੀ ਕਿਸੇ ਵੀ ਅੰਦੋਲਨ ਨੂੰ ਕਾਨੂੰਨੀ ਹੱਦਾਂ ਤੋਂ ਬਾਹਰ ਜਾਣ ਦਾ ਅਧਿਕਾਰ ਹੈ?

ਇਜਾਜ਼ਤ ਜੰਤਰ-ਮੰਤਰ 'ਤੇ ਧਰਨਾ ਦੇਣ ਦੀ ਸੀ, ਸੰਸਦ ਦਾ ਘੇਰਾਓ ਕਰਨ ਦੀ ਨਹੀਂ। ਇਹ ਫ਼ਰਕ ਸਮਝਣਾ ਬਹੁਤ ਜ਼ਰੂਰੀ ਹੈ। ਲੋਕਤੰਤਰ ਵਿੱਚ ਹਰ ਪ੍ਰਦਰਸ਼ਨ ਲਈ ਨਿਰਧਾਰਿਤ ਸਥਾਨ ਅਤੇ ਕਾਨੂੰਨੀ ਦਾਇਰਾ ਹੁੰਦਾ ਹੈ। ਜਦੋਂ ਜੰਤਰ-ਮੰਤਰ 'ਤੇ ਹੋ ਰਿਹਾ ਧਰਨਾ ਮਨਮਰਜ਼ੀ ਨਾਲ ਉੱਚ-ਸੁਰੱਖਿਆ ਵਾਲੇ ਸੰਸਦ ਖੇਤਰ ਵੱਲ ਬਿਨਾਂ ਇਜਾਜ਼ਤ ਮਾਰਚ ਵਿੱਚ ਬਦਲ ਜਾਂਦਾ ਹੈ, ਤਾਂ ਉਹ ਸਿਰਫ਼ ਲੋਕਤੰਤਰੀ ਅਭਿਵਿਅਕਤੀ ਨਹੀਂ ਰਹਿੰਦਾ, ਸਗੋਂ ਜਨਤਕ ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਦਾ ਮਾਮਲਾ ਬਣ ਜਾਂਦਾ ਹੈ।

ਇਹ ਵੀ ਧਿਆਨ ਦੇਣ ਯੋਗ ਹੈ ਕਿ ਪ੍ਰਸ਼ਾਸਨ ਨੇ ਹਫ਼ਤਿਆਂ ਤੱਕ ਜੰਤਰ-ਮੰਤਰ 'ਤੇ ਸ਼ਾਂਤੀਪੂਰਨ ਧਰਨੇ ਦੀ ਪੂਰੀ ਸਹੂਲਤ ਦਿੱਤੀ। ਪ੍ਰਦਰਸ਼ਨਕਾਰੀਆਂ ਨੂੰ ਆਪਣੀ ਗੱਲ ਰੱਖਣ ਦਾ ਪੂਰਾ ਮੌਕਾ ਦਿਤਾ ਗਿਆ, ਪਰ ਕਾਨੂੰਨੀ ਹੱਦਾਂ ਨੂੰ ਪਾਰ ਕਰਕੇ ਸੰਸਦ ਵੱਲ ਵਧਣਾ ਕੋਈ ਆਮ ਘਟਨਾ ਨਹੀਂ ਮੰਨੀ ਜਾ ਸਕਦੀ। ਲੋਕਤੰਤਰ ਸ਼ਾਂਤੀਪੂਰਨ ਇਕੱਠ ਹੋਣ ਦਾ ਅਧਿਕਾਰ ਦਿੰਦਾ ਹੈ, ਪਰ ਇਹ ਕਿਸੇ ਨੂੰ ਬੈਰੀਕੇਡ ਤੋੜਨ ਜਾਂ ਸੁਰੱਖਿਆ ਘੇਰਿਆਂ ਦੀ ਉਲੰਘਣਾ ਕਰਨ ਦਾ ਅਧਿਕਾਰ ਨਹੀਂ ਦਿੰਦਾ। ਕਾਨੂੰਨ ਤੋਂ ਉੱਪਰ ਕੋਈ ਨਹੀਂ ਹੋ ਸਕਦਾ।

ਜਦੋਂ ਪ੍ਰਦਰਸ਼ਨਕਾਰੀਆਂ ਨੇ ਸੰਸਦ ਵੱਲ ਵਧਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਝੜਪਾਂ ਹੋਈਆਂ। ਇਨ੍ਹਾਂ ਵਿੱਚ ਜਿੱਥੇ ਕੁਝ ਪ੍ਰਦਰਸ਼ਨਕਾਰੀ ਜ਼ਖ਼ਮੀ ਹੋਏ, ਉੱਥੇ ਡਿਊਟੀ ਨਿਭਾ ਰਹੇ ਅਨੇਕਾਂ ਪੁਲਿਸ ਅਧਿਕਾਰੀ ਅਤੇ ਜਵਾਨ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ। ਇੱਕ ਸਿਹਤਮੰਦ ਲੋਕਤੰਤਰ ਵਿੱਚ ਹਰ ਜ਼ਖ਼ਮੀ ਪ੍ਰਤੀ ਸੰਵੇਦਨਾ ਹੋਣੀ ਚਾਹੀਦੀ ਹੈ—ਚਾਹੇ ਉਹ ਪ੍ਰਦਰਸ਼ਨਕਾਰੀ ਹੋਵੇ ਜਾਂ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਡਿਊਟੀ 'ਤੇ ਤਾਇਨਾਤ ਪੁਲਿਸ ਕਰਮਚਾਰੀ। ਕਿਸੇ ਵੀ ਅੰਦੋਲਨ ਦੀ ਸਫ਼ਲਤਾ ਦਾ ਮਾਪਦੰਡ ਟਕਰਾਅ ਨਹੀਂ, ਸਗੋਂ ਅਨੁਸ਼ਾਸਨ ਅਤੇ ਸ਼ਾਂਤੀ ਹੁੰਦਾ ਹੈ।

ਇਸ ਮਾਹੌਲ ਨੂੰ ਹੋਰ ਗੰਭੀਰ ਬਣਾਉਣ ਵਾਲੀ ਇੱਕ ਹੋਰ ਘਟਨਾ, ਜਿਸ ਵਿੱਚ ਪੰਜਾਬ ਪੁਲਿਸ ਨੇ ਖ਼ੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਜੰਤਰ-ਮੰਤਰ ਦੇ ਧਰਨੇ ਦੌਰਾਨ ਹਿੰਸਾ ਭੜਕਾਉਣ ਦੀ ਕਥਿਤ ਸਾਜ਼ਿਸ਼ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕੀਤਾ। ਪੁਲਿਸ ਅਨੁਸਾਰ ਪਾਕਿਸਤਾਨ ਦੀ ਆਈ.ਐੱਸ.ਆਈ. ਨਾਲ ਜੁੜੇ ਇੱਕ ਅੱਤਵਾਦੀ ਮੋਡੀਊਲ ਨਾਲ ਸੰਬੰਧਿਤ ਨੌਂ ਵਿਅਕਤੀਆਂ ਨੂੰ ਪੰਜਾਬ 'ਚ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਕੋਲੋਂ ਗੈਰ-ਕਾਨੂੰਨੀ ਹਥਿਆਰ, ਜ਼ਿੰਦਾ ਕਾਰਤੂਸ ਅਤੇ ਪੈਟਰੋਲ ਬੰਬ ਦੀ ਸਮਗਰੀ ਬਰਾਮਦ ਹੋਈ। ਜੇਕਰ ਅਜਿਹੇ ਦੋਸ਼ ਅਦਾਲਤੀ ਪ੍ਰਕਿਰਿਆ ਵਿੱਚ ਸਾਬਤ ਹੁੰਦੇ ਹਨ ਤਾਂ ਇਹ ਇਸ ਗੱਲ ਦੀ ਗੰਭੀਰ ਚੇਤਾਵਨੀ ਹੋਵੇਗੀ ਕਿ ਲੋਕਤੰਤਰੀ ਅੰਦੋਲਨਾਂ ਦੀ ਆੜ ਵਿੱਚ ਦੇਸ਼ ਵਿਰੋਧੀ ਤੱਤ ਵੀ ਆਪਣੇ ਮਨਸੂਬੇ ਪੂਰੇ ਕਰਨ ਦੀ ਕੋਸ਼ਿਸ਼ ਕਰ ਸਕਦੇ ਹਨ। ਇਸ ਲਈ ਹਰ ਜਾਇਜ਼ ਅੰਦੋਲਨ ਨੂੰ ਵੀ ਅਜਿਹੇ ਤੱਤਾਂ ਤੋਂ ਸਾਵਧਾਨ ਰਹਿਣਾ ਚਾਹੀਦਾ ਹੈ।

ਨੀਟ ਅੰਦੋਲਨ ਦੌਰਾਨ ਕੁਝ ਨੌਜਵਾਨਾਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਨ੍ਹਾਂ ਦੀ ਮਰਹੂਮ ਮਾਤਾ ਪ੍ਰਤੀ ਅਪਮਾਨਜਨਕ ਟਿੱਪਣੀਆਂ ਕੀਤੀਆਂ ਗਈਆਂ। ਇਸ ਦੇ ਬਾਵਜੂਦ ਪ੍ਰਧਾਨ ਮੰਤਰੀ ਵੱਲੋਂ ਗੁੱਸੇ ਜਾਂ ਬਦਲੇ ਦੀ ਭਾਵਨਾ ਦੀ ਥਾਂ ਮਾਫ਼ੀ ਅਤੇ ਮਾਰਗ ਦਰਸ਼ਨ ਦਾ ਸੰਦੇਸ਼ ਦੇਣਾ ਰਾਜਨੀਤਿਕ ਸੰਵਾਦ ਦੇ ਇੱਕ ਵੱਖਰੇ ਪੱਖ ਨੂੰ ਸਾਹਮਣੇ ਲਿਆਉਂਦਾ ਹੈ। ਉਨ੍ਹਾਂ ਦਾ ਇਹ ਕਹਿਣਾ ਕਿ ਗੁਮਰਾਹ ਹੋਏ ਨੌਜਵਾਨਾਂ ਨੂੰ ਸਜ਼ਾ ਦੇਣ ਦੀ ਬਜਾਏ ਸਹੀ ਦਿਸ਼ਾ ਦਿਖਾਉਣੀ ਚਾਹੀਦੀ ਹੈ, ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਲੋਕਤੰਤਰ ਵਿੱਚ ਅਸਹਿਮਤੀ ਦਾ ਜਵਾਬ ਸਿਰਫ਼ ਦੰਡ ਨਹੀਂ, ਸਗੋਂ ਸੰਵਾਦ ਅਤੇ ਸਮਾਜਿਕ ਜ਼ਿੰਮੇਵਾਰੀ ਵੀ ਹੋ ਸਕਦੀ ਹੈ। ਇਸ ਦੇ ਨਾਲ ਹੀ ਇਹ ਉਮੀਦ ਵੀ ਕੀਤੀ ਜਾਂਦੀ ਹੈ ਕਿ ਜਨਤਕ ਜੀਵਨ ਵਿੱਚ ਅਸਹਿਮਤੀ ਪ੍ਰਗਟ ਕਰਦੇ ਸਮੇਂ ਸ਼ਾਲੀਨਤਾ ਅਤੇ ਮਰਿਆਦਾ ਦੀ ਪਾਲਣਾ ਹੋਵੇ।

ਇਸ ਪੂਰੇ ਮਾਮਲੇ ਵਿੱਚ ਵਿਰੋਧੀ ਰਾਜਨੀਤੀ ਦਾ ਰਵੱਈਆ ਵੀ ਵਿਚਾਰਯੋਗ ਹੈ। ਆਮ ਆਦਮੀ ਪਾਰਟੀ ਦੇ ਆਗੂ ਅਰਵਿੰਦ ਕੇਜਰੀਵਾਲ ਅਤੇ ਕਾਂਗਰਸ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਇਸ ਅੰਦੋਲਨ ਨੂੰ ਦਿੱਤੇ ਸਮਰਥਨ ਨੇ ਇੱਕ ਵੱਡੀ ਬਹਿਸ ਨੂੰ ਜਨਮ ਦਿੱਤਾ। ਵਿਰੋਧੀ ਧਿਰ ਦਾ ਧਰਮ ਸਰਕਾਰ ਤੋਂ ਜਵਾਬ ਮੰਗਣਾ ਹੈ, ਪਰ ਉਸੇ ਸਮੇਂ ਇਹ ਸੰਦੇਸ਼ ਦੇਣਾ ਵੀ ਉਤਨਾ ਹੀ ਜ਼ਰੂਰੀ ਹੈ ਕਿ ਸੰਘਰਸ਼ ਸੰਵਿਧਾਨ ਅਤੇ ਕਾਨੂੰਨ ਦੀਆਂ ਹੱਦਾਂ ਦੇ ਅੰਦਰ ਹੀ ਹੋਣਾ ਚਾਹੀਦਾ ਹੈ। ਰਾਜਨੀਤਿਕ ਲਾਭ ਲਈ ਅਜਿਹੇ ਕਦਮਾਂ ਦਾ ਸਮਰਥਨ, ਜਿਨ੍ਹਾਂ 'ਤੇ ਕਾਨੂੰਨੀ ਅਤੇ ਸੁਰੱਖਿਆ ਸੰਬੰਧੀ ਸਵਾਲ ਉੱਠ ਰਹੇ ਹੋਣ, ਲੋਕਤੰਤਰੀ ਸੰਸਥਾਵਾਂ ਲਈ ਚਿੰਤਾ ਦਾ ਵਿਸ਼ਾ ਬਣ ਸਕਦਾ ਹੈ।

ਨੀਟ ਪੇਪਰ ਲੀਕ ਦੇ ਵਿਵਾਦ ਨੇ ਸਿਰਫ਼ ਪ੍ਰੀਖਿਆ ਪ੍ਰਣਾਲੀ ਦੀਆਂ ਕਮਜ਼ੋਰੀਆਂ ਹੀ ਸਾਹਮਣੇ ਨਹੀਂ ਲਿਆਂਦੀਆਂ, ਸਗੋਂ ਰਾਜਨੀਤਿਕ ਦਲਾਂ ਦੀਆਂ ਤਰਜੀਹਾਂ 'ਤੇ ਵੀ ਸਵਾਲ ਖੜ੍ਹੇ ਕੀਤੇ। ਇਸੇ ਪ੍ਰਸੰਗ ਵਿੱਚ ਸੰਸਦ ਵਿੱਚ ਪਬਲਿਕ ਪ੍ਰੀਖਿਆ (ਸੋਧ) ਬਿੱਲ—ਪੇਪਰ ਲੀਕ ਵਿਰੋਧੀ ਕਾਨੂੰਨ—'ਤੇ ਚਰਚਾ ਅਤੇ ਉਸ ਦੀ ਮਨਜ਼ੂਰੀ ਦੌਰਾਨ ਕਾਂਗਰਸ ਅਤੇ ਹੋਰ ਵਿਰੋਧੀ ਧਿਰਾਂ ਵੱਲੋਂ ਵਾਕਆਊਟ ਕਰਨ ਦੀ ਘਟਨਾ ਨੇ ਵੀ ਇੱਕ ਵੱਖਰੀ ਬਹਿਸ ਨੂੰ ਜਨਮ ਦਿੱਤਾ। ਜਦੋਂ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜੇ ਮੁੱਦੇ 'ਤੇ ਸੰਸਦ ਕਾਨੂੰਨੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੋਵੇ, ਉਸ ਵੇਲੇ ਚਰਚਾ ਵਿੱਚ ਹਿੱਸਾ ਲੈਣ ਦੀ ਥਾਂ ਸਦਨ ਛੱਡਣਾ ਰਾਜਨੀਤਿਕ ਤੌਰ 'ਤੇ ਅਜਿਹਾ ਸੰਦੇਸ਼ ਦਿੰਦਾ ਹੈ ਜਿਸ 'ਤੇ ਜਨਤਾ ਨੂੰ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਜੇ ਕਿਸੇ ਕਾਨੂੰਨ ਵਿੱਚ ਕਮੀਆਂ ਸਨ ਤਾਂ ਉਨ੍ਹਾਂ ਨੂੰ ਸੰਸਦ ਦੇ ਅੰਦਰ ਤੱਥਾਂ ਅਤੇ ਦਲੀਲਾਂ ਨਾਲ ਉਜਾਗਰ ਕੀਤਾ ਜਾ ਸਕਦਾ ਸੀ। ਲੋਕਤੰਤਰ ਵਿੱਚ ਅਸਹਿਮਤੀ ਦਾ ਸਭ ਤੋਂ ਪ੍ਰਭਾਵਸ਼ਾਲੀ ਮੰਚ ਸੰਸਦ ਹੈ, ਨਾ ਕਿ ਉਸ ਤੋਂ ਦੂਰੀ ਬਣਾਉਣਾ। ਇਹ ਰਵੱਈਆ ਵਿਰੋਧੀ ਧਿਰ ਦੀ ਸੰਜੀਦਗੀ ਅਤੇ ਜ਼ਿੰਮੇਵਾਰੀ ਬਾਰੇ ਵੀ ਸਵਾਲ ਖੜ੍ਹੇ ਕਰਦਾ ਹੈ।

ਜੰਤਰ-ਮੰਤਰ ਵਿਖੇ ਹੋਏ ਧਰਨਿਆਂ ਅਤੇ ਪ੍ਰਦਰਸ਼ਨਾਂ ਦੇ ਸੰਦਰਭ ਵਿੱਚ ਇਹ ਦਾਅਵਾ ਵੀ ਕੀਤਾ ਜਾ ਰਿਹਾ ਹੈ ਕਿ ਕੁਝ ਸੰਗਠਨਾਂ ਦੀ ਚਿੰਤਾ ਵਿਦੇਸ਼ੀ ਯੋਗਦਾਨ (ਰੈਗੂਲੇਸ਼ਨ) ਸੋਧ ਬਿੱਲ, 2026 (FCRA Amendment Bill, 2026) ਦੇ ਸੰਭਾਵਿਤ ਪ੍ਰਭਾਵਾਂ ਨਾਲ ਜੁੜੀ ਹੋਈ ਹੈ। ਇਸ ਬਿੱਲ ਦਾ ਉਦੇਸ਼ ਸਰਕਾਰ ਦੇ ਅਨੁਸਾਰ ਵਿਦੇਸ਼ੀ ਫੰਡਾਂ ਦੀ ਵਰਤੋਂ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਵਿਦੇਸ਼ੀ ਫੰਡਾਂ ਦੀ ਨਿਗਰਾਨੀ ਨੂੰ ਹੋਰ ਸਖ਼ਤ ਬਣਾਉਂਦਿਆਂ ਰਾਸ਼ਟਰੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨਾ ਹੈ। ਜਿਸ ਨਾਲ ਕੁਝ ਸਮਾਜਿਕ ਅਤੇ ਗੈਰ-ਸਰਕਾਰੀ ਸੰਗਠਨਾਂ ਦਾ ਮੰਨਣਾ ਹੈ ਕਿ ਇਹ ਸੋਧਾਂ ਉਨ੍ਹਾਂ ਦੀ ਕਾਰਜ-ਪ੍ਰਣਾਲੀ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਇਸ ਲਈ ਜੰਤਰ-ਮੰਤਰ ਵਿਖੇ ਹੋਏ ਪ੍ਰਦਰਸ਼ਨਾਂ ਨੂੰ ਸਿਰਫ਼ ਇੱਕ ਹੀ ਮੁੱਦੇ ਨਾਲ ਜੋੜਨਾ ਠੀਕ ਨਹੀਂ ਹੋਵੇਗਾ। ਹਾਲਾਂਕਿ ਕਈ ਰਿਪੋਰਟਾਂ ਅਤੇ ਰਾਜਨੀਤਿਕ ਟਿੱਪਣੀਆਂ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ FCRA ਸੋਧ ਬਿੱਲ ਨੂੰ ਲੈ ਕੇ ਚਿੰਤਾਵਾਂ ਵੀ ਉਨ੍ਹਾਂ ਪ੍ਰਦਰਸ਼ਨਾਂ ਦੇ ਕਾਰਕਾਂ ਵਿੱਚੋਂ ਇੱਕ ਸਨ।

ਭਾਰਤ ਦਾ ਇਤਿਹਾਸ ਦੱਸਦਾ ਹੈ ਕਿ ਸਭ ਤੋਂ ਪ੍ਰਭਾਵਸ਼ਾਲੀ ਅੰਦੋਲਨ ਉਹ ਰਹੇ ਹਨ ਜਿਨ੍ਹਾਂ ਨੇ ਨੈਤਿਕਤਾ, ਅਨੁਸ਼ਾਸਨ ਅਤੇ ਅਹਿੰਸਾ ਨੂੰ ਆਪਣਾ ਆਧਾਰ ਬਣਾਇਆ। ਮਹਾਤਮਾ ਗਾਂਧੀ ਦੇ ਸੱਤਿਆਗ੍ਰਹਿ ਦੀ ਤਾਕਤ ਭੀੜ ਨਹੀਂ, ਸਗੋਂ ਨੈਤਿਕ ਬਲ ਸੀ। ਅੱਜ ਦੇ ਅੰਦੋਲਨਾਂ ਲਈ ਵੀ ਇਹੀ ਕਸੌਟੀ ਹੋਣੀ ਚਾਹੀਦੀ ਹੈ।

ਸੰਸਦ ਕਿਸੇ ਇੱਕ ਸਰਕਾਰ ਜਾਂ ਰਾਜਨੀਤਿਕ ਪਾਰਟੀ ਦੀ ਨਹੀਂ, ਸਗੋਂ ਭਾਰਤ ਦੇ ਲੋਕਾਂ ਦੀ ਸਰਵਉੱਚ ਲੋਕਤੰਤਰੀ ਸੰਸਥਾ ਹੈ। ਇਸ ਦੀ ਮਰਿਆਦਾ, ਸੁਰੱਖਿਆ ਅਤੇ ਸੰਵਿਧਾਨਕ ਪਵਿੱਤਰਤਾ ਦੀ ਰੱਖਿਆ ਕਰਨਾ ਹਰ ਰਾਜਨੀਤਿਕ ਦਲ, ਹਰ ਅੰਦੋਲਨ ਅਤੇ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਅਸੀਂ ਲੋਕਤੰਤਰ ਅਤੇ ਭੀੜਤੰਤਰ ਵਿਚਕਾਰ ਦੀ ਰੇਖਾ ਨੂੰ ਧੁੰਦਲਾ ਨਾ ਹੋਣ ਦੇਈਏ। ਅਸਹਿਮਤੀ ਲੋਕਤੰਤਰ ਦੀ ਆਤਮਾ ਹੈ, ਪਰ ਕਾਨੂੰਨ ਉਸ ਦੀ ਰੀੜ੍ਹ ਦੀ ਹੱਡੀ ਹੈ। ਜਦੋਂ ਅਧਿਕਾਰ ਅਤੇ ਫ਼ਰਜ਼ ਇਕੱਠੇ ਚੱਲਦੇ ਹਨ, ਤਦ ਹੀ ਲੋਕਤੰਤਰ ਮਜ਼ਬੂਤ ਹੁੰਦਾ ਹੈ। ਜੇ ਅਸੀਂ ਸੱਚਮੁੱਚ ਨੌਜਵਾਨਾਂ ਦੇ ਭਵਿੱਖ, ਸੰਵਿਧਾਨ ਦੀ ਮਰਿਆਦਾ ਅਤੇ ਰਾਸ਼ਟਰ ਦੀ ਸੁਰੱਖਿਆ ਨੂੰ ਸਰਵੋਪਰੀ ਮੰਨਦੇ ਹਾਂ, ਤਾਂ ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਹਰ ਅੰਦੋਲਨ ਕਾਨੂੰਨ ਦੀਆਂ ਹੱਦਾਂ ਦੇ ਅੰਦਰ ਰਹਿ ਕੇ ਹੀ ਆਪਣੀ ਗੱਲ ਕਹੇ। ਇਹੀ ਇੱਕ ਪਰਿਪੱਕ ਲੋਕਤੰਤਰ ਅਤੇ ਮਜ਼ਬੂਤ ਰਾਸ਼ਟਰ ਦੀ ਪਹਿਚਾਣ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ, 9781355522**

## ਹਾਦਸੇ 'ਚ ਮਰੇ ਨੌਜਵਾਨ ਦੀ ਲਾਸ਼ ਚੌਂਕ 'ਚ ਰੱਖ ਕੇ ਲਾਇਆ ਧਰਨਾ, ਪੁਲਿਸ 'ਤੇ ਕਾਰਵਾਈ ਨਾ ਕਰਨ ਦੇ ਦੋਸ਼





**ਤਲਵੰਡੀ ਸਾਬੋ, 6 ਅਗਸਤ (ਗੁਰਜੰਟ ਸਿੰਘ ਨਥੇਹਾ)**- 04 ਅਗਸਤ ਦੀ ਸ਼ਾਮ ਨੂੰ ਕਾਰ ਅਤੇ ਮੋਟਰਸਾਈਕਲ ਦੀ ਹੋਈ ਟੱਕਰ ਵਿੱਚ ਪਿੰਡ ਮਲਕਾਣਾ ਦੇ 29 ਸਾਲਾ ਨੌਜਵਾਨ ਜਗਦੀਪ ਸਿੰਘ ਦੀ ਮੌਤ ਹੋ ਜਾਣ ਦੇ ਮਾਮਲੇ ਵਿੱਚ ਰਾਮਾਂ ਮੰਡੀ ਪੁਲਿਸ ਵੱਲੋਂ ਕਥਿਤ ਤੌਰ 'ਤੇ ਕੋਈ ਠੋਸ ਕਾਰਵਾਈ ਨਾ ਕੀਤੇ ਜਾਣ ਦੇ ਦੋਸ਼ ਲਗਾਉਂਦਿਆਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਮਲਕਾਣਾ ਦੇ ਵੱਡੀ ਗਿਣਤੀ ਵਾਸੀਆਂ ਨੇ ਬੁੱਧਵਾਰ ਨੂੰ ਤਲਵੰਡੀ ਸਾਬੋ ਦੇ ਨਿਸ਼ਾਨ-ਏ-ਖਾਲਸਾ ਚੌਂਕ ਵਿੱਚ ਮ੍ਰਿਤਕ ਦੀ ਦੇਹ ਰੱਖ ਕੇ ਧਰਨਾ ਸ਼ੁਰੂ ਕਰ ਦਿੱਤਾ। ਧਰਨਾਕਾਰੀਆਂ ਨੇ ਦੋਸ਼ ਲਾਇਆ ਕਿ ਹਾਦਸੇ ਨੂੰ ਦੋ ਦਿਨ ਬੀਤ ਜਾਣ ਦੇ ਬਾਵਜੂਦ ਪੁਲਿਸ ਵੱਲੋਂ ਕਥਿਤ ਦੋਸ਼ੀ ਕਾਰ ਚਾਲਕਾਂ ਖ਼ਿਲਾਫ਼ ਕੋਈ ਪ੍ਰਭਾਵਸ਼ਾਲੀ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਦੋਸ਼ੀ ਕਾਰ ਚਾਲਕਾਂ ਨੂੰ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਕਾਰਵਾਈ ਨਹੀਂ ਕੀਤੀ ਜਾਂਦੀ, ਉਦੋਂ ਤੱਕ ਮ੍ਰਿਤਕ ਨੌਜਵਾਨ ਦਾ ਅੰਤਿਮ ਸੰਸਕਾਰ ਨਹੀਂ ਕੀਤਾ ਜਾਵੇਗਾ ਅਤੇ ਧਰਨਾ ਜਾਰੀ ਰਹੇਗਾ। ਧਰਨੇ ਕਾਰਨ ਨਿਸ਼ਾਨ-ਏ-ਖਾਲਸਾ ਚੌਂਕ 'ਤੇ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਮੌਕੇ 'ਤੇ ਪੁਲਿਸ ਅਧਿਕਾਰੀ ਅਤੇ ਪ੍ਰਸ਼ਾਸਨਿਕ ਅਧਿਕਾਰੀ ਵੀ ਪਹੁੰਚੇ ਅਤੇ ਧਰਨਾਕਾਰੀਆਂ ਨਾਲ ਗੱਲਬਾਤ ਕਰਕੇ ਮਾਮਲਾ ਸੁਲਝਾਉਣ ਦੀ ਕੋਸ਼ਿਸ਼ ਕਰਦੇ ਰਹੇ। ਖ਼ਬਰ ਲਿਖੇ ਜਾਣ ਤੱਕ ਧਰਨਾ ਜਾਰੀ ਸੀ ਅਤੇ ਕਿਸੇ ਅੰਤਿਮ ਸਹਿਮਤੀ ਦੀ ਸੂਚਨਾ ਨਹੀਂ ਮਿਲੀ।

## ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਪਿੰਡ ਕਾਂਝਲਾ ਤੋਂ ਪੰਜਵੀਂ ਬੱਸ ਰਵਾਨਾ ਕੀਤੀ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਅੱਜ ਪਿੰਡ ਕਾਂਝਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਸ਼ਰਧਾਲੂਆਂ ਦਾ ਪੰਜਵਾਂ ਜੱਥਾ ਬੱਸ ਰਾਹੀਂ ਧਾਰਮਿਕ ਯਾਤਰਾ ਲਈ ਜੈਕਾਰੇ ਲਗਾਉਂਦਾ ਹੋਇਆ ਰਵਾਨਾ ਕੀਤਾ ਗਿਆ। ਇਸ ਮੌਕੇ ਜੱਥੇ ਨੂੰ ਹਰੀ ਝੰਡੀ ਦੇਣ ਲਈ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ,ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਕਾਂਝਲਾ ਅਤੇ ਆਪ ਆਗੂ ਗੁਰਜੀਤ ਸਿੰਘ ਕਾਂਝਲਾ ਵਿਸ਼ੇਸ਼ ਤੌਰ 'ਤੇ ਪਹੁੰਚੇ । ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ ਪ੍ਰਸ਼ਾਸਨ ਚਲਾਉਣਾ ਨਹੀਂ, ਸਗੋਂ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣਾ ਹੈ। ਉਹਨਾਂ ਕਿਹਾ ਕਿ ਸਿਆਸਤ ਵਾਅਦਿਆਂ ਨਾਲ ਨਹੀਂ, ਕੰਮਾਂ ਨਾਲ ਪਰਵਾਣ ਚੜਦੀ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਤਰੱਕੀ, ਪਾਰਦਰਸ਼ਤਾ ਅਤੇ ਲੋਕ ਭਲਾਈ ਦੇ ਰਾਹ ਤੇ ਮਜ਼ਬੂਤੀ ਨਾਲ ਅੱਗੇ ਵੱਧ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਇੱਕ ਵੱਡਾ ਉਪਹਾਰ ਹੈ। ਇਸ ਯੋਜਨਾ ਰਾਹੀਂ ਆਮ ਪਰਿਵਾਰਾਂ ਨੂੰ ਦੇਸ਼ ਦੇ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ, ਜਿਸ ਨਾਲ ਉਹਨਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸਨਮਾਨ ਮਿਲਦਾ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲ ਯੂਨੀਵਰਸਿਟੀ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਮੌਕੇ

# ਰੂਹਾਨੀ ਕੀਰਤਨ ਅਤੇ ਅਰਦਾਸ ਸਮਾਗਮ ਆਯੋਜਿਤ





**ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)**- ਅਕਾਦਮਿਕ, ਨੈਤਿਕ ਅਤੇ ਸਮਾਜਿਕ ਖੇਤਰ ਵਿੱਚ ਆਪਣੀਆਂ ਖ਼ਾਸ ਪ੍ਰਾਪਤੀਆਂ ਸਦਕਾ ਮਾਲਵਾ ਖੇਤਰ ਦੀ ਨਾਮਵਰ ਵਿਦਿਅਕ ਸੰਸਥਾ ਵੱਜੋਂ ਪਛਾਣ ਬਣਾ ਚੁੱਕੀ ਅਕਾਲ ਯੂਨੀਵਰਸਿਟੀ ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਬਹੁਤ ਹੀ ਉਤਸ਼ਾਹ ਅਤੇ ਸ਼ਰਧਾ ਭਾਵਨਾ ਨਾਲ ਕੀਤੀ ਗਈ। ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਮਿਸ਼ਨ ਨੂੰ ਮੁੱਖ ਰੱਖਦਿਆਂ ਯੂਨੀਵਰਸਿਟੀ ਕੈਂਪਸ ਵਿੱਚ ਇੱਕ ਵਿਸ਼ੇਸ਼ ਰੂਹਾਨੀ ਕੀਰਤਨ ਅਤੇ ਅਰਦਾਸ ਸਮਾਗਮ ਦਾ ਆਯੋਜਨ ਕੀਤਾ ਗਿਆ। ਨਵੇਂ ਅਕਾਦਮਿਕ ਵਰ੍ਹੇ ਦੀ ਸਫਲ ਸ਼ੁਰੂਆਤ ਲਈ ਪਿਛਲੇ ਦੋ ਦਿਨਾਂ ਤੋਂ ਜਾਰੀ ਸ੍ਰੀ ਅਖੰਡ ਪਾਠ ਸਾਹਿਬ ਦੇ ਅੱਜ ਪੂਰਨ ਸ਼ਰਧਾ ਨਾਲ ਭੋਗ ਪਾਏ ਗਏ। ਇਸ ਮੌਕੇ ਆਯੋਜਿਤ ਗੁਰਮਤਿ ਸਮਾਗਮ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਅਕਾਲ ਪੁਰਖ ਅੱਗੇ ਨਵੇਂ ਸੈਸ਼ਨ ਦੀ ਸਫਲਤਾ ਅਤੇ ਵਿੱਦਿਆ ਦਾ ਦਾਨ ਗ੍ਰਹਿਣ ਕਰਨ ਲਈ ਅਰਦਾਸ ਕਰਦਿਆਂ ਉਤਸ਼ਾਹ ਨਾਲ ਹਿੱਸਾ ਲਿਆ। ਸਮਾਗਮ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਜਿੱਥੇ ਮਨੋਹਰ ਸ਼ਬਦ ਕੀਰਤਨ ਕੀਤਾ, ਉੱਥੇ ਕਵਿਤਾ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਵੀ ਸਾਂਝੀਆਂ ਕੀਤੀਆਂ। ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਮੰਚ ਤੋਂ ਗੁਰਮਤਿ ਉਪਦੇਸ਼ਾਂ ਵਾਲੀਆਂ ਪ੍ਰੇਰਨਾਦਾਇਕ ਪੇਸ਼ਕਾਰੀਆਂ ਕੀਤੀਆਂ ਅਤੇ ਹਾਜ਼ਰੀਨ ਨੇ ਬੜੀ ਸ਼ਰਧਾ ਨਾਲ ਗੁਰ-ਦਰਬਾਰ ਵਿੱਚ ਕੀਰਤਨ ਦਾ ਆਨੰਦ ਮਾਣਿਆ। ਉਪਰੰਤ ਯੂਨੀਵਰਸਿਟੀ ਦੇ ਮਾਣਯੋਗ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀਆਂ ਮੁਬਾਰਕਬਾਦ ਦਿੰਦਿਆਂ ਯੂਨੀਵਰਸਿਟੀ ਦੇ ਮਿਸ਼ਨ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਸਫਲ ਹੋਣ ਲਈ ਆਪਣੇ ਭਵਿੱਖ ਦੀ ਸੁਚੱਜੀ ਯੋਜਨਾਬੰਦੀ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗੁਰੂ ਕਾਸ਼ੀ ਦੇ ਸੰਕਲਪ ਅਤੇ ਸੰਤ ਬਾਬਾ ਅਤਰ ਸਿੰਘ ਜੀ ਦੇ ਜੀਵਨ ਦਰਸ਼ਨ ਬਾਰੇ ਚਰਚਾ ਕਰਦਿਆਂ ਗੁਰਮਤਿ ਵਿੱਚ ਨਾਮ ਦੇ ਮਹੱਤਵ ਵਾਲੀ ਸਾਖੀ ਸਾਂਝੀ ਕਰਕੇ ਇੱਕ ਰੋਚਕ ਸੰਵਾਦ ਰਚਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਵੱਡੀਆਂ ਪ੍ਰਾਪਤੀਆਂ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦੀਆਂ ਉਦਾਹਰਨਾਂ ਦਿੰਦਿਆਂ ਨਵੇਂ ਵਿਦਿਆਰਥੀਆਂ ਨੂੰ ਭਵਿੱਖ ਦੇ ਸੰਘਰਸ਼ਾਂ ਲਈ ਮਾਨਸਿਕ ਤੌਰ 'ਤੇ ਤਿਆਰ ਕੀਤਾ। ਇਸ ਤੋਂ ਇਲਾਵਾ ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਵੀ ਵਿਦਿਆਰਥੀਆਂ ਦੇ ਰੂਬਰੂ ਹੋਏ ਅਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਆਪਣੇ ਟੀਚੇ ਤੱਕ ਪਹੁੰਚਣ ਲਈ ਰਸਤੇ ਦੇ ਮੁੱਖ ਚਰਨਾਂ ਜਿਵੇਂ ਸਮਰੱਥਾ, ਕਿਰਿਆ ਜਾਂ ਕਰਮ ਅਤੇ ਨਿਰੰਤਰਤਾ ਆਦਿ ਦਾ ਮਹੱਤਵ ਦੱਸਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਫਲਤਾ ਲਈ ਗੁਰਮਤਿ ਦੇ ਉੱਚੇ-ਸੁੱਚੇ ਸਿਧਾਂਤਾਂ ਨਾਲ ਜੁੜ ਕੇ ਹਰ ਕਦਮ ਪੁੱਟਣ ਦੀ ਪ੍ਰੇਰਨਾ ਦਿੱਤੀ। ਇਸ ਪੂਰੇ ਸਮਾਗਮ ਦਾ ਮੰਚ ਸੰਚਾਲਨ ਵਿਦਿਆਰਥੀਆਂ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ। ਧੰਨਵਾਦ ਦੀ ਰਸਮ ਗਣਿਤ ਵਿਭਾਗ ਦੀ ਮੁੱਖੀ ਡਾ. ਸੁਖਪ੍ਰੀਤ ਕੌਰ ਨੇ ਅਦਾ ਕੀਤੀ। ਇਸ ਮੌਕੇ ਯੂਨੀਵਰਸਿਟੀ ਪ੍ਰਬੰਧਕਾਂ ਸਮੇਤ ਸਾਰੇ ਵਿਭਾਗਾਂ ਦੇ ਅਧਿਆਪਕ ਅਤੇ ਵਿਦਿਆਰਥੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਨਤਮਸਤਕ ਹੋਏ।



ਆਵਾਜ਼ਿ ਕੌਮ AWAZE QAUM International Newspaper & WEB TV

### ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਚੂੰਗ ਦੇ ਖਿਡਾਰੀਆਂ ਨੇ ਕਰਾਟੇ ਦੀ ਟੀਮ ਨੇ ਇਤਿਹਾਸ ਸਿਰਜਿਆ : ਡਾਇਰੈਕਟਰ ਤੇਜਬੀਰ ਸਿੰਘ ਸੋਹਲ

# ਟੀਮ ਨੇ 17 ਗੋਲ੍ਡ ਮੈਡਲ ਅਤੇ 3 ਸਿਲਵਰ ਮੈਡਲ ਜਿੱਤੇ



**ਚੌਕ ਮਹਿਤਾ, 6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀਆਂ ਨਾਮਵਰ ਵਿਦਿਅਕ ਸੰਸਥਾਵਾਂ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਚੁੰਗ (ਸੀ ਬੀ ਐਸ ਈ) ਦੀ ਕਰਾਟੇ ਦੀ ਟੀਮ ਅਤੇ ਬੈਡਮਿੰਟਨ ਦੀ ਟੀਮ ਨੇ ਜੋਨਲ ਪੱਧਰੀ ਟੂਰਨਾਮੈਂਟ ਵਿੱਚ ਇਤਿਹਾਸ ਸਿਰਜਿਆ ਹੈ। ਸਕੂਲ ਦੇ ਵਿਦਿਆਰਥੀਆਂ ਨੇ 17 ਗੋਲਡ ਅਤੇ 3 ਸਿਲਵਰ ਮੈਡਲ ਜਿੱਤ ਲਏ। ਅੰਡਰ 14 ਟੀਮ ਵਿਚ ਅਮਨਜੋਤ ਕੌਰ, ਸਹਿਜਪ੍ਰੀਤ ਕੌਰ, ਕਿਰਨਦੀਪ ਕੌਰ, ਲਵਲੀਨ ਕੌਰ, ਨਵਦੀਪ ਕੌਰ, ਮਨਜੋਤ ਕੌਰ, ਮਨਵੀਰ ਸਿੰਘ, ਬ੍ਰਹਮਜੋਤ ਸਿੰਘ, ਦਨਿਸ਼ਦੀਪ ਸਿੰਘ ਰਾਜਵੀਰ ਸਿੰਘ, ਹਰਜੋਤ ਸਿੰਘ, ਗੁਰਲਾਲਪ੍ਰੀਤ ਸਿੰਘ, ਹਰਸਿਮਰਨਜੋਤ ਸਿੰਘ, ਦਿਲਜਨਪ੍ਰੀਤ ਸਿੰਘ, ਅਰਮਾਨਦੀਪ ਸਿੰਘ ਨੇ ਗੋਲਡ ਅਤੇ ਹਰਪ੍ਰੀਤ ਸਿੰਘ, ਗੁਰਸ਼ਾਨ ਸਿੰਘ ਅਤੇ ਅਰਮਾਨਦੀਪ ਸਿੰਘ ਨੇ ਸਿਲਵਰ ਮੈਡਲ ਪ੍ਰਾਪਤ ਕੀਤੇ। ਜਦਕਿ ਅੰਡਰ 19 ਮੈਚਾਂ ਵਿੱਚ ਰਣਜੋਤਪ੍ਰੀਤ ਕੌਰ ਅਤੇ ਸ਼ਮਸ਼ੇਰਵੀਰ ਸਿੰਘ ਨੇ ਗੋਲਡ ਮੈਡਲ ਪ੍ਰਪਾਤ ਕੀਤੇ। ਇਸੇ ਤਰ੍ਹਾਂ ਹੀ ਬੈਡਮਿੰਟਨ ਦੀ ਟੀਮ ਵਿਚ ਅੰਡਰ 14 ਮੈਚਾਂ ਵਿੱਚ ਪ੍ਰਭਜੋਤ ਕੌਰ ਨੇ ਤੀਸਰਾ ਅਤੇ ਅੰਡਰ 19 ਮੈਚਾਂ ਵਿੱਚ ਏਕਮਨੂਰ ਕੌਰ ਨੇ ਦੂਸਰਾ ਸਥਾਨ ਹਾਸਿਲ ਕੀਤਾ ਹੈ। ਚੇਅਰਮੈਨ ਰਘਬੀਰ ਸਿੰਘ ਸੋਹਲ ਅਤੇ ਚੀਫ਼ ਐਗਜ਼ੀਕਿਊਟਿਵ ਤੇਜਬੀਰ ਸਿੰਘ ਸੋਹਲ ਨੇ ਇਹਨਾਂ ਸਾਰੇ ਵਿਦਿਆਰਥੀਆਂ ਨੂੰ ਅਤੇ ਇਹਨਾਂ ਨੂੰ ਟ੍ਰੇਨਿੰਗ ਦੇ ਰਹੇ ਕੋਚ ਯੋਗੇਸ਼ ਕੁਮਾਰ ਨੂੰ ਵਧਾਈ ਦਿੱਤੀ। ਇਸ ਮੌਕੇ ਡਾਇਰੈਕਟਰ ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ( ਸੀ ਬੀ ਐਸ ਈ), ਪ੍ਰਿੰਸੀਪਲ ਮੰਤੇਸ਼ ਕੁਮਾਰ (ਪੀ ਐੱਸ ਈ ਬੀ), ਕੁਲਬੀਰ ਕੌਰ, ਕੋਚ ਜਤਿੰਦਰ ਸਿੰਘ ਖੱਬੇ ਰਾਜਪੂਤਾਂ ਅਤੇ ਹੋਰ ਅਧਿਆਪਕ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਧੂਰੀ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੱਚਿਆਂ ਨੂੰ ਬੈਗ ਵੰਡੇ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਵਿੱਚ ਪੈਂਦੇ ਧੂਰੀ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਮਾਨ ਸਰਕਾਰ ਵੱਲੋਂਭੇਜੇ ਗਏ ਬੈਗ ਵੰਡਣ ਦੀ ਰਸਮ ਹਰਜਿੰਦਰ ਸਿੰਘਕਾਂਜਲਾ ਮੈਂਬਰ ਜ਼ਿਲ੍ਹਾ ਪ੍ਰੀਸਦ ਡਾਇਰੈਕਟਰ ਬੇਰਕਾ ਮੈਲਕ ਪਲਾਂਟ ਸੰਗਰੂਰ ਬਲਾਕ ਪ੍ਰਧਾਨ ਗੁਰਚਰਨ ਸਿੰਘ ਕਾਲਾ ਬੇਨੜਾ ਅਤੇ ਵਪਾਰ ਮੰਡਲ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਐਮਸੀ ਨੇ ਕੀਤੀ ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਉੱਗੇ ਸਮਾਜਸੇਵੀ ਹਰਜਿੰਦਰ ਸਿੰਘ ਕਾਂਝਲਾਅਤੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਐਮਸੀ ਨੇ ਕਿਹਾ ਕਿ ਜਿਸ ਤਰਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਿੱਖਿਆ ਕ੍ਰਾਂਤੀ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਲੱਗੇ ਹੋਏ ਹਨ, ਬੱਚਿਆਂ ਨੂੰ ਵੀ ਚਾਹੀਦਾ ਹੈ ਕਿ ਬੱਚੇ ਵੀ ਚੰਗੀਆਂ ਪੁਜੀਸ਼ਨਾਂ ਲੈ ਕੇ ਆਪਣੇ ਮਾਤਾ ਪਿਤਾ ਅਤੇ ਅਧਿਆਪਕਾਂ ਦਾ ਨਾਮ ਉੱਚਾ ਕਰਨ। ਇਸ ਮੌਕੇ ਪ੍ਰਿੰਸੀਪਲ ਨੀਲਮ ਸਰਮਾ ਨੇ ਕਿਹਾ ਕਿ ਅੰਡਰ 14,17,19 ਮੁੰਡੇ ਕੁੜੀਆ ਨੈਟ ਬੋਲ ਫਸਟ,ਕਬੱਡੀ 14,17,19ਫਸਟ, ਕ੍ਰਿਕਟ ਵਿੱਚ 19 ਫਸਨ, ਰੈਸਲਿੰਗ ਵਿੱਚ 19 ਫਸਟ,ਗੱਤਕਾ 14,17,19 ਫਸਟ ਇਹ ਸੁਖਵੀਰ ਸਿੰਘ ਡੀਪੀ, ਮਨੀਸ ਕੁਮਾਰ, ਯਸਪਾਲ ਦੀ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਸਰਪੰਚ ਅਮਨਦੀਪ ਸਿੰਘ ਖਹਿਰਾ, ਪ੍ਰਿੰਸੀਪਲ ਨੀਲਮ ਸਰਮਾ, ਮੈਡਮ ਰਮਨਦੀਪ ਕੌਰ, ਬਲਵੀਰ ਸਿੰਘ, ਸੋਨੀਆਂ ਬਾਂਸਲ, ਮੈਡਮ ਅਨੁ ਬਾਂਸਲ, ਰਵਿੰਦਰ ਸਿੰਘ, ਰਾਜਨ ਕੁਮਾਰ, ਸੁਰਿੰਦਰਪਾਲ ਕੌਰ, ਵਿਜੈ ਸਿੰਗਲਾ,ਜਸਵੀਰ ਕੌਰ, ਸੰਦੀਪ ਕੌਰ, ਮੈਡਮ ਆਰਤੀ, ਨਵਦੀਪ ਕੌਰ, ਸਿਮਲਾ ਰਾਣੀ, ਮਨੀਸ ਕੁਮਾਰ, ਸਰਬਜੀਤ ਸਿੰਘ, ਸੰਜੂ ਬਾਲਾ,ਸੁਖਵੀਰ ਸਿੰਘ ਡੀਪੀ, ਮਨੀਸ ਕੁਮਾਰ, ਯਸਪਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਵੱਲੋਂ ਯੂ-ਵਿਨ ਦੀ ਆਨਲਾਈਨ ਐਂਟਰੀ ਦਾ ਬਾਈਕਾਟ ਜਾਰੀ, ਪਰ 100 ਫ਼ੀਸਦੀ ਟੀਕਾਕਰਨ ਸੇਵਾਵਾਂ ਨਿਰਵਿਘਨ ਜਾਰੀ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਯੂਨੀਅਨ, ਪੰਜਾਬ ਨੇ ਸਪੱਸ਼ਟ ਕੀਤਾ ਹੈ ਕਿ ਯੂਨੀਅਨ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੀ ਹੈ, ਪਰ ਜਨ ਹਿੱਤ ਅਤੇ ਲੋਕ ਸਿਹਤ ਨੂੰ ਕਦੇ ਵੀ ਪ੍ਰਭਾਵਿਤ ਨਹੀਂ ਹੋਣ ਦਿੱਤਾ ਜਾਵੇਗਾ। ਯੂਨੀਅਨ ਦੇ ਸੂਬਾ ਆਗੂਆਂ ਰਣਜੀਤ ਕੌਰ ਸੂਬਾ ਪ੍ਰਧਾਨ, ਕਿਰਨਾ ਜਿਲ੍ਹਾ ਪ੍ਰਧਾਨ, ਜਗਮੀਤ ਕੌਰ, ਸਿਮਰਜੀਤ ਕੌਰ, ਮਨਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ ਨੇ ਦੱਸਿਆ ਕਿ ਅੱਜ ਪੰਜਾਬ ਭਰ ਵਿੱਚ ਸਾਰੇ ਟੀਕਾਕਰਨ ਸੈਸ਼ਨ ਨਿਯਮਿਤ ਤੌਰ 'ਤੇ ਲਗਾਏ ਗਏ ਅਤੇ ਸਾਰੇ ਯੋਗ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਨੂੰ 100 ਫ਼ੀਸਦੀ ਟੀਕਾਕਰਨ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ। ਜ਼ਮੀਨੀ ਪੱਧਰ 'ਤੇ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਨੇ ਆਪਣੀਆਂ ਸਾਰੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਈਆਂ ਹਨ। ਉਨ੍ਹਾਂ ਕਿਹਾ ਕਿ ਯੂਨੀਅਨ ਵੱਲੋਂ ਸਿਰਫ਼ ਯੂ-ਵਿਨ ਪੋਰਟਲ 'ਤੇ ਆਨਲਾਈਨ ਡਾਟਾ ਐਂਟਰੀ ਦਾ ਬਾਈਕਾਟ ਕੀਤਾ ਗਿਆ ਹੈ। ਇਹ ਫ਼ੈਸਲਾ ਇਸ ਲਈ ਲਿਆ ਗਿਆ ਹੈ ਕਿਉਂਕਿ ਆਨਲਾਈਨ ਕੰਮ ਲਈ ਕਰਮਚਾਰੀਆਂ ਨੂੰ ਨਾ ਤਾਂ ਕੋਈ ਵੱਖਰਾ ਇਨਸੈਂਟਿਵ ਜਾਂ ਮਾਣ-ਭੱਤਾ ਦਿੱਤਾ ਜਾਂਦਾ ਹੈ ਅਤੇ ਨਾ ਹੀ ਸਰਕਾਰ ਵੱਲੋਂ ਸਮਾਰਟ ਮੋਬਾਈਲ ਫੋਨ, ਇੰਟਰਨੈੱਟ ਜਾਂ ਹੋਰ ਲੋੜੀਂਦੇ ਡਿਜ਼ੀਟਲ ਸਾਧਨ ਉਪਲਬਧ ਕਰਵਾਏ ਗਏ ਹਨ। ਕਰਮਚਾਰੀਆਂ ਤੋਂ ਆਪਣੇ ਨਿੱਜੀ ਸਰੋਤਾਂ ਨਾਲ ਇਹ ਵਾਧੂ ਕੰਮ ਕਰਵਾਉਣਾ ਉਚਿਤ ਨਹੀਂ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਹਮੇਸ਼ਾ ਲੋਕਾਂ ਦੀ ਸਿਹਤ ਅਤੇ ਭਲਾਈ ਨੂੰ ਪਹਿਲ ਦਿੰਦੀਆਂ ਆਈਆਂ ਹਨ ਅਤੇ ਅੱਗੇ ਵੀ ਦਿੰਦੀਆਂ ਰਹਿਣਗੀਆਂ। ਸਾਡਾ ਸੰਘਰਸ਼ ਕਿਸੇ ਵੀ ਤਰ੍ਹਾਂ ਜਨਤਾ ਦੇ ਵਿਰੁੱਧ ਨਹੀਂ, ਸਗੋਂ ਆਪਣੇ ਵਾਜਬ ਹੱਕਾਂ ਅਤੇ ਬਿਹਤਰ ਕਾਰਜ ਹਾਲਾਤਾਂ ਲਈ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਯੂ-ਵਿਨ ਨਾਲ ਸਬੰਧਤ ਕੰਮ ਲਈ ਲੋੜੀਂਦੇ ਸਰਕਾਰੀ ਸਾਧਨ, ਉਚਿਤ ਇਨਸੈਂਟਿਵ ਅਤੇ ਹੋਰ ਬੁਨਿਆਦੀ ਸਹੂਲਤਾਂ ਜਲਦ ਤੋਂ ਜਲਦ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਕਰਮਚਾਰੀ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਆਪਣੀਆਂ ਸੇਵਾਵਾਂ ਨਿਭਾ ਸਕਣ। ਸਾਡਾ ਸੰਘਰਸ਼ ਆਪਣੇ ਹੱਕਾਂ ਲਈ ਹੈ, ਲੋਕਾਂ ਦੀ ਸਿਹਤ ਦੇ ਖ਼ਿਲਾਫ਼ ਨਹੀਂ ਹੈ। ਇਸੇ ਲਈ ਅੱਜ ਵੀ ਪੰਜਾਬ ਭਰ ਵਿੱਚ ਟੀਕਾਕਰਨ ਸੇਵਾਵਾਂ 100 ਫ਼ੀਸਦੀ ਜਾਰੀ ਰਹੀਆਂ, ਜਦਕਿ ਵਿਰੋਧ ਸਿਰਫ਼ ਯੂ-ਵਿਨ ਦੀ ਆਨਲਾਈਨ ਐਂਟਰੀ ਤੱਕ ਸੀਮਿਤ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਤਲਵੰਡੀ ਸਾਬੋ ਹਲਕੇ ਦੇ ਪਿੰਡਾਂ 'ਚ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀਆਂ ਮੀਟਿੰਗਾਂ ਨੇ ਫੜੀ ਸਿਆਸੀ ਰਫ਼ਤਾਰ, ਬੂਥ ਪੱਧਰ 'ਤੇ

# ਕਾਂਗਰਸ ਨੂੰ ਮਜ਼ਬੂਤ ਕਰਨ ਲਈ ਵਿੱਢੀ ਮੁਹਿੰਮ





**ਤਲਵੰਡੀ ਸਾਬੋ, 6 ਅਗਸਤ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਵਿਧਾਨ ਸਭਾ ਚੋਣਾਂ 2027 ਨੂੰ ਧਿਆਨ ਵਿੱਚ ਰੱਖਦਿਆਂ ਤਲਵੰਡੀ ਸਾਬੋ ਹਲਕੇ ਵਿੱਚ ਕਾਂਗਰਸ ਪਾਰਟੀ ਨੇ ਆਪਣੀਆਂ ਸੰਗਠਨਾਤਮਕ ਗਤੀਵਿਧੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਤਹਿਤ ਕਾਂਗਰਸ ਦੇ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਪਾਰਟੀ ਵਰਕਰਾਂ ਅਤੇ ਸਥਾਨਕ ਲੋਕਾਂ ਵੱਲੋਂ ਭਰਪੂਰ ਹੁੰਗਾਰਾ ਮਿਲ ਰਿਹਾ ਹੈ। ਮੀਟਿੰਗਾਂ ਦੌਰਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਪਾਰਟੀ ਵਰਕਰਾਂ ਨੂੰ ਬੂਥ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਨਵੇਂ ਮੈਂਬਰ ਜੋੜਨ ਅਤੇ ਘਰ-ਘਰ ਤੱਕ ਕਾਂਗਰਸ ਦੀਆਂ ਨੀਤੀਆਂ ਅਤੇ ਲੋਕ ਪੱਖੀ ਵਿਚਾਰਧਾਰਾ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪਾਰਟੀ ਦੀ ਅਸਲ ਤਾਕਤ ਜ਼ਮੀਨੀ ਪੱਧਰ ਦੇ ਵਰਕਰ ਹਨ ਅਤੇ ਉਨ੍ਹਾਂ ਦੀ ਮਿਹਨਤ ਨਾਲ ਹੀ ਕਾਂਗਰਸ ਨੂੰ ਮੁੜ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਤਲਵੰਡੀ ਸਾਬੋ ਹਲਕੇ ਦੇ ਲੋਕ ਬਦਲਾਅ ਦੀ ਉਡੀਕ ਕਰ ਰਹੇ ਹਨ ਅਤੇ ਕਾਂਗਰਸ ਹੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰ ਸਕਦੀ ਹੈ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੇ ਹਰ ਸੁਖ-ਦੁੱਖ ਵਿੱਚ ਸ਼ਾਮਲ ਹੋਣ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਸਰਗਰਮ ਭੂਮਿਕਾ ਨਿਭਾਉਣ। ਸਿਆਸੀ ਹਲਕਿਆਂ ਵਿੱਚ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਤਲਵੰਡੀ ਸਾਬੋ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਦੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸੰਭਾਵੀ ਉਮੀਦਵਾਰ ਵਜੋਂ ਵੀ ਦੇਖਿਆ ਜਾ ਰਿਹਾ ਹੈ। ਉਨ੍ਹਾਂ ਦੀਆਂ ਲਗਾਤਾਰ ਪਿੰਡ ਪੱਧਰੀ ਮੀਟਿੰਗਾਂ ਅਤੇ ਵਰਕਰਾਂ ਨਾਲ ਸਿੱਧੇ ਸੰਪਰਕ ਨੂੰ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਦੇ ਰੂਪ ਵਿੱਚ ਵੇਖਿਆ ਜਾ ਰਿਹਾ ਹੈ। ਮੀਟਿੰਗਾਂ ਦੌਰਾਨ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਬੂਥ ਪ੍ਰਧਾਨਾਂ, ਵਰਕਰਾਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕਰਕੇ ਪਾਰਟੀ ਨੂੰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਵਾਈ ਅੱਡਾ, ਨਾਂਦੇੜ 'ਤੇ ਅੰਤਰਰਾਸ਼ਟਰੀ ਟਰਮੀਨਲ ਦੇ ਨਿਰਮਾਣ ਦੇ ਫੈਸਲੇ ਦਾ

# ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ.) ਵੱਲੋਂ ਸਵਾਗਤ

**ਚੌਂਕ ਮਹਿਤਾ, 6 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਵਾਈ ਅੱਡਾ, ਨਾਂਦੇੜ ਦੇ ਸਰਵਪੱਖੀ ਵਿਕਾਸ ਨੂੰ ਹੁਲਾਰਾ ਦੇਣ ਲਈ ਇੱਥੇ ਇੱਕ ਅੰਤਰਰਾਸ਼ਟਰੀ ਪੱਧਰ ਦਾ ਟਰਮੀਨਲ ਸਥਾਪਤ ਕਰਨ ਦੇ ਅਹਿਮ ਫੈਸਲੇ ਦਾ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ ( ਰਿਟਾ) ਨੇ ਭਰਪੂਰ ਸਵਾਗਤ ਕੀਤਾ ਹੈ ਮਹਾਰਾਸ਼ਟਰ ਰਾਜ ਦੇ ਮੁੱਖ ਮੰਤਰੀ ਸ੍ਰੀ ਦੇਵੇਂਦ੍ਰ ਫਵਨਵੀਸ ਜੀ ਵੱਲੋਂ ਹਵਾਈ ਅੱਡੇ ਦੀ ਵਿਕਾਸ ਯੋਜਨਾ ਦੀ ਸਮੀਖਿਆ ਕਰਨ ਉਪਰੰਤ ਸੰਬੰਧਤ ਵਿਭਾਗਾਂ ਨੂੰ ਕਾਰਵਾਈ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਫੈਸਲੇ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ. ਵਿਜੇ ਸਤਬੀਰ ਸਿੰਘ ਨੇ ਕਿਹਾ ਕਿ ਇਹ ਕਦਮ ਨਾਲ ਪੰਜਾਬ, ਦਿੱਲੀ, ਮਹਾਰਾਸ਼ਟਰ, ਤੇਲੰਗਾਨਾ ਅਤੇ ਆਸ-ਪਾਸ ਦੇ ਸਰਹੱਦੀ ਖੇਤਰਾਂ ਦੇ ਯਾਤਰੀਆਂ ਲਈ ਵੱਡੀ ਰਾਹਤ ਸਾਬਤ ਹੋਵੇਗਾ ਅਤੇ ਖੇਤਰ ਦੇ ਵਿਕਾਸ ਨੂੰ ਇਕ ਨਵੀਂ ਦਿਸ਼ਾ ਦੇਵੇਗਾ



**ਅੰਤਰਰਾਸ਼ਟਰੀ ਟਰਮੀਨਲ ਦੇ ਮੁੱਖ ਲਾਭ:** ਧਾਰਮਿਕ ਅਤੇ ਸੈਰ-ਸਪਾਟਾ ਖੇਤਰ: ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਦੇਸ਼-ਵਿਦੇਸ਼ ਤੋਂ ਆਉਂਦੀਆਂ ਲੱਖਾਂ ਸੰਗਤਾਂ ਅਤੇ ਸ਼ਰਧਾਲੂਆਂ ਲਈ ਸਿੱਧੀਆਂ ਹਵਾਈ ਸੇਵਾਵਾਂ ਦੇ ਰਾਹ ਖੁੱਲ੍ਹਣਗੇ ਆਰਥਿਕ ਅਤੇ ਉਦਯੋਗਿਕ ਵਾਧਾ: ਮਰਾਠਵਾੜਾ ਦੇ ਉਦਯੋਗ, ਵਪਾਰ, ਸਿੱਖਿਆ ਅਤੇ ਸੈਰ-ਸਪਾਟਾ ਖੇਤਰਾਂ ਨੂੰ ਵੱਡਾ ਹੁਲਾਰਾ ਮਿਲੇਗਾ ਬੁਨਿਆਦੀ ਢਾਂਚੇ ਵਿੱਚ ਸੁਧਾਰ: ਸਮੀਖਿਆ ਬੈਠਕ ਦੌਰਾਨ ਰਨ-ਵੇ ਦੇ ਵਿਸਥਾਰ, ਟਰਮੀਨਲ ਬਿਲਡਿੰਗ, ਯਾਤਰੀ ਸਹੂਲਤਾਂ, ਸੁਰੱਖਿਆ ਪ੍ਰਬੰਧਾਂ, ਪਾਰਕਿੰਗ ਅਤੇ ਮਾਲ ਢੋਆ-ਢੁਆਈ (ਕਾਰਗੋ) ਸਹੂਲਤਾਂ ਨੂੰ ਆਧੁਨਿਕ ਬਣਾਉਣ 'ਤੇ ਵਿਸ਼ੇਸ਼ ਚਰਚਾ ਕੀਤੀ ਗਈ ਭਾਰਤ ਸਰਕਾਰ ਦੇ ਹਵਾਈ ਮੰਤਰੀ ਨਾਲ ਉੱਚ-ਪੱਧਰੀ ਸ਼ਿਸ਼ਟ ਮੰਡਲ ਕਰੇਗਾ ਮੁਲਾਕਾਤ: ਨਾਂਦੇੜ-ਮੁੰਬਈ ਹਵਾਈ ਸੇਵਾ ਨੂੰ ਨਿਰੰਤਰ ਜਾਰੀ ਰੱਖਣ ਦੀ ਮੰਗ ਅਤੇ ਭਵਿੱਖ ਵਿੱਚ ਦਿੱਲੀ, ਪੁਣੇ, ਹੈਦਰਾਬਾਦ ਅਤੇ ਬੰਗਲੁਰੂ ਵਰਗੇ ਵੱਡੇ ਸ਼ਹਿਰਾਂ ਨਾਲ ਹਵਾਈ ਸੰਪਰਕ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਉੱਚ-ਪੱਧਰੀ ਸ਼ਿਸ਼ਟ ਮੰਡਲ ਜਲਦ ਹੀ ਭਾਰਤ ਸਰਕਾਰ ਦੇ ਹਵਾਈ ਮੰਤਰੀ ਨਾਲ ਮੁਲਾਕਾਤ ਕਰੇਗਾ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਅਤੇ ਸਥਾਨਕ ਨਾਗਰਿਕਾਂ ਅਨੁਸਾਰ ਅੰਤਰਰਾਸ਼ਟਰੀ ਟਰਮੀਨਲ ਦੇ ਬਣਨ ਨਾਲ ਨਾਂਦੇੜ ਦੀ ਪਛਾਣ ਰਾਸ਼ਟਰੀ ਪੱਧਰ ਤੋਂ ਅੱਗੇ ਵਧ ਕੇ ਵਿਸ਼ਵ ਪੱਧਰ 'ਤੇ ਇੱਕ ਮਹੱਤਵਪੂਰਨ ਧਾਰਮਿਕ ਅਤੇ ਖੇਤਰੀ ਹਵਾਈ ਕੇਂਦਰ ਵਜੋਂ ਸਥਾਪਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਵਾ, ਨਿਮਰਤਾ ਤੇ ਦਇਆ ਹੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਸਦੀਵੀ ਸੰਦੇਸ਼; ਅਮਲ ਦੀ ਲੋੜ — ਸੰਤ ਮੀਤ ਸਿੰਘ



**ਨਵੀਂ ਦਿੱਲੀ 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪਾਵਨ ਜੀਵਨ ਸਮੁੱਚੀ ਮਨੁੱਖਤਾ ਲਈ ਸੇਵਾ, ਦਇਆ, ਨਿਮਰਤਾ ਅਤੇ ਪਰਉਪਕਾਰ ਦਾ ਅਨਮੋਲ ਸੰਦੇਸ਼ ਹੈ। ਬਹੁਤ ਹੀ ਛੋਟੀ ਉਮਰ ਵਿੱਚ ਗੁਰਗੱਦੀ ਸੰਭਾਲ ਕੇ ਗੁਰੂ ਸਾਹਿਬ ਨੇ ਇਹ ਸਾਬਤ ਕੀਤਾ ਕਿ ਮਹਾਨਤਾ ਉਮਰ ਨਾਲ ਨਹੀਂ, ਸਗੋਂ ਉੱਚੇ ਆਚਰਨ, ਪ੍ਰਭੂ-ਪ੍ਰੇਮ ਅਤੇ ਲੋਕ-ਭਲਾਈ ਨਾਲ ਪ੍ਰਾਪਤ ਹੁੰਦੀ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਜਨਕਪੁਰੀ ਵਾਰਡ ਨੰਬਰ 32 ਤੋਂ ਚੋਣ ਉੱਮੀਦੁਆਰ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਆਪਣੇ ਜੀਵਨ ਦੌਰਾਨ ਦੁਖੀ, ਗਰੀਬ ਅਤੇ ਰੋਗਾਂ ਨਾਲ ਪੀੜਤ ਲੋਕਾਂ ਦੀ ਨਿਸ਼ਕਾਮ ਸੇਵਾ ਕੀਤੀ। ਦਿੱਲੀ ਵਿੱਚ ਚੇਚਕ ਅਤੇ ਹੋਰ ਭਿਆਨਕ ਬਿਮਾਰੀਆਂ ਦੇ ਸਮੇਂ ਗੁਰੂ ਸਾਹਿਬ ਨੇ ਆਪਣੀ ਪਰਵਾਹ ਕੀਤੇ ਬਿਨਾਂ ਲੋਕਾਂ ਦੀ ਸੇਵਾ ਕੀਤੀ ਅਤੇ ਉਨ੍ਹਾਂ ਦੇ ਦੁੱਖ ਦੂਰ ਕਰਨ ਦਾ ਯਤਨ ਕੀਤਾ। ਸਿੱਖ ਇਤਿਹਾਸ ਵਿੱਚ ਗੁਰੂ ਸਾਹਿਬ ਦਾ ਇਹ ਉੱਚਾ ਆਦਰਸ਼ ਸੇਵਾ-ਭਾਵਨਾ ਦੀ ਸਦੀਵੀ ਮਿਸਾਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਸਮਾਜ ਸਵਾਰਥ, ਹੰਕਾਰ ਅਤੇ ਭੌਤਿਕਵਾਦ ਵੱਲ ਵਧ ਰਿਹਾ ਹੈ, ਉਦੋਂ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਜੀਵਨ ਸਾਨੂੰ ਨਿਮਰਤਾ, ਦਇਆ ਅਤੇ ਮਨੁੱਖਤਾ ਦਾ ਰਾਹ ਦਿਖਾਉਂਦਾ ਹੈ। ਗੁਰੂ ਸਾਹਿਬ ਦਾ ਉਪਦੇਸ਼ ਸਾਨੂੰ ਇਹ ਪ੍ਰੇਰਣਾ ਦਿੰਦਾ ਹੈ ਕਿ ਹਰ ਮਨੁੱਖ ਦੀ ਨਿਸ਼ਕਾਮ ਸੇਵਾ ਕਰਨਾ ਹੀ ਅਸਲ ਧਰਮ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਗੁਰਬਾਣੀ ਨਾਲ ਜੁੜਨਾ, ਸਿੱਖੀ ਦੇ ਸਿਧਾਂਤਾਂ ਨੂੰ ਅਪਣਾਉਣਾ ਅਤੇ ਸਮਾਜ ਦੀ ਭਲਾਈ ਲਈ ਯੋਗਦਾਨ ਪਾਉਣਾ ਚਾਹੀਦਾ ਹੈ। ਗੁਰੂ ਘਰ ਦੀਆਂ ਪਰੰਪਰਾਵਾਂ, ਕੀਰਤਨ, ਸੰਗਤ ਅਤੇ ਸੇਵਾ ਨਾਲ ਜੁੜਿਆ ਨੌਜਵਾਨ ਹੀ ਮਜ਼ਬੂਤ ਪੰਥ ਅਤੇ ਸੁਚੱਜੇ ਸਮਾਜ ਦੀ ਨੀਂਹ ਬਣ ਸਕਦਾ ਹੈ। ਅੰਤ ਵਿਚ ਸਰਦਾਰ ਸੰਤ ਮੀਤ ਸਿੰਘ ਨੇ ਸਮੂਹ ਸੰਗਤ ਨੂੰ ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਅਪੀਲ ਕੀਤੀ ਕਿ ਆਓ ਅਸੀਂ ਸਾਰੇ ਗੁਰੂ ਸਾਹਿਬ ਦੇ ਦਰਸਾਏ ਸੇਵਾ, ਨਿਮਰਤਾ, ਦਇਆ ਅਤੇ ਸਰਬੱਤ ਦੇ ਭਲੇ ਦੇ ਮਾਰਗ 'ਤੇ ਚੱਲਣ ਦਾ ਸੰਕਲਪ ਕਰੀਏ। ਇਹੀ ਗੁਰੂ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਅਤੇ ਉਨ੍ਹਾਂ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਦਾ ਅਸਲ ਉਦੇਸ਼ ਹੈ।

# ਮੋਦੀ ਸਰਕਾਰ ਦੇ 54,282.32 ਕਰੋੜ ਰੁਪਏ ਦੇ ਖਰਚ ਦਾ ਹਿਸਾਬ ਨਹੀਂ, ਕੈਗ ਦੀ ਰਿਪੋਰਟ ਨੇ ਚੁੱਕੇ ਗੰਭੀਰ ਸਵਾਲ

**ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ ਦੇ ਨਿਯੰਤਰਕ ਅਤੇ ਮਹਾਲੇਖਾ ਪਰੀਖਕ (ਕੈਗ) ਦੀ ਰਿਪੋਰਟ ਵਿੱਚ ਖੁਲਾਸਾ ਹੋਇਆ ਹੈ ਕਿ ਕੇਂਦਰ ਸਰਕਾਰ ਦੇ 15 ਮੰਤਰਾਲਿਆਂ ਅਤੇ ਵਿਭਾਗਾਂ ਵੱਲੋਂ 54,282.32 ਕਰੋੜ ਰੁਪਏ ਨਾਲ ਸਬੰਧਤ 33,973 ਉਪਯੋਗਤਾ ਪ੍ਰਮਾਣ ਪੱਤਰ (ਯੂਟੀਲਾਈਜ਼ੇਸ਼ਨ ਸਰਟੀਫਿਕੇਟ) ਅਜੇ ਤੱਕ ਜਮ੍ਹਾਂ ਨਹੀਂ ਕਰਵਾਏ ਗਏ। ਇਸ ਕਾਰਨ ਇਹ ਗੰਭੀਰ ਸਵਾਲ ਖੜ੍ਹਾ ਹੋ ਗਿਆ ਹੈ ਕਿ ਸਰਕਾਰੀ ਧਨ ਦੀ ਵਰਤੋਂ ਮਨਜ਼ੂਰਸ਼ੁਦਾ ਮਕਸਦ ਲਈ ਹੋਈ ਵੀ ਹੈ ਜਾਂ ਨਹੀਂ। ਕੈਗ ਦੀ ਵਿੱਤੀ ਸਾਲ 2024-25 ਦੀ ਰਿਪੋਰਟ ਅਨੁਸਾਰ, 31 ਮਾਰਚ 2025 ਤੱਕ 38,287.52 ਕਰੋੜ ਰੁਪਏ ਨਾਲ ਸਬੰਧਤ 13,926 ਉਪਯੋਗਤਾ ਪ੍ਰਮਾਣ ਪੱਤਰ ਪਿਛਲੇ ਤਿੰਨ ਵਿੱਤੀ ਸਾਲਾਂ (2021-22 ਤੋਂ 2023-24) ਦੇ ਬਕਾਇਆ ਹਨ, ਜਦਕਿ ਕੁਝ ਮਾਮਲੇ 1985-86 ਤੋਂ ਵੀ ਲੰਬਿਤ ਪਏ ਹਨ। ਮੀਡੀਆ ਵਿਚ ਜਾਰੀ ਹੋਈ ਖ਼ਬਰ ਮੁਤਾਬਿਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਹ ਜਨਰਲ ਫਾਇਨੈਂਸ਼ਲ ਰੂਲਜ਼ (ਜੀਐੱਫਆਰ) 2017 ਦੇ ਨਿਯਮਾਂ ਦੀ ਉਲੰਘਣਾ ਹੈ। ਨਿਯਮਾਂ ਮੁਤਾਬਕ, ਸਰਕਾਰੀ ਅਨੁਦਾਨ ਪ੍ਰਾਪਤ ਕਰਨ ਵਾਲੀ ਸੰਸਥਾ ਨੂੰ ਵਿੱਤੀ ਸਾਲ ਖ਼ਤਮ ਹੋਣ ਤੋਂ 12 ਮਹੀਨਿਆਂ ਅੰਦਰ ਉਪਯੋਗਤਾ ਪ੍ਰਮਾਣ ਪੱਤਰ ਜਮ੍ਹਾਂ ਕਰਵਾਉਣਾ ਲਾਜ਼ਮੀ ਹੁੰਦਾ ਹੈ। ਅਜਿਹਾ ਨਾ ਕਰਨ ਵਾਲੀਆਂ ਸੰਸਥਾਵਾਂ ਨੂੰ ਭਵਿੱਖ ਵਿੱਚ ਸਰਕਾਰੀ ਅਨੁਦਾਨ ਜਾਂ ਹੋਰ ਵਿੱਤੀ ਸਹਾਇਤਾ ਤੋਂ ਵਾਂਝਾ ਕੀਤਾ ਜਾ ਸਕਦਾ ਹੈ। ਕੈਗ ਨੇ ਕਿਹਾ ਹੈ ਕਿ ਉਪਯੋਗਤਾ ਪ੍ਰਮਾਣ ਪੱਤਰ ਹੀ ਇਹ ਯਕੀਨੀ ਬਣਾਉਣ ਦਾ ਇਕੋ-ਇੱਕ ਸਾਧਨ ਹੈ ਕਿ ਸਰਕਾਰੀ ਰਕਮ ਉਸੇ ਉਦੇਸ਼ ਲਈ ਵਰਤੀ ਗਈ ਹੈ ਜਿਸ ਲਈ ਜਾਰੀ ਕੀਤੀ ਗਈ ਸੀ। ਰਿਪੋਰਟ ਅਨੁਸਾਰ, ਸਭ ਤੋਂ ਵੱਧ 18,272.91 ਕਰੋੜ ਰੁਪਏ ਦੇ ਪ੍ਰਮਾਣ ਪੱਤਰ ਆਵਾਸ ਅਤੇ ਸ਼ਹਿਰੀ ਕਾਰਜ ਮੰਤਰਾਲੇ ਦੇ ਬਕਾਇਆ ਹਨ, ਜਦਕਿ 14,359.76 ਕਰੋੜ ਰੁਪਏ ਦੇ ਪ੍ਰਮਾਣ ਪੱਤਰ ਉੱਚ ਸਿੱਖਿਆ ਵਿਭਾਗ ਨਾਲ ਸਬੰਧਤ ਹਨ। ਕੈਗ ਨੇ ਟਿੱਪਣੀ ਕੀਤੀ ਕਿ ਲੰਬਿਤ ਉਪਯੋਗਤਾ ਪ੍ਰਮਾਣ ਪੱਤਰਾਂ ਦੇ ਨਿਪਟਾਰੇ ਲਈ ਮੰਤਰਾਲਿਆਂ ਅਤੇ ਵਿਭਾਗਾਂ ਵੱਲੋਂ ਯੋਗ ਯਤਨ ਨਹੀਂ ਕੀਤੇ ਜਾ ਰਹੇ ਅਤੇ ਸਮੇਂ ਸਿਰ ਪ੍ਰਮਾਣ ਪੱਤਰ ਪ੍ਰਾਪਤ ਕਰਨ ਲਈ ਪ੍ਰਭਾਵਸ਼ਾਲੀ ਪ੍ਰਬੰਧ ਬਣਾਉਣ ਦੀ ਲੋੜ ਹੈ।




# ਭਾਈ ਸੁਖਦੇਵ ਸਿੰਘ ਬੱਬਰ ਅਤੇ ਭਾਈ ਮਹਿਲ ਸਿੰਘ ਬੱਬਰ ਦਾ ਸ਼ਹੀਦੀ ਸਮਾਗਮ 9 ਅਗਸਤ ਨੂੰ ਸ਼ਰਧਾ ਨਾਲ ਮਨਾਇਆ ਜਾਵੇਗਾ : ਭਾਈ ਸੁਖਚੈਨ ਸਿੰਘ

**ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**: ਅਖੰਡ ਕੀਰਤਨੀ ਜਥਾ ਇੰਟਰਨੈਸ਼ਨਲ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਨੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ 9 ਅਗਸਤ ਨੂੰ ਪਿੰਡ ਦਾਸੂਵਾਲ ਮੰਡੀ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਵਿਖੇ ਕਰਵਾਏ ਜਾ ਰਹੇ ਭਾਈ ਸੁਖਦੇਵ ਸਿੰਘ ਬੱਬਰ ਅਤੇ ਭਾਈ ਮਹਿਲ ਸਿੰਘ ਬੱਬਰ ਦੇ ਸਲਾਨਾ ਸ਼ਹੀਦੀ ਸਮਾਗਮ ਵਿੱਚ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਗਿਣਤੀ ਵਿੱਚ ਹਾਜ਼ਰੀ ਭਰ ਕੇ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ। ਭਾਈ ਸੁਖਚੈਨ ਸਿੰਘ ਨੇ ਕਿਹਾ ਕਿ ਅਖੰਡ ਕੀਰਤਨੀ ਜਥੇ ਦਾ ਇਤਿਹਾਸ ਗੁਰਬਾਣੀ ਦੀ ਕਮਾਈ, ਨਾਮ-ਬਾਣੀ ਨਾਲ ਜੁੜੇ ਜੀਵਨ ਅਤੇ ਪੰਥ ਦੀ ਰੱਖਿਆ ਲਈ ਆਪਣਾ ਸਰਬੰਸ ਨਿਛਾਵਰ ਕਰਨ ਵਾਲੇ ਯੋਧਿਆਂ ਦੀਆਂ ਸ਼ਹਾਦਤਾਂ ਨਾਲ ਰੌਸ਼ਨ ਹੈ। ਉਨ੍ਹਾਂ ਕਿਹਾ ਕਿ ਜਥਾ ਆਪਣੇ ਸ਼ਹੀਦ ਸਿੰਘਾਂ ਦੀਆਂ ਕੁਰਬਾਨੀਆਂ 'ਤੇ ਮਾਣ ਕਰਦਾ ਹੈ ਅਤੇ ਹਰ ਸਾਲ ਕਰਵਾਏ ਜਾਂਦੇ ਸ਼ਹੀਦੀ ਸਮਾਗਮ ਸੰਗਤਾਂ ਲਈ ਪ੍ਰੇਰਣਾ ਦਾ ਸਰੋਤ ਬਣਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਜੀਵਨ, ਨਿਸ਼ਕਾਮ ਸੇਵਾ, ਗੁਰਬਾਣੀ ਪ੍ਰਤੀ ਸਮਰਪਣ ਅਤੇ ਪੰਥਕ ਅਡੋਲਤਾ ਤੋਂ ਸਿੱਖਿਆ ਲੈਣ ਦੀ ਲੋੜ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਸ਼ਹੀਦੀ ਸਮਾਗਮ ਸਿਰਫ਼ ਇੱਕ ਧਾਰਮਿਕ ਇਕੱਠ ਨਹੀਂ, ਸਗੋਂ ਗੁਰੂ ਦੇ ਸਿਧਾਂਤਾਂ ਅਤੇ ਪੰਥਕ ਵਿਰਸੇ ਨਾਲ ਜੁੜਨ ਦਾ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਵੱਧ ਚੜ੍ਹ ਕੇ ਹਾਜ਼ਰੀ ਭਰਨ, ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦਾ ਲਾਭ ਪ੍ਰਾਪਤ ਕਰਨ ਅਤੇ ਸ਼ਹੀਦ ਸਿੰਘਾਂ ਦੀ ਪਾਵਨ ਯਾਦ ਨੂੰ ਸਿਜਦਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਭਾਈ ਸੁਖਚੈਨ ਸਿੰਘ ਦੇ ਨਾਲ ਭਾਈ ਅਰਜਨ ਸਿੰਘ ਸ਼ੇਰਗਿੱਲ (ਮੋਹਾਲੀ) ਅਤੇ ਮਾਸਟਰ ਬਲਦੇਵ ਸਿੰਘ (ਤਰਨ ਤਾਰਨ) ਨੇ ਵੀ ਸੰਗਤਾਂ ਨੂੰ ਸ਼ਹੀਦੀ ਸਮਾਗਮ ਵਿੱਚ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਥ ਦੇ ਮਹਾਨ ਜਰਨੈਲਾਂ ਅਤੇ ਸ਼ਹੀਦ ਸਿੰਘਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨਾ ਹਰ ਗੁਰਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਦੱਸਿਆ ਕਿ ਸ਼ਹੀਦੀ ਸਮਾਗਮ ਦੌਰਾਨ ਵੱਖ-ਵੱਖ ਪੰਥਕ ਆਗੂ ਮਹਾਨ ਜਰਨੈਲਾਂ ਨੂੰ ਸ਼ਰਧਾਂਜਲੀ ਭੇਟ ਕਰਨਗੇ ਅਤੇ ਸੰਗਤਾਂ ਗੁਰਬਾਣੀ ਕੀਰਤਨ, ਗੁਰਮਤਿ ਵਿਚਾਰਾਂ ਅਤੇ ਅਰਦਾਸ ਰਾਹੀਂ ਸ਼ਹੀਦ ਸਿੰਘਾਂ ਨੂੰ ਨਮਨ ਕਰਨਗੀਆਂ। ਸਮਾਗਮ ਨੂੰ ਸਫ਼ਲ ਬਣਾਉਣ ਲਈ ਬਾਬਾ ਦਰਸ਼ਨ ਸਿੰਘ (ਮੁੱਖੀ ਗੁਰਦੁਆਰਾ ਬਾਬਾ ਬੀਰ ਸਿੰਘ), ਭਾਈ ਦਲਜੀਤ ਸਿੰਘ, ਭਾਈ ਅਮਰਜੀਤ ਸਿੰਘ, ਸਰਪੰਚ ਦਲਜੀਤ ਸਿੰਘ ਅਤੇ ਭਾਈ ਪ੍ਰਗਟ ਸਿੰਘ ਸਮੇਤ ਪਿੰਡ ਦਾਸੂਵਾਲ ਦੀ ਸਮੂਹ ਸੰਗਤ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।






ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਪਿੰਡ ਨਾਨਕਪੁਰਾ ਗੁਰਦੁਆਰਾ ਵਿਖੇ ਹੋਈ ਬੇਅਦਬੀ ਬਹੁਤ ਮੰਦਭਾਗੀ ਘਟਨਾ-ਸੰਤ ਬਾਬਾ ਬਿਬੇਕ ਸਿੰਘ

# ਜੰਡਿਆਲਾ ਗੁਰੂ ਵਾਲੇ ਦੋਸ਼ੀ ਉਪਰ ਸਖ਼ਤ ਕਾਰਵਾਈ ਕੀਤੀ ਜਾਵੇ



ਚੌਕ ਮਹਿਤਾ 6 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)#ਥਾਣਾ੍ਰ:ਖਲਚੀਆਂ ਅਧੀਨ ਪਿੰਡ ਨਾਨਕਪੁਰਾ ਨਜਦੀਕ ਭੋਰਸੀ ਵਿਖੇ ਇਕ ਵਿਆਕਤੀ ਵਲੋ ਗੁਰਦੁਆਰਾ ਸਾਹਿਬ ਜੀ ਅੰਦਰ ਦਾਖਲ ਹੋ ਕਿ ਸਿੰਘਾਸਨ ਸਾਹਿਬ ਤੇ ਉਪਰ ਚੜ ਕੇ ਲੇਟਣ ਦੀ ਬਹੁਤ ਹੀ ਮੰਦਭਾਗੀ ਘਟਨਾਂ ਵਾਪਰੀ ਹੈ। ਦੋਸ਼ੀ ਨੂੰ ਸੰਗਤਾਂ ਨੇ ਮੌਕੇ ਤੇ ਕਾਬੂ ਕਰਕੇ ਪੁਲਸ ਹਵਾਲੇ ਕੀਤਾ। ਇਸ ਮੌਕੇ ਤੇ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ ਜੰਡਿਆਲਾ ਗੁਰੂ ਵਾਲਿਆਂ ਨੇ ਇਸ ਮੰਦਭਾਗੀ ਘਟਨਾ ਦੀ ਨਿੰਦਾ ਕੀਤੀ। ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਦੋਸੀ ਉਪਰ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਤੇ ਇਸ ਸਬੰਧੀ ਜਥੇਬੰਦੀਆਂ ਦਾ ਵਫਦ ਜਿਨਾਂ ਵਿੱਚ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਪੰਜਾਬ ਦੇ ਪ੍ਰਧਾਨ ਬਾਬਾ ਬਲਬੀਰ ਸਿੰਘ ਜੀ ਮੁੱਛਲ ਸੇਵਾਦਾਰ ਸਤਿਕਾਰ ਕਮੇਟੀ , ਅਕਾਲੀ ਦਲ ਵਾਰਿਸ ਪੰਜਾਬ ਦੇ ਬਾਬਾ ਬਕਾਲਾ ਸਾਹਿਬ ਦੇ ਇੰਚਾਰਜ ਸ੍ਰ ਸਰਬਜੀਤ ਸਿੰਘ ਖਾਨਪੁਰ, ਜੰਡਿਆਲਾ ਗੁਰੂ ਹਲਕੇ ਦੇ ਸੇਵਾਦਾਰ ਭਾਈ ਅਮਰੀਕ ਸਿੰਘ ਬਿੱਟਾ, ਯੂਥ ਪ੍ਰਧਾਨ ਸ੍ਰ ਜੁਗਰਾਜ ਸਿੰਘ ਧੂਲਕਾਂ, ਸੰਤ ਬਾਬਾ ਬਾਬਾ ਬਿਬੇਕ ਸਿੰਘ ਜੀ ਗੁਰਦੁਆਰਾਂ ਨਾਨਕਸਰ ਸਾਹਿਬ ਨਗਰ ਨਾਨਕਸਰ, ਮੁੱਖ ਸੇਵਾਦਾਰ ਅਕਾਲੀ ਦਲ ਵਾਰਿਸ ਪੰਜਾਬ ਜੰਡਿਆਲਾ ਗੁਰੂ ਸਮੇਤ ਸਮੁੱਚੀਆਂ ਸੰਗਤਾਂ ਨੇ ਥਾਣੇ ਪਹੁੰਚ ਕੇ ਐਸ ਐਚ ਓ ਸ੍ਰ ਮੁਖਤਿਆਰ ਸਿੰਘ ਨਾਲ ਮੁਲਾਕਾਤ ਕੀਤੀ। ਐਸ ਐਚ ਓ ਕਹਿਣ ਮੁਤਾਬਕ ਦੋਸ਼ੀ ਖਿਲਾਫ ਮੁਕੱਦਮਾ ਦਰਜ ਕਰ ਦਿੱਤਾ ਹੈ। ਅਗਲੇਰੀ ਜਾਂਚ ਅਰੰਭ ਦਿੱਤੀ ਹੈ। ਇਸ ਮੌਕੇ ਤੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਜੀ ਸਤਿਕਾਰ ਕਮੇਟੀ ਦੇ ਆਗੂ ਅਤੇ ਜਥੇਬੰਦੀਆਂ, ਅਕਾਲੀ ਦਲ ਵਾਰਿਸ ਪੰਜਾਬ ਦੇ ਹਾਜ਼ਰ ਸਨ।

ਪਿੰਡ ਮਹਿਸਮਪੁਰ ਵਿੱਚ ਲੋੜਵੰਦ ਲੋਕਾਂ ਨੂੰ

# ਰਾਸ਼ਨ ਦੀਆਂ ਕਿੱਟਾਂ ਵੰਡੀਆਂ



**ਚੌਕ ਮਹਿਤਾ, 6 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋ ਲੋੜਵੰਦ ਲੋਕਾ ਨੂੰ ਫਰੀ ਰਸੋਈ ਦਾ ਸਮਾਨ ਵੰਡਣ ਦੀ ਚਲਾਈ ਗਈ ਮੁਹਿੰਮ ਦੇ ਤਹਿਤ ਅੱਜ ਹਲਕਾ ਜੰਡਿਆਲਾ ਗੁਰੂ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਦਿਸ਼ਾ-ਨਿਰਦੇਸ਼ਾ ਹੇਠ ਨੇ ਡੀਪੂ ਹੋਲਡਰ ਸ੍ਰੀ ਮਤੀ ਮਨਜੀਤ ਕੌਰ,ਦੇ ਅਨਾਜ ਡੀਪੂ ਤੇ ਲਾਭਪਾਤਰੀਆਂ ਨੂੰ ਅਨਾਜ ਦੀਆ ਕਿੱਟਾ ਵੰਡੀਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਬਲਾਕ ਪ੍ਰਧਾਨ ਬੀ ਸੀ ਵਿੰਗ ਦੇ ਗੁਰਦਿਆਲ ਸਿੰਘ ਨੇ ਕਿਹਾ ਕਿ ਜਦੋਂ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਲੋੜਵੰਦ ਲੋਕਾਂ ਨੂੰ ਅਨਾਜ ਮਿਲਦਾ ਆ ਰਿਹਾ ਹੈ ਅਤੇ ਹੁਣ 1 ਜੁਲਾਈ ਤੋ ਮਾਵਾ ਧੀਆ ਸਤਿਕਾਰ ਯੋਜਨਾ ਤਹਿਤ 1000/ 1500/ ਰੁਪਏ ਦੇ ਹਿਸਾਬ ਨਾਲ ਤਿੰਨ ਤਿੰਨ ਮਹੀਨੇ ਦੇ ਇਕੱਠੇ ਪੈਸੇ ਮਿਲ਼ੇ ਹਨ । ਉਹਨਾਂ ਕਿਹਾ ਕਿ ਜੋ ਵੀ ਵਾਅਦੇ ਭਗਵੰਤ ਮਾਨ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ ਉਹ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ ਤੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਖੁਸ਼ ਹਨ ਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨਾਲ ਬਣੇਗੀ। ਇਸ ਮੌਕੇ ਤੇ ਲੋੜਵੰਦਾਂ ਪ੍ਰਵਾਰਾਂ ਨੇ ਹਲਕਾ ਜੰਡਿਆਲਾ ਗੁਰੂ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਧੰਨਵਾਦ ਕੀਤਾ ਜੋ ਕੇ ਸਰਕਾਰ ਦੀਆਂ ਭਲਾਈ ਸਕੀਮਾਂ ਪਿੰਡ ਮਹਿਸਮਪੁਰ ਵਿਖੇ ਸਮੇਂ ਸਿਰ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਤੇ ਬੀ ਸੀ ਵਿੰਗ ਦੇ ਬਲਾਕ ਪ੍ਰਧਾਨ ਗੁਰਦਿਆਲ ਸਿੰਘ, ਡੀਪੂ ਹੋਲਡਰ ਬੀਬੀ ਮਨਜੀਤ ਕੌਰ, ਸਵਿੰਦਰ ਸਿੰਘ ਫੌਜੀ, ਨੰਬਰਦਾਰ ਬਲਰਾਜ ਸਿੰਘ, ਬਲਕਾਰ ਸਿੰਘ, ਮੈਂਬਰ ਬਲਦੇਵ ਸਿੰਘ,ਜੋਗਾ ਸਿੰਘ ਆਦਿ ਆਗੂ ਹਾਜਰ ਸਨ

# 'ਧੂਰੀ ਵਿਕਾਸ ਮੰਚ' ਵੱਲੋਂ ਧੂਰੀ 'ਚ ਬਰਸਾਤੀ ਪਾਣੀ ਦੇ ਹੱਲ ਲਈ ਮੁੱਖ ਮੰਤਰੀ ਦੇ ਨਾਂ ਦਿੱਤਾ ਮੰਗ ਪੱਤਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਦੀ ਗੰਭੀਰ ਸਮੱਸਿਆ ਦੇ ਸਥਾਈ ਹੱਲ ਲਈ 'ਧੂਰੀ ਵਿਕਾਸ ਮੰਚ (ਰਜਿ:)' ਦੇ ਵਫ਼ਦ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਂ ਮੰਗ ਪੱਤਰ ਸੌਂਪਿਆ ਗਿਆ। ਇਹ ਮੰਗ ਪੱਤਰ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ ਅਤੇ ਮੈਂਬਰ ਰਾਕੇਸ਼ ਚੀਨੂ ਗਰਗ ਦੀ ਅਗਵਾਈ ਹੇਠ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਡਾ. ਅਨਵਰ ਭਸੌੜ ਨੂੰ ਮਿਲ ਕੇ ਸੌਂਪਿਆ ਗਿਆ। ਮੰਗ ਪੱਤਰ ਰਾਹੀਂ ਮੰਚ ਦੇ ਆਗੂਆਂ ਨੇ ਦੱਸਿਆ ਕਿ ਧੂਰੀ ਸ਼ਹਿਰ ਵਿੱਚ ਬਰਸਾਤੀ ਪਾਣੀ ਦੀ ਸੁਚੱਜੀ ਨਿਕਾਸੀ ਦਾ ਕੋਈ ਠੋਸ ਪ੍ਰਬੰਧ ਨਹੀਂ ਹੈ। ਮਾਤਰ 10 ਤੋਂ 15 ਮਿੰਟ ਦੀ ਹਲਕੀ ਬਰਸਾਤ ਨਾਲ ਹੀ ਪੂਰਾ ਸ਼ਹਿਰ 'ਜਲ-ਥਲ' ਹੋ ਜਾਂਦਾ ਹੈ ਅਤੇ ਮੁੱਖ ਬਾਜ਼ਾਰ, ਰਿਹਾਇਸ਼ੀ ਕਲੋਨੀਆਂ ਤੇ ਨੀਵੇਂ ਇਲਾਕੇ ਝੀਲ ਦਾ ਰੂਪ ਧਾਰਨ ਕਰ ਲੈਂਦੇ ਹਨ। ਬੀਤੇ ਸਾਲ 2025 ਦੌਰਾਨ ਪਏ ਭਾਰੀ ਮੀਂਹ ਕਾਰਨ ਲੋਕਾਂ ਦੇ ਘਰਾਂ ਅਤੇ ਦੁਕਾਨਾਂ ਵਿੱਚ ਪਾਣੀ ਵੜਨ ਕਰਕੇ ਲੱਖਾਂ ਰੁਪਏ ਦਾ ਮਾਲੀ ਨੁਕਸਾਨ ਹੋਇਆ ਸੀ, ਜਿਸ ਨਾਲ ਆਮ ਜਨ-ਜੀਵਨ ਪੂਰੀ ਤਰ੍ਹਾਂ ਅਸਤ-ਵਿਅਸਤ ਹੋ ਗਿਆ ਸੀ। ਆਗੂਆਂ ਨੇ ਚਿੰਤਾ ਪ੍ਰਗਟਾਈ ਕਿ ਮੌਜੂਦਾ ਸਮੇਂ ਵੀ ਨਾਲੀਆਂ ਅਤੇ ਸੀਵਰੇਜ ਸਿਸਟਮ ਦੀ ਸਮੇਂ ਸਿਰ ਸਫ਼ਾਈ ਨਾ ਹੋਣ ਕਾਰਨ ਪਾਣੀ ਦੀ ਨਿਕਾਸੀ ਠੱਪ ਪਈ ਹੈ। ਕਈ-ਕਈ ਦਿਨ ਪਾਣੀ ਖੜ੍ਹਾ ਰਹਿਣ ਕਾਰਨ ਭਿਆਨਕ ਬੀਮਾਰੀਆਂ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ। ਇਸ ਕਾਰਨ ਸਕੂਲੀ ਵਿਦਿਆਰਥੀਆਂ, ਬਜ਼ੁਰਗਾਂ, ਦਿਹਾੜੀਦਾਰਾਂ ਅਤੇ ਦੁਕਾਨਦਾਰਾਂ ਨੂੰ ਰੋਜ਼ਾਨਾ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੰਚ ਵੱਲੋਂ ਮੰਗ ਕੀਤੀ ਗਈ ਕਿ ਧੂਰੀ ਸ਼ਹਿਰ ਲਈ ਇੱਕ ਮਜ਼ਬੂਤ ਅਤੇ ਆਧੁਨਿਕ 'ਸਟੋਰਮ ਵਾਟਰ ਡਰੇਨੇਜ ਸਿਸਟਮ' ਤੁਰੰਤ ਮਨਜ਼ੂਰ ਕੀਤਾ ਜਾਵੇ। ਇਸ ਤੋਂ ਇਲਾਵਾ ਬਰਸਾਤੀ ਮੌਸਮ ਦੇ ਮੱਦੇਨਜ਼ਰ ਸ਼ਹਿਰ ਦੇ ਸਮੁੱਚੇ ਛੋਟੇ-ਵੱਡੇ ਨਾਲਿਆਂ ਦੀ ਸੁਚੱਜੀ ਸਫ਼ਾਈ ਕਰਵਾਈ ਜਾਵੇ ਅਤੇ ਸਬੰਧਤ ਨਗਰ ਕੌਂਸਲ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀ ਲਾਪਰਵਾਹੀ ਨਾ ਹੋਵੇ। ਅੰਤ ਵਿੱਚ ਮੰਚ ਦੇ ਆਗੂਆਂ ਨੇ ਆਸ ਪ੍ਰਗਟਾਈ ਕਿ ਮੁੱਖ ਮੰਤਰੀ ਆਪਣੇ ਗ੍ਰਹਿ ਹਲਕੇ ਧੂਰੀ ਦੀ ਇਸ ਅਤਿ-ਗੰਭੀਰ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾ ਕੇ ਸ਼ਹਿਰ ਵਾਸੀਆਂ ਨੂੰ ਸੁੱਖ ਦਾ ਸਾਹ ਲੈਣ ਦਾ ਮੌਕਾ ਦੇਣਗੇ।

# ਸੰਗਤ ਖੁਰਦ ਵਿਖੇ ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ ਅਧੀਨ ਕਿਸਾਨ ਸਿਖਲਾਈ ਟ੍ਰੇਨਿੰਗ ਆਯੋਜਿਤ



ਤਲਵੰਡੀ ਸਾਬੋ, 06 ਅਗਸਤ (ਗੁਰਜੰਟ ਸਿੰਘ ਨਥੇਹਾ)- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਬਲਾਕ ਤਲਵੰਡੀ ਸਾਬੋ ਦੇ ਪਿੰਡ ਸੰਗਤ ਖੁਰਦ ਵਿਖੇ ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ ਅਧੀਨ ਕਿਸਾਨ ਸਿਖਲਾਈ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾ. ਸੰਦੀਪ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਨੇ ਹਾਜ਼ਰ ਕਿਸਾਨਾਂ ਨੂੰ ਕਪਾਹ ਦੀ ਫ਼ਸਲ ਦੇ ਵੱਧ ਝਾੜ ਅਤੇ ਗੁਣਵੱਤਾ ਲਈ ਸਿਫ਼ਾਰਸ਼ਸ਼ੁਦਾ ਖੇਤੀ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸੰਤੁਲਿਤ ਖਾਦਾਂ ਦੀ ਵਰਤੋਂ, ਨਦੀਨਾਂ ਦੀ ਸਮੇਂ ਸਿਰ ਰੋਕਥਾਮ, ਕੀੜਿਆਂ ਅਤੇ ਬਿਮਾਰੀਆਂ ਦੀ ਨਿਯਮਿਤ ਨਿਗਰਾਨੀ, ਲੋੜ ਅਨੁਸਾਰ ਹੀ ਕੀਟਨਾਸ਼ਕਾਂ ਦੀ ਵਰਤੋਂ ਅਤੇ ਪਾਣੀ ਦੀ ਸੁਚੱਜੀ ਸੰਭਾਲ ਸਬੰਧੀ ਮਹੱਤਵਪੂਰਨ ਸੁਝਾਅ ਦਿੱਤੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਵਿਭਾਗ ਵੱਲੋਂ ਜਾਰੀ ਸਿਫ਼ਾਰਸ਼ਾਂ ਦੀ ਪਾਲਣਾ ਕਰਨ, ਫ਼ਸਲ ਦੀ ਨਿਯਮਿਤ ਨਿਗਰਾਨੀ ਕਰਨ ਅਤੇ ਕਿਸੇ ਵੀ ਸਮੱਸਿਆ ਦੀ ਸਥਿਤੀ ਵਿੱਚ ਆਪਣੇ ਨਜ਼ਦੀਕੀ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰਨ। ਇਸ ਮੌਕੇ ਕਿਸਾਨਾਂ ਨੇ ਵੀ ਫ਼ਸਲ ਨਾਲ ਸਬੰਧਤ ਆਪਣੇ ਸਵਾਲ ਪੁੱਛੇ, ਜਿਨ੍ਹਾਂ ਦੇ ਮਾਹਿਰਾਂ ਵੱਲੋਂ ਤਸੱਲੀਬਖ਼ਸ਼ ਜਵਾਬ ਦਿੱਤੇ ਗਏ। ਸਿਖਲਾਈ ਟ੍ਰੇਨਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਹਿੱਸਾ ਲਿਆ ਅਤੇ ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ ਅਧੀਨ ਦਿੱਤੀ ਗਈ ਤਕਨੀਕੀ ਜਾਣਕਾਰੀ ਦਾ ਲਾਭ ਉਠਾਇਆ। ਇਸ ਮੌਕੇ ਗੁਰਜੀਤ ਸਿੰਘ ਏਐਸਆਈ ਅਤੇ ਲਵਜੀਤ ਸਿੰਘ ਬੇਲਦਾਰ ਨੇ ਟਰੇਨਿੰਗ ਸੰਪੂਰਨ ਕਰਨ ਵਿੱਚ ਬਣਦਾ ਯੋਗਦਾਨ ਪਾਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੈਡੀਕਲ ਬੋਰਡ ਭੰਗ ਕਰਕੇ ਹਰਿਆਣਾ ਕਮੇਟੀ ਨੇ ਕੀਤਾ ਵੱਡਾ ਦਾਅਵਾ

# ਮੀਰੀ-ਪੀਰੀ ਸੰਸਥਾਨ ਦਾ ਸੰਚਾਲਨ ਹਰਿਆਣਾ ਕਮੇਟੀ ਹੀ ਕਰੇਗੀ- ਜਥੇਦਾਰ ਬਲਜੀਤ ਸਿੰਘ ਦਾਦੂਵਾਲ



**ਤਲਵੰਡੀ ਸਾਬੋ, 6 ਅਗਸਤ (ਗੁਰਜੰਟ ਸਿੰਘ ਨਥੇਹਾ)**- ਮੀਰੀ-ਪੀਰੀ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਦੇ ਪ੍ਰਬੰਧ ਨੂੰ ਲੈ ਕੇ ਚੱਲ ਰਹੇ ਵਿਵਾਦ ਦਰਮਿਆਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਨੇ ਸਾਲ 2024 ਵਿੱਚ ਗਠਿਤ ਕੀਤੇ ਗਏ ਮੈਡੀਕਲ ਬੋਰਡ ਨੂੰ ਤੁਰੰਤ ਪ੍ਰਭਾਵ ਨਾਲ ਭੰਗ ਕਰ ਦਿੱਤਾ ਹੈ। ਹਰਿਆਣਾ ਕਮੇਟੀ ਦੇ ਮੁੱਖ ਸਕੱਤਰ ਜਸਵਿੰਦਰ ਸਿੰਘ ਦੀਂਨਪੁਰ ਵੱਲੋਂ 5 ਅਗਸਤ ਨੂੰ ਜਾਰੀ ਪੱਤਰ ਰਾਹੀਂ ਮੈਡੀਕਲ ਬੋਰਡ ਦੇ ਸਾਰੇ ਮੈਂਬਰਾਂ ਦੀ ਨਾਮਜ਼ਦਗੀ ਤੁਰੰਤ ਪ੍ਰਭਾਵ ਨਾਲ ਵਾਪਸ ਲੈਣ ਦੀ ਸੂਚਨਾ ਦਿੱਤੀ ਗਈ ਹੈ। ਇਸ ਦੇ ਨਾਲ ਹੀ ਹਰਿਆਣਾ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਸ਼੍ਰੋਮਣੀ ਕਮੇਟੀ ਅਤੇ ਸੰਸਥਾਨ ਦੇ ਸੀਈਓ ਡਾ. ਸੰਦੀਪ ਇੰਦਰ ਸਿੰਘ ਚੀਮਾ 'ਤੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕਰਨ ਦਾ ਦੋਸ਼ ਲਗਾਇਆ ਹੈ। ਦਾਦੂਵਾਲ ਨੇ ਕਿਹਾ ਕਿ ਸਾਲ 2024 ਵਿੱਚ ਗਠਿਤ ਜਿਸ ਮੈਡੀਕਲ ਬੋਰਡ ਦੇ ਆਧਾਰ 'ਤੇ ਹਾਈ ਕੋਰਟ ਤੋਂ ਅੰਤਰਿਮ ਰਾਹਤ ਲਈ ਗਈ ਸੀ, ਉਸ ਬੋਰਡ ਨੂੰ ਹਰਿਆਣਾ ਕਮੇਟੀ ਨੇ ਵਿਧੀਵਤ ਤੌਰ 'ਤੇ ਸਮਾਪਤ ਕਰ ਦਿੱਤਾ ਹੈ। ਇਸ ਸਬੰਧੀ 5 ਅਗਸਤ ਨੂੰ ਮੈਡੀਕਲ ਬੋਰਡ ਦੇ ਸਾਰੇ ਸੱਤ ਮੈਂਬਰਾਂ ਨੂੰ ਪੱਤਰ ਜਾਰੀ ਕਰਕੇ ਉਨ੍ਹਾਂ ਦੀ ਨਾਮਜ਼ਦਗੀ ਹਰਿਆਣਾ ਕਮੇਟੀ ਵੱਲੋਂ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਜਿਸ ਬੋਰਡ ਦੇ ਆਧਾਰ 'ਤੇ ਕਾਨੂੰਨੀ ਦਾਅਵੇ ਕੀਤੇ ਜਾ ਰਹੇ ਹਨ, ਉਸ ਦੀ ਹੋਂਦ ਹੀ ਖ਼ਤਮ ਹੋ ਚੁੱਕੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਵੀਰਵਾਰ ਨੂੰ ਐਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦਾ ਸੰਦੇਸ਼ ਲੈ ਕੇ ਮੀਰੀ-ਪੀਰੀ ਸੰਸਥਾਨ ਪਹੁੰਚੇ ਸੀਈਓ ਡਾ. ਸੰਦੀਪ ਇੰਦਰ ਸਿੰਘ ਚੀਮਾ ਨੇ ਕਰਮਚਾਰੀਆਂ ਅਤੇ ਮੀਡੀਆ ਸਾਹਮਣੇ ਕਿਹਾ ਕਿ ਟਰੱਸਟ ਦੇ ਫ਼ੈਸਲੇ ਤੋਂ ਬਾਅਦ ਸੰਸਥਾਨ ਦਾ ਸੰਚਾਲਨ ਐਸਜੀਪੀਸੀ ਹੀ ਕਰੇਗੀ। ਦਾਦੂਵਾਲ ਨੇ ਕਿਹਾ ਕਿ ਇਹ ਬਿਆਨ ਮਾਣਯੋਗ ਸੁਪਰੀਮ ਕੋਰਟ ਦੇ 20 ਸਤੰਬਰ 2022 ਦੇ ਫ਼ੈਸਲੇ ਦੇ ਉਲਟ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਆਪਣੇ ਫ਼ੈਸਲੇ ਵਿੱਚ ਸਪੱਸ਼ਟ ਕੀਤਾ ਹੈ ਕਿ ਹਰਿਆਣਾ ਦੇ ਗੁਰਦੁਆਰਿਆਂ ਅਤੇ ਉਨ੍ਹਾਂ ਨਾਲ ਸੰਬੰਧਿਤ ਚੱਲ ਅਤੇ ਅਚੱਲ ਸੰਪਤੀਆਂ, ਜਿਨ੍ਹਾਂ ਵਿੱਚ ਟਰੱਸਟਾਂ, ਬੋਰਡਾਂ ਅਤੇ ਕਮੇਟੀਆਂ ਦੇ ਨਾਮ ਦਰਜ ਸੰਪਤੀਆਂ ਵੀ ਸ਼ਾਮਲ ਹਨ, ਦਾ ਪ੍ਰਬੰਧ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਰਾਹੀਂ ਕੀਤਾ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਇਸ ਫ਼ੈਸਲੇ ਨੂੰ ਐਸਜੀਪੀਸੀ ਮੈਂਬਰ ਹਰਭਜਨ ਸਿੰਘ ਮਸਾਣਾ ਵੱਲੋਂ ਸੁਪਰੀਮ ਕੋਰਟ ਦੀ ਵੱਡੀ ਬੈਂਚ ਵਿੱਚ ਚੁਣੌਤੀ ਦਿੱਤੀ ਗਈ ਸੀ, ਪਰ ਉਹ ਅਪੀਲ ਵੀ ਖ਼ਾਰਜ ਹੋ ਗਈ। ਇਸ ਲਈ ਹੁਣ ਇਸ ਫ਼ੈਸਲੇ ਦੀ ਕਾਨੂੰਨੀ ਵੈਧਤਾ 'ਤੇ ਕੋਈ ਸਵਾਲ ਨਹੀਂ ਉਠਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ 27 ਜੁਲਾਈ 2026 ਨੂੰ ਡਿਊਟੀ ਮੈਜਿਸਟ੍ਰੇਟ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਐਚ.ਐਸ.ਜੀ.ਐਮ.ਸੀ. ਨੇ ਮੀਰੀ-ਪੀਰੀ ਸੰਸਥਾਨ ਦਾ ਵਿਧੀਵਤ ਕਾਰਜਭਾਰ ਸੰਭਾਲ ਲਿਆ ਸੀ। ਇਸ ਲਈ ਹੁਣ ਸੰਸਥਾਨ ਦਾ ਸੰਚਾਲਨ ਹਰਿਆਣਾ ਕਮੇਟੀ ਹੀ ਕਰੇਗੀ। ਉਨ੍ਹਾਂ ਕਿਹਾ ਕਿ 27 ਜੁਲਾਈ ਤੋਂ ਪਹਿਲਾਂ ਦੀ ਮਿਆਦ ਦੀ ਤਨਖ਼ਾਹ ਦੇਣਾ ਐਸਜੀਪੀਸੀ ਦੀ ਜ਼ਿੰਮੇਵਾਰੀ ਹੈ, ਜਦਕਿ ਇਸ ਤੋਂ ਬਾਅਦ ਦੀ ਤਨਖ਼ਾਹ ਹਰਿਆਣਾ ਕਮੇਟੀ ਵੱਲੋਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਐਸਜੀਪੀਸੀ ਨੇ ਮਾਰਚ 2026 ਤੱਕ ਦੀ ਤਨਖ਼ਾਹ ਜਾਰੀ ਕੀਤੀ ਹੈ, ਪਰ 27 ਜੁਲਾਈ ਤੱਕ ਦਾ ਪੂਰਾ ਬਕਾਇਆ ਵੇਤਨ ਕਰਮਚਾਰੀਆਂ ਅਤੇ ਡਾਕਟਰਾਂ ਨੂੰ ਦੇਣਾ ਵੀ ਉਸ ਦੀ ਹੀ ਜ਼ਿੰਮੇਵਾਰੀ ਹੈ। ਇੱਕ ਮਹੀਨੇ ਦੀ ਤਨਖ਼ਾਹ ਜਾਰੀ ਕਰਨ ਦੀ ਘੋਸ਼ਣਾ ਕੋਈ ਅਹਿਸਾਨ ਨਹੀਂ, ਸਗੋਂ ਕਰਮਚਾਰੀਆਂ ਦਾ ਕਾਨੂੰਨੀ ਹੱਕ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ 27 ਜੁਲਾਈ ਨੂੰ ਦਿੱਤਾ ਗਿਆ ਹੁਕਮ ਸਿਰਫ਼ ਸਾਲ 2024 ਵਿੱਚ ਗਠਿਤ ਡਾਕਟਰਾਂ ਦੇ ਬੋਰਡ ਨਾਲ ਸੰਬੰਧਿਤ ਸੀ। ਕਿਉਂਕਿ ਐਚ.ਐਸ.ਜੀ.ਐਮ.ਸੀ. ਉਸ ਬੋਰਡ ਨੂੰ ਸਮਾਪਤ ਕਰ ਚੁੱਕੀ ਹੈ, ਇਸ ਲਈ ਹੁਣ ਉਸ ਹੁਕਮ ਦਾ ਆਧਾਰ ਵੀ ਖ਼ਤਮ ਹੋ ਗਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਡਾਕਟਰਾਂ ਦੇ ਬੋਰਡ ਦੀ ਆੜ ਵਿੱਚ ਬਾਦਲ ਦਲ ਐਸਜੀਪੀਸੀ ਸੰਸਥਾਨ 'ਤੇ ਆਪਣਾ ਕਬਜ਼ਾ ਕਾਇਮ ਰੱਖਣਾ ਚਾਹੁੰਦੀ ਹੈ। ਉਨ੍ਹਾਂ ਕਰਮਚਾਰੀਆਂ ਅਤੇ ਡਾਕਟਰਾਂ ਨੂੰ ਭਰੋਸਾ ਦਿਵਾਇਆ ਕਿ ਹਰਿਆਣਾ ਕਮੇਟੀ ਉਨ੍ਹਾਂ ਦੇ ਹਿੱਤਾਂ ਨਾਲ ਕੋਈ ਸਮਝੌਤਾ ਨਹੀਂ ਕਰੇਗੀ। ਸੰਸਥਾਨ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਕੇ ਇਸ ਦਾ ਵਿਸਥਾਰ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਇੱਥੇ ਐਮ.ਬੀ.ਬੀ.ਐਸ. ਕਾਲਜ ਸਥਾਪਿਤ ਕਰਨ ਲਈ ਸਰਕਾਰ ਤੋਂ ਐਨ.ਓ.ਸੀ. ਦਿਵਾਉਣ ਦਾ ਯਤਨ ਕੀਤਾ ਜਾਵੇਗਾ। ਦਾਦੂਵਾਲ ਨੇ ਕਿਹਾ ਕਿ ਐਚ.ਐਸ.ਜੀ.ਐਮ.ਸੀ. ਦਾ ਮਕਸਦ ਸਿਰਫ਼ ਸੰਸਥਾਨ ਦਾ ਸੰਚਾਲਨ ਸੰਭਾਲਣਾ ਨਹੀਂ, ਸਗੋਂ ਇਸ ਨੂੰ ਸੂਬੇ ਦਾ ਅਗੇਤੀ ਮੈਡੀਕਲ ਅਤੇ ਸਿੱਖਿਆ ਸੰਸਥਾਨ ਬਣਾਉਣਾ ਹੈ। ਇੱਥੇ ਸਾਡੇ ਬੱਚੇ ਐਮ.ਬੀ.ਬੀ.ਐਸ. ਦੀ ਪੜ੍ਹਾਈ ਕਰਨਗੇ ਅਤੇ ਕਾਬਿਲ ਡਾਕਟਰ ਬਣਨਗੇ।

**☛ ਡਾ. ਚੀਮਾ ਤੇ ਪ੍ਰਧਾਨ ਧਾਮੀ ਸੁਪਰੀਮ ਕੋਰਟ ਦੇ ਹੁਕਮਾਂ ਦੀ ਕਰ ਰਹੇ ਹਨ ਉਲੰਘਣਾ ☛ 27 ਜੁਲਾਈ 2026 ਤੱਕ ਕਰਮਚਾਰੀਆਂ ਦੀ ਤਨਖ਼ਾਹ ਦੇਣਾ ਸ਼੍ਰੋਮਣੀ ਕਮੇਟੀ ਦੀ ਜ਼ਿੰਮੇਵਾਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਕਾਂਗਰਸ ਦੀਆਂ ਬੂਥ ਪੱਧਰੀ ਇਕਾਈਆਂ ਨਾਲ

# ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਮੀਟਿੰਗਾਂ ਜਾਰੀ, ਵੱਡੀ ਗਿਣਤੀ ਵਰਕਰ ਹੋਏ ਸ਼ਾਮਿਲ



**ਤਲਵੰਡੀ ਸਾਬੋ/ਮੌੜ ਮੰਡੀ, 06 ਅਗਸਤ (ਗੁਰਜੰਟ ਸਿੰਘ ਨਥੇਹਾ)**- 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਮੌੜ ਚ ਕਾਂਗਰਸ ਦੀਆਂ ਬੂਥ ਪੱਧਰੀ ਇਕਾਈਆਂ ਨਾਲ ਹਲਕੇ ਚ ਕਾਂਗਰਸ ਦੀ ਅਗਵਾਈ ਕਰ ਰਹੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਵੱਲੋਂ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੀ ਲੜੀ ਚ ਇੱਕ ਵਿਸ਼ਾਲ ਮੀਟਿੰਗ ਅੱਜ ਮੌੜ ਦਫਤਰ ਵਿਖੇ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਕਾਂਗਰਸੀ ਆਗੂਆਂ ਨੇ ਸ਼ਮੂਲੀਅਤ ਕੀਤੀ। ਆਗੂਆਂ ਨੂੰ ਸੰਬੋਧਨ ਦੌਰਾਨ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ ਅਤੇ ਉਹ ਕਾਂਗਰਸ ਨੂੰ ਸੱਤਾ ਚ ਲਿਆਉਣ ਲਈ ਤਤਪਰ ਹਨ ਪਰ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਵੀ ਇਹ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਪਿੰਡ ਜਾਂ ਨਗਰ ਦੇ ਆਪਣੇ ਪੱਧਰ ਦੇ ਨਾਲ ਨਾਲ ਬੂਥ ਪੱਧਰ ਤੇ ਵੀ ਪਾਰਟੀ ਨੂੰ ਮਜ਼ਬੂਤੀ ਦੇਣ ਲਈ ਉਪਰਾਲੇ ਕਰਨ ।ਉਨਾਂ ਕਿਹਾ ਕਿ ਜੇਕਰ ਬੂਥ ਤੇ ਪਾਰਟੀ ਮਜ਼ਬੂਤ ਹੋਵੇਗੀ ਤਾਂ ਆਪਣੇ ਪਿੰਡ ਜਾਂ ਸ਼ਹਿਰ ਚ ਵੀ ਉਹ ਮਜ਼ਬੂਤ ਹੋਵੇਗੀ ਤੇ ਸਾਰੇ ਬੂਥਾਂ ਤੇ ਮਜ਼ਬੂਤ ਹੋਣ ਦਾ ਮਤਲਬ ਹੈ ਵਿਧਾਨ ਸਭਾ ਹਲਕੇ ਚ ਪਾਰਟੀ ਦਾ ਮਜ਼ਬੂਤ ਹੋਣਾ।ਉਨਾਂ ਕਿਹਾ ਕਿ ਹਰ ਕਾਂਗਰਸੀ ਆਗੂ ਤੇ ਵਰਕਰ ਨੂੰ ਹੁਣੇ ਤੋਂ ਕਮਰਕੱਸੇ ਕਸ ਲੈਣੇ ਚਾਹੀਦੇ ਹਨ ਤਾਂ ਕਿ ਬੂਥ ਪੱਧਰ ਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਕੇ 2027 ਵਿਧਾਨ ਸਭਾ ਚੋਣਾਂ ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੀਟ ਜਿੱਤਕੇ ਪਾਰਟੀ ਦੀ ਝੋਲੀ ਪਾਈ ਜਾ ਸਕੇ। ਉਨਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਬੂਥ ਪੱਧਰੀ ਮੀਟਿੰਗਾਂ ਵੀ ਕੀਤੀਆਂ ਜਾਣਗੀਆਂ ਤਾਂ ਜੋ ਬੂਥ ਪੱਧਰੀ ਕਾਰਗੁਜ਼ਾਰੀ ਦੀ ਸਮੀਖਿਆ ਹੋ ਸਕੇ। ਉਨਾਂ ਨੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਵਿਧਾਨ ਸਭਾ ਚੋਣਾਂ ਤੱਕ ਉਹ ਹਰ ਦਿਨ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਹੀ ਧਿਆਨ ਕੇਂਦਰਿਤ ਰੱਖਣ ।ਮੀਟਿੰਗ ਚ ਕਾਂਗਰਸ ਨਾਲ ਸਬੰਧਿਤ ਪੰਚ,ਸਰਪੰਚ ਤੇ ਕੌਂਸਲਰ ਵੀ ਸ਼ਾਮਿਲ ਦਿਖਾਈ ਦਿੱਤੇ।

# ਖ਼ਬਰ ਦਾ ਹੋਇਆ ਅਸਰ, ਸਿਹਤ ਵਿਭਾਗ ਨੇ ਜੰਡਿਆਲਾ ਗੁਰੂ ਵਿੱਚ ਫਾਸਟ ਫੂਡ ਸੈਂਟਰ ਤੇ ਕੀਤੀ ਛਾਪੇਮਾਰੀ

### ਫੂਡ ਸੇਫਟੀ ਅਫਸਰ ਨੇ ਵੱਖ-ਵੱਖ ਖਾਣ-ਪੀਣ ਦੀਆਂ ਵਸਤਾਂ ਦੇ ਨਮੂਨੇ ਇਕੱਠੇ ਕਰਕੇ ਜਾਂਚ ਲਈ ਲੈਬ ਚ ਭੇਜੇ



**ਜੰਡਿਆਲਾ ਗੁਰੂ, 6 ਅਗਸਤ (ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਵਿੱਚ ਜੱਗੂ ਫਾਸਟ ਫੂਡ ਸੈਂਟਰ ਮਸੂਲੀਆਂ ਗੇਟ ਬਾਰੇ ਮੀਡੀਆ ਰਾਹੀਂ ਸ਼ਿਕਾਇਤਾਂ ਅਤੇ ਸੋਸ਼ਲ ਮੀਡੀਆ 'ਤੇ ਪੋਸਟ ਕੀਤੀਆਂ ਗਈਆਂ ਫੋਟੋਆਂ ਦਾ ਗੰਭੀਰ ਨੋਟਿਸ ਲੈਂਦੇ ਹੋਏ, ਜ਼ਿਲ੍ਹਾ ਸਿਹਤ ਵਿਭਾਗ ਨੇ ਅੱਜ ਅਚਾਨਕ ਨਿਰੀਖਣ ਕੀਤਾ। ਸਿਹਤ ਵਿਭਾਗ ਦੀ ਟੀਮ, ਜਿਸ ਵਿੱਚ ਡਾ. ਮਨਜੀਤ ਸਿੰਘ ਰਟੋਲ (ਡੀ.ਐਚ.ਓ.), ਕਮਲਦੀਪ ਕੌਰ, ਫੂਡ ਸੇਫਟੀ ਅਫਸਰ ਅਤੇ ਉਨ੍ਹਾਂ ਦੀ ਟੀਮ ਸ਼ਾਮਲ ਸੀ, ਨੇ ਵੱਖ-ਵੱਖ ਖਾਣ-ਪੀਣ ਦੀਆਂ ਵਸਤਾਂ ਦੇ ਚਾਰ ਨਮੂਨੇ ਇਕੱਠੇ ਕੀਤੇ ਅਤੇ ਉਨ੍ਹਾਂ ਨੂੰ ਜਾਂਚ ਲਈ ਇੱਕ ਸਰਕਾਰੀ ਲੈਬ ਵਿੱਚ ਭੇਜਿਆ ।ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਮਨਜੀਤ ਸਿੰਘ ਰਟੋਲ ਨੇ ਦੱਸਿਆ ਕਿ ਨਿਰੀਖਣ ਦੌਰਾਨ ਸਫਾਈ ਪ੍ਰਬੰਧਾਂ ਵਿੱਚ ਕਮੀਆਂ ਪਾਈਆਂ ਗਈਆਂ, ਜਿਸ ਕਾਰਨ ਸੰਸਥਾ ਵਿਰੁੱਧ ਚਲਾਨ ਜਾਰੀ ਕੀਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਟੈਸਟ ਰਿਪੋਰਟ ਪ੍ਰਾਪਤ ਹੋਣ ਵਿੱਚ ਲਗਭਗ 15 ਤੋਂ 20 ਦਿਨ ਲੱਗਣਗੇ, ਅਤੇ ਜੇਕਰ ਰਿਪੋਰਟ ਵਿੱਚ ਭੋਜਨ ਸੁਰੱਖਿਆ ਨਿਯਮਾਂ ਦੀ ਕੋਈ ਉਲੰਘਣਾ ਸਾਹਮਣੇ ਆਉਂਦੀ ਹੈ, ਤਾਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਸੰਸਥਾ ਦੇ ਪ੍ਰਬੰਧਕਾਂ ਨੂੰ ਸਫਾਈ ਅਤੇ ਭੋਜਨ ਦੀ ਗੁਣਵੱਤਾ ਵਿੱਚ ਤੁਰੰਤ ਸੁਧਾਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸਤੋਂ ਇਲਾਵਾ ਸ਼ਹੀਦ ਊਧਮ ਸਿੰਘ ਚੌਂਕ ਸਥਿਤ ਸੇਵਕ ਹਲਵਾਈ ਦੀ ਦੁਕਾਨ ਦੀ ਵੀ ਚੈਕਿੰਗ ਕੀਤੀ ਗਈ । ਡਾ. ਰਾਠੌਰ ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ, ਨਿਰਮਾਣ ਮਿਤੀ ਅਤੇ ਮਿਆਦ ਪੁੱਗਣ ਦੀ ਮਿਤੀ ਦੀ ਜਾਂਚ ਕਰਨ ਤੋਂ ਬਾਅਦ ਹੀ ਖਾਣ-ਪੀਣ ਦੀਆਂ ਚੀਜ਼ਾਂ ਦਾ ਸੇਵਨ ਕਰਨ। ਜੇਕਰ ਕਿਸੇ ਵੀ ਭੋਜਨ ਸਥਾਨ 'ਤੇ ਕੋਈ ਵੀ ਗੈਰ-ਸਵੱਛ ਜਾਂ ਘਟੀਆ ਭੋਜਨ ਪਰੋਸਿਆ ਜਾ ਰਿਹਾ ਹੈ, ਤਾਂ ਸਿਹਤ ਵਿਭਾਗ ਨੂੰ ਤੁਰੰਤ ਸੂਚਿਤ ਕੀਤਾ ਜਾਵੇ ।ਉਨ੍ਹਾਂ ਅੱਗੇ ਕਿਹਾ ਕਿ ਲੋਕ ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ਼ ਇੰਡੀਆ ਦੇ ਫੂਡ ਸੇਫਟੀ ਕਨੈਕਟ ਪੋਰਟਲ ਰਾਹੀਂ ਆਪਣੀਆਂ ਸ਼ਿਕਾਇਤਾਂ ਆਨਲਾਈਨ ਵੀ ਦਰਜ ਕਰਵਾ ਸਕਦੇ ਹਨ, ਤਾਂ ਜੋ ਸਬੰਧਤ ਅਧਿਕਾਰੀ ਤੁਰੰਤ ਕਾਰਵਾਈ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਅਕੈਡਮੀ ਜੰਡ ਸਾਹਿਬ ਦੀ ਹਰਸ਼ਦੀਪ ਕੌਰ ਨੇ ਸੀ.ਬੀ.ਐੱਸ.ਈ. ਕਲੱਸਟਰ ਅਥਲੈਟਿਕ ਮੀਟ ਵਿੱਚ ਜਿੱਤਿਆ ਸੋਨ ਤਗਮਾ, ਨੈਸ਼ਨਲ ਅਥਲੈਟਿਕ ਮੀਟ ਲਈ ਹੋਈ ਚੋਣ




**ਨਵੀਂ ਦਿੱਲੀ 6 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਕਲਗੀਧਰ ਟਰੱਸਟ, ਬੜੂ ਸਾਹਿਬ ਅਧੀਨ ਸੰਚਾਲਿਤ ਅਕਾਲ ਅਕੈਡਮੀ ਜੰਡ ਸਾਹਿਬ ਦੀ ਜਮਾਤ ਗਿਆਰਵੀਂ ਦੀ ਹੋਣਹਾਰ ਵਿਦਿਆਰਥਣ ਅਤੇ ਉਭਰਦੀ ਅਥਲੀਟ ਹਰਸ਼ਦੀਪ ਕੌਰ ਨੇ ਸੀ.ਬੀ.ਐੱਸ.ਈ. ਕਲੱਸਟਰ ਅਥਲੈਟਿਕ ਮੀਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਮੀਟਰ ਦੌੜ ਵਿੱਚ ਸੋਨ ਤਗਮਾ (ਗੋਲਡ ਮੈਡਲ) ਅਤੇ 200 ਮੀਟਰ ਦੌੜ ਵਿੱਚ ਚਾਂਦੀ ਤਗਮਾ (ਸਿਲਵਰ ਮੈਡਲ) ਆਪਣੇ ਨਾਮ ਕੀਤਾ। ਇਸ ਸ਼ਾਨਦਾਰ ਉਪਲਬਧੀ ਨਾਲ ਉਸ ਨੇ ਸੀ.ਬੀ.ਐੱਸ.ਈ. ਨੈਸ਼ਨਲ ਅਥਲੈਟਿਕ ਮੀਟ ਲਈ ਵੀ ਆਪਣੀ ਯੋਗਤਾ ਸਾਬਤ ਕਰਦਿਆਂ ਚੋਣ ਹਾਸਲ ਕੀਤੀ ਹੈ। ਇਸ ਮਾਣਮੱਤੀ ਪ੍ਰਾਪਤੀ 'ਤੇ ਅਕੈਡਮੀ ਦੀ ਪ੍ਰਿੰਸੀਪਲ ਨਿਰਮਲਜੀਤ ਕੌਰ ਨੇ ਹਰਸ਼ਦੀਪ ਕੌਰ, ਉਸ ਦੇ ਮਾਤਾ-ਪਿਤਾ ਅਤੇ ਕੋਚਿੰਗ ਸਟਾਫ਼ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਸਫ਼ਲਤਾ ਅਕਾਲ ਪੁਰਖ ਦੀ ਅਪਾਰ ਕਿਰਪਾ, ਮਾਪਿਆਂ ਦੇ ਭਰਪੂਰ ਸਹਿਯੋਗ, ਹਰਸ਼ਦੀਪ ਦੀ ਲਗਨ, ਸਖ਼ਤ ਮਿਹਨਤ ਅਤੇ ਅਕੈਡਮੀ ਵੱਲੋਂ ਖੇਡਾਂ ਦੇ ਖੇਤਰ ਵਿੱਚ ਦਿੱਤੀ ਜਾ ਰਹੀ ਉੱਚ ਪੱਧਰੀ ਸਿਖਲਾਈ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਅਕਾਲ ਅਕੈਡਮੀ ਹਮੇਸ਼ਾ ਹੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਰਹੀ ਹੈ ਅਤੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਹਰਸ਼ਦੀਪ ਕੌਰ ਨੈਸ਼ਨਲ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਅਕੈਡਮੀ, ਆਪਣੇ ਮਾਪਿਆਂ ਅਤੇ ਪੰਜਾਬ ਦਾ ਨਾਮ ਹੋਰ ਉੱਚਾ ਕਰੇਗੀ। ਅਕੈਡਮੀ ਦੇ ਪ੍ਰਬੰਧਕਾਂ, ਸਮੂਹ ਅਧਿਆਪਕਾਂ, ਕੋਚਿੰਗ ਸਟਾਫ਼ ਅਤੇ ਵਿਦਿਆਰਥੀਆਂ ਨੇ ਹਰਸ਼ਦੀਪ ਕੌਰ ਦੀ ਇਸ ਉਪਲਬਧੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਸੀ.ਬੀ.ਐੱਸ.ਈ. ਨੈਸ਼ਨਲ ਅਥਲੈਟਿਕ ਮੀਟ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਸਿੱਖ ਕੌਮ ਖ਼ਿਲਾਫ਼

# ਅਪਮਾਨਜਨਕ ਟਿੱਪਣੀਆਂ ਕਰਨ ਵਾਲਾ ਅਜੈ ਸਿੰਘ ਜੇਲ੍ਹ ਭੇਜਿਆ




**ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਸਿੱਖ ਕੌਮ ਖ਼ਿਲਾਫ਼ ਅਪਮਾਨਜਨਕ ਟਿੱਪਣੀਆਂ ਕਰਨ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਅਜੈ ਸਿੰਘ ਨੂੰ ਬੁੱਧਵਾਰ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ਗਿਆ। ਇਸ ਮਾਮਲੇ ਨੇ ਸਿੱਖ ਭਾਈਚਾਰੇ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਸੀ, ਜਿਸ ਤੋਂ ਬਾਅਦ ਵੱਡੀ ਗਿਣਤੀ ਵਿੱਚ ਸੰਗਤ ਨੇ ਕਾਨਪੁਰ ਵਿਖੇ ਫ਼ਜ਼ਲਗੰਜ ਥਾਣੇ ਦਾ ਘੇਰਾਅ ਕਰਕੇ ਦੋਸ਼ੀ ਦੀ ਤੁਰੰਤ ਗ੍ਰਿਫ਼ਤਾਰੀ ਅਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ। ਸ਼ਾਸਤਰੀ ਨਗਰ ਦੇ ਰਹਿਣ ਵਾਲੇ ਰੈਸਟੋਰੈਂਟ ਸੰਚਾਲਕ ਹਰਪ੍ਰੀਤ ਸਿੰਘ ਨੇ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਐਤਵਾਰ ਸ਼ਾਮ ਅਜੈ ਸਿੰਘ ਨੇ ਉਨ੍ਹਾਂ ਨੂੰ ਫ਼ੋਨ ਕਰਕੇ ਗਾਲੀ-ਗਲੌਚ ਕੀਤੀ, ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਅਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਸਮੁੱਚੀ ਸਿੱਖ ਕੌਮ ਬਾਰੇ ਅਤਿ ਅਪਮਾਨਜਨਕ ਸ਼ਬਦ ਵਰਤੇ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਮੁਲਜ਼ਮ ਨੇ ਉਨ੍ਹਾਂ ਤੋਂ ਰੰਗਦਾਰੀ ਦੀ ਮੰਗ ਕੀਤੀ। ਗੱਲਬਾਤ ਦੀ ਆਡੀਓ ਸਾਹਮਣੇ ਆਉਣ ਤੋਂ ਬਾਅਦ ਮਾਮਲੇ ਨੇ ਹੋਰ ਗੰਭੀਰ ਰੂਪ ਧਾਰ ਲਿਆ। ਸਿੱਖ ਜਥੇਬੰਦੀਆਂ ਅਤੇ ਸੰਗਤ ਨੇ ਕਿਹਾ ਕਿ ਕਿਸੇ ਵੀ ਧਰਮ ਦੇ ਗੁਰੂਆਂ ਜਾਂ ਧਾਰਮਿਕ ਭਾਵਨਾਵਾਂ ਦਾ ਅਪਮਾਨ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਅਤੇ ਅਜਿਹੇ ਮਾਮਲਿਆਂ ਵਿੱਚ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ, ਤਾਂ ਜੋ ਭਵਿੱਖ ਵਿੱਚ ਕੋਈ ਵੀ ਅਜਿਹੀ ਹਰਕਤ ਕਰਨ ਦੀ ਹਿੰਮਤ ਨਾ ਕਰੇ। ਇਸ ਦੌਰਾਨ ਅਦਾਲਤ ਵਿੱਚ ਪੇਸ਼ੀ ਸਮੇਂ ਦੀ ਇੱਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਵੀਡੀਓ ਵਿੱਚ ਦਿਖਾਈ ਦੇ ਰਿਹਾ ਹੈ ਕਿ ਪੁਲਿਸ ਦੀ ਮੌਜੂਦਗੀ ਦੌਰਾਨ ਕੁਝ ਵਿਅਕਤੀਆਂ ਵੱਲੋਂ ਦੋਸ਼ੀ ਨਾਲ ਕੁੱਟਮਾਰ ਕੀਤੀ ਜਾ ਰਹੀ ਹੈ। ਹਾਲਾਂਕਿ, ਇਸ ਵੀਡੀਓ ਦੀ ਸੁਤੰਤਰ ਪੁਸ਼ਟੀ ਨਹੀਂ ਹੋਈ ਹੈ ਅਤੇ ਨਾ ਹੀ ਪੁਲਿਸ ਵੱਲੋਂ ਇਸ ਸਬੰਧੀ ਕੋਈ ਅਧਿਕਾਰਤ ਬਿਆਨ ਜਾਰੀ ਕੀਤਾ ਗਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਆਡੀਓ ਰਿਕਾਰਡਿੰਗ ਸਮੇਤ ਹੋਰ ਸਬੂਤਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਅਦਾਲਤ ਨੇ ਦੋਸ਼ੀ ਨੂੰ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਪੇਸ਼ੀ ਦੌਰਾਨ ਕੁੱਟਮਾਰ ਦੀ ਵੀਡੀਓ ਹੋਈ ਵਾਇਰਲ

## ਅਜੋਕੀ ਪੀੜੀ ਨੂੰ ਕਿਤਾਬਾਂ ਨਾਲ ਜੁੜਨ ਦੀ ਲੋੜ—ਸਿੱਧੂ, ਮਹਿਮਾ, ਹਰਾਜ

# ਹੀਰਾ ਸਿੰਘ ਤੂਤ ਦੀ ਇੱਕਵੀਂ ਪੁਸਤਕ ਤੂਤ ਦੀ ਪੈੜ ਹੋਈ ਲੋਕ ਅਰਪਣ



**ਫ਼ਿਰੋਜ਼ਪੁਰ, 05 ਅਗਸਤ (ਮਨੋਹਰ ਲਾਲ) :—** ਜ਼ਿਲ੍ਹਾ ਫਿਰੋਜ਼ਪੁਰ ਵਿਖੇ ਹੀਰਾ ਸਿੰਘ ਤੂਤ ਦੀ ਵਾਰਤਕ ਦੀ ਪੁਸਤਕ ਤੂਤ ਦੀ ਪੈੜ ਲੋਕ ਅਰਪਣ ਕੀਤੀ ਗਈ। ਇਸ ਸਮੇਂ ਸਤਲੁਜ ਪ੍ਰੈੱਸ ਕਲੱਬ ਦੇ ਪ੍ਰਧਾਨ ਗੁਰਨਾਮ ਸਿੰਘ ਗਾਮਾ ਸਿੱਧੂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਕਿਸਾਨ ਯੂਨੀਅਨ ਤੋਂ ਸੂਬਾ ਸੀਨੀਅਰ ਮੀਤ ਪ੍ਰਧਾਨ ਅਵਤਾਰ ਮਹਿਮਾ, ਡੀਟੀਐਫ ਯੂਨੀਅਨ ਫਿਰੋਜਪੁਰ ਤੋਂ ਜਿਲਾ ਪ੍ਰਧਾਨ ਮਲਕੀਤ ਹਰਾਜ, ਸਰਬਜੀਤ ਸਿੰਘ ਭਾਵੜਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਅਵਤਾਰ ਸਿੰਘ ਮਹਿਮਾ ਅਤੇ ਗੁਰਨਾਮ ਸਿੱਧੂ ਗਾਮਾ ਵੱਲੋਂ ਵਿਸ਼ੇਸ਼ ਤੌਰ ਤੇ ਹੀਰਾ ਸਿੰਘ ਤੂਤ ਨੂੰ ਇਸ ਲੋਕ ਅਰਪਣ ਸਮੇਂ ਮੁਬਾਰਕਬਾਦ ਦਿੱਤੀ ਗਈ । ਇਸ ਮੌਕੇ ਗੁਰਨਾਮ ਗਾਮਾ ਸਿੱਧੂ, ਅਵਤਾਰ ਸਿੰਘ ਮਹਿਮਾ ਅਤੇ ਮਲਕੀਤ ਸਿੰਘ ਹਰਾਜ ਨੇ ਸਾਂਝੇ ਤੌਰ ਤੇ ਕਿਹਾ ਕਿ ਅੱਜ ਦੇ ਦੌਰ ਵਿੱਚ ਨੌਜਵਾਨ ਪੀੜੀ ਨੂੰ ਕਿਤਾਬਾਂ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਕਿਤਾਬਾਂ ਮਨੁੱਖ ਦੇ ਵਿਚਾਰਾਂ ਨੂੰ ਵਿਸ਼ਾਲ ਬਣਾਉਂਦੀਆਂ ਹਨ, ਸਮਾਜ ਪ੍ਰਤੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦੀਆਂ ਹਨ ਅਤੇ ਚੰਗੇ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸਾਹਿਤ ਮਨੁੱਖ ਨੂੰ ਸਿਰਫ਼ ਗਿਆਨ ਹੀ ਨਹੀਂ ਦਿੰਦਾ, ਸਗੋਂ ਉਸ ਦੇ ਵਿਅਕਤੀਤਵ ਨੂੰ ਵੀ ਨਿਖਾਰਦਾ ਹੈ। ਡੀ.ਟੀ.ਐਫ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਹਰਾਜ, ਸਰਬਜੀਤ ਸਿੰਘ ਭਾਵੜਾ ਨੇ ਪੁਸਤਕ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ 'ਤੂਤ ਦੀ ਪੈੜ' ਵਿੱਚ ਸਮਾਜਿਕ ਹਕੀਕਤਾਂ, ਮਨੁੱਖੀ ਜੀਵਨ ਦੇ ਅਨੁਭਵਾਂ ਅਤੇ ਲੋਕ ਜੀਵਨ ਦੀਆਂ ਭਾਵਨਾਵਾਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਪਾਠਕਾਂ, ਖਾਸ ਕਰਕੇ ਨੌਜਵਾਨ ਵਰਗ ਨੂੰ ਇਸ ਪੁਸਤਕ ਦਾ ਅਧਿਐਨ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਚੰਗੀਆਂ ਕਿਤਾਬਾਂ ਮਨੁੱਖ ਦੀ ਸੋਚ ਨੂੰ ਨਵੀਂ ਦਿਸ਼ਾ ਦਿੰਦੀਆਂ ਹਨ ਅਤੇ ਜੀਵਨ ਨੂੰ ਸਾਰਥਕ ਬਣਾਉਣ ਵਿੱਚ ਸਹਾਈ ਸਾਬਤ ਹੁੰਦੀਆਂ ਹਨ। ਸਮਾਗਮ ਨੂੰ ਸੰਬੋਧਨ ਕਰਦਿਆਂ ਲੇਖਕ ਹੀਰਾ ਸਿੰਘ ਤੂਤ ਨੇ ਸਮੂਹ ਹਾਜ਼ਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਕਿਤਾਬਾਂ ਨਾਲ ਜੁੜਨਾ ਸਮੇਂ ਦੀ ਮੰਗ ਹੈ, ਕਿਉਂਕਿ ਕਿਤਾਬਾਂ ਹੀ ਸਾਨੂੰ ਆਪਣੇ ਇਤਿਹਾਸ, ਸੱਭਿਆਚਾਰ, ਅਧਿਕਾਰਾਂ ਅਤੇ ਫ਼ਰਜ਼ਾਂ ਬਾਰੇ ਜਾਗਰੂਕ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਜਿਹੜਾ ਸਮਾਜ ਕਿਤਾਬਾਂ ਨਾਲ ਜੁੜਿਆ ਰਹਿੰਦਾ ਹੈ, ਉਹ ਹਮੇਸ਼ਾ ਤਰੱਕੀ ਦੇ ਰਾਹ ਤੇ ਅੱਗੇ ਵੱਧਦਾ ਹੈ। ਉਨ੍ਹਾਂ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅਜੋਕੀ ਨੌਜਵਾਨ ਪੀੜੀ ਦਿਨੋਂ ਦਿਨ ਸੋਸ਼ਲ ਮੀਡੀਆ ਵੱਲ ਵੱਧ ਆਕਰਸ਼ਿਤ ਹੋ ਰਹੀ ਹੈ, ਜਿਸ ਕਾਰਨ ਪੜ੍ਹਨ ਦੀ ਆਦਤ ਘਟਦੀ ਜਾ ਰਹੀ ਹੈ ਅਤੇ ਬੌਧਿਕ ਵਿਕਾਸ ਵੀ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ ਦੀ ਵਰਤੋਂ ਲਾਭਦਾਇਕ ਹੋ ਸਕਦੀ ਹੈ, ਪਰ ਇਸ ਦੇ ਨਾਲ ਨਾਲ ਕਿਤਾਬਾਂ ਦਾ ਅਧਿਐਨ ਵੀ ਬਹੁਤ ਜ਼ਰੂਰੀ ਹੈ ਤਾਂ ਜੋ ਨੌਜਵਾਨਾਂ ਵਿੱਚ ਸਿਰਜਣਾਤਮਕ ਸੋਚ, ਤਰਕਸ਼ੀਲਤਾ ਅਤੇ ਸਮਾਜਿਕ ਚੇਤਨਾ ਦਾ ਵਿਕਾਸ ਹੋ ਸਕੇ। ਇਸ ਮੌਕੇ ਜਸਪਾਲ ਸਿੰਘ ਜੋਸਨ, ਕਪਿਲ ਸੇਠੀ, ਸਵਰਨ ਸਿੰਘ ਜੋਸਨ, ਨਰਿੰਦਰ ਜੰਮੂ, ਅਮਿਤ ਸ਼ਰਮਾ, ਕਿਰਪਾਲ ਸਿੰਘ, ਸਿਮਰਨਜੀਤ ਸਿੰਘ, ਜੱਗਾ ਗੁਲਾਮੀ ਵਾਲਾ ਅਤੇ ਹੋਰ ਸਾਹਿਤ, ਪੱਤਰਕਾਰੀ, ਅਧਿਆਪਕ ਅਤੇ ਸਮਾਜਿਕ ਖੇਤਰ ਨਾਲ ਸੰਬੰਧਤ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ। ਸਮਾਗਮ ਦੌਰਾਨ ਹਾਜ਼ਰੀਨ ਨੇ ਹੀਰਾ ਸਿੰਘ ਤੂਤ ਨੂੰ ਉਨ੍ਹਾਂ ਦੀ 21ਵੀਂ ਪੁਸਤਕ ਦੇ ਪ੍ਰਕਾਸ਼ਨ ਤੇ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਸਾਹਿਤ ਦੀ ਇਸੇ ਤਰ੍ਹਾਂ ਸੇਵਾ ਕਰਦੇ ਰਹਿਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਚਾਰ ਮਹੀਨੇ ਤੋਂ ਬਿਜਲੀ ਦੇ ਬਿੱਲ ਨਾ ਆਉਣ ਨਾਲ ਖਪਤਕਾਰਾਂ ਚ ਨਿਰਾਸ਼ਾ ਚਾਰ ਪੰਜ ਮਹੀਨੇ ਦਾ ਇਕੱਠਾ ਬਿੱਲ ਆਉਣ ਨਾਲ ਮਜਦੂਰ ਮਿਡਲ ਕਲਾਸ ਵਰਗ ਤੇ ਪਵੇਗਾ ਭਾਰ

## ਅਪ੍ਰੈਲ ਮਈ ਮਹੀਨੇ ਦੇ ਛੇ ਸੌ ਯੂਨਿੰਟ ਘਟਾ ਕਿ ਜੂਨ ਜੁਲਾਈ ਦੇ ਬਿੱਲ ਖਪਤਕਾਰ ਕੋਲੋਂ ਵਸੂਲੇ ਜਾਣ ਪਬਲਿਕ

ਜੰਡਿਆਲਾ ਗੁਰੂ 6 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਤੋਂ ਲੈ ਕੇ ਖਾਸ ਲੋਕਾਂ ਤੱਕ ਬਿਨਾਂ ਕਿਸੇ ਫਾਈਲ ਬਿਨਾਂ ਕਿਸੇ ਸਿਫਾਰਿਸ਼ ਤੋਂ ਬਿਜਲੀ ਦੇ ਛੇ ਸੌ ਯੂਨਿੰਟ ਮੁਆਫ ਕੀਤੇ ਗਏ ਸਨ ਅਤੇ ਇਸ ਸਹੂਲਤ ਦਾ ਵੱਡੀ ਗਿਣਤੀ ਵਿੱਚ ਪੰਜਾਬ ਦੇ ਲੋਕਾਂ ਨੇ ਫਾਇਦਾ ਲਿਆ ਲੇਕਿਨ ਹੁਣ ਚਾਰ ਮਹੀਨੇ ਤੋਂ ਉਪਰ ਦਾ ਸਮਾਂ ਬਤੀਤ ਹੋ ਚੁੱਕਾ ਹੈ ਬਿਜਲੀ ਦੇ ਬਿਲ ਨਾ ਆਉਣ ਕਾਰਨ ਆਮ ਲੋਕਾਂ ਨੂੰ ਇਕ ਚਿੰਤਾ ਸਤਾ ਰਹੀ ਹੈ ਕਿ ਜੇਕਰ ਇਸ ਵਾਰ ਚਾਰ ਮਹੀਨੇ ਜਾਂ ਇਸ ਤੋਂ ਉਪਰ ਹੋਰ ਦਿਨਾਂ ਜਾਂ ਇਕ ਮਹੀਨਾ ਜਾਂ ਦੋ ਮਹੀਨੇ ਦਾ ਬਿਜਲੀ ਦਾ ਬਿੱਲ ਨਾਲ ਜੁੜਦਾ ਹੈ ਤਾਂ ਹਰੇਕ ਆਮ ਵਿਅਕਤੀ ਲਈ ਵੱਡੀ ਚੇਤਾਵਨੀ ਅਤੇ ਪ੍ਰੇਸ਼ਾਨੀ ਪੈਦਾ ਹੋਵੇਗੀ ਕਿਉਂਕਿ ਮਾਰਚ ਮਹੀਨੇ ਦੇ ਬਿਜਲੀ ਦੇ ਬਿਲ ਆਏ ਹੋਏ ਹਨ ਅਤੇ ਅਪ੍ਰੈਲ ਮਈ ਮਹੀਨੇ ਦੇ ਮੁਆਫ ਯੂਨਿੰਟ ਵੀ ਜੂਨ ਜੁਲਾਈ ਮਹੀਨੇ ਵਿੱਚ ਜੁੜਦੇ ਨਜਰ ਆ ਰਹੇ ਹਨ ! ਕਿਉਂਕਿ ਜਿਆਦਾਤਰ ਜੂਨ ਮਹੀਨੇ ਵਿੱਚ ਹੀ ਏਸੀ ਚਲਦੇ ਹੋਏ ਦਿਖਾਈ ਦਿੱਤੇ ਹਨ ਅਤੇ ਜੇਕਰ ਜੂਨ ਜੁਲਾਈ ਮਹੀਨੇ ਵਿੱਚ ਹਰ ਰੋਜ ਏਸੀ ਚਲਦਾ ਹੈ ਤਾਂ ਹਰੇਕ ਖਪਤ ਬਿਜਲੀ ਦਾ ਬਿੱਲ ਆਉਣਾ ਸੁਭਾਵਿਕ ਹੈ ਲੇਕਿਨ ਜੇਕਰ ਅਪ੍ਰੈਲ ਮਈ ਮਹੀਨੇ ਦੇ ਬਿੱਲ ਖਪਤਕਾਰ ਨੂੰ ਆਉਂਦੇ ਹਨ ਤਾਂ ਦਿਹਾੜੀਦਾਰ ਮਜਦੂਰ ਮਿਡਲ ਕਲਾਸ ਦੇ ਲੋਕਾਂ ਲਈ ਚਾਰ ਤੋਂ ਪੰਜ ਮਹੀਨੇ ਦਾ ਬਿੱਲ ਭਰਨਾ ਔਖਾ ਹੋਵੇਗਾ ਅਤੇ ਇਸ ਦੇ ਨਾਲ ਵੱਡੀ ਮਾਤਰਾ ਵਿੱਚ ਬਿਜਲੀ ਦੇ ਬਿੱਲ 15 ਹਜਾਰ ਤੋਂ ਵਧੇਰੇ ਬਿੱਲ ਆਉਣਗੇ ਜੋ ਖਪਤਕਾਰ ਲਈ ਭੁਗਤਾਨ ਕਰਨਾ ਔਖਾ ਹੋਵੇਗਾ ਇਸ ਸਬੰਧੀ ਬਿਜਲੀ ਖਪਤਕਾਰਾਂ ਦੀ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਅਪ੍ਰੈਲ ਮਈ ਮਹੀਨੇ ਦੇ 6 ਸੌ ਯੂਨਿੰਟ ਘਟਾ ਕਿ ਜਲਦ ਤੋਂ ਜਲਦ ਜੂਨ ਜੁਲਾਈ ਮਹੀਨੇ ਦੇ ਬਿੱਲ ਖਪਤਕਾਰਾਂ ਨੂੰ ਸੌਂਪੇ ਜਾਣ ਨਹੀਂ ਤਾਂ ਵੱਡੀ ਗਿਣਤੀ ਵਿੱਚ ਲੋਕ ਡਿਫਾਲਟਰ ਹੋ ਸਕਦੇ ਹਨ ਜੋ ਸਰਕਾਰ ਤੇ ਮਹਿਕਮੇ ਲਈ ਵੀ ਵੱਡੀ ਚੇਤਾਵਨੀ ਪੈਦਾ ਹੋਵੇਗੀ !



ਆਵਾਜ਼ਿ ਕੌਮ AWAZE QAUM International Newspaper & WEB TV

# ਵਿਕਰਮਜੀਤ ਸਿੰਘ ਸਾਹਨੀ ਸੀਆਈਆਈਦੀ ਇੰਟਰਨੈਸ਼ਨਲ ਕੌਂਸਲ, ਇੰਡੀਆ-ਗਲਫ ਕੌਂਸਲ ਅਤੇ ਅਫਰੀਕਾ ਕੌਂਸਲ ਦੇ ਸਹਿ-ਚੇਅਰਮੈਨ ਹੋਏ ਨਿਯੁਕਤ

ਨਵੀਂ ਦਿੱਲੀ, 6 ਅਗਸਤ (ਮਨਪ੍ਰੀਤ ਸਿੰਘ ਖਾਲਸਾ):– ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ, ਪਦਮ ਸ੍ਰੀ ਨੂੰ ਕਨਫੈਡਰੇਸ਼ਨ ਆਫ ਇੰਡਿਅਨ ਇੰਡਸਟਰੀ (ਸੀਆਈਆਈ) ਦੀ ਵੱਕਾਰੀ ਇੰਟਰਨੈਸ਼ਨਲ ਕੌਂਸਲ ਦਾ ਸਹਿ–ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਇੰਡੀਆ–ਗਲਫ ਕੌਂਸਲ ਅਤੇ ਅਫਰੀਕਾ ਕੌਂਸਲ ਦਾ ਵੀ ਸਹਿ–ਚੇਅਰਮੈਨ ਬਣਾਇਆ ਗਿਆ ਹੈ। ਵਰਤਮਾਨ ਵਿੱਚ ਡਾ. ਸਾਹਨੀ ਬ੍ਰਿਕਸ ਬਿਜ਼ਨਸ ਕੌਂਸਲ ਵਿੱਚ ਭਾਰਤ ਦੀ ਨੁਮਾਇੰਦਗੀ ਕਰ ਰਹੇ ਹਨ। ਭਾਰਤ 10 ਤੋਂ 12 ਸਤੰਬਰ 2026 ਤੱਕ ਨਵੀਂ ਦਿੱਲੀ ਵਿੱਚ ਹੋਣ ਵਾਲੀ ਬ੍ਰਿਕਸ ਬਿਜ਼ਨਸ ਕੌਂਸਲ ਦੀ ਬੈਠਕ ਦੀ ਮੇਜ਼ਬਾਨੀ ਕਰੇਗਾ। ਆਪਣੀ ਨਿਯੁਕਤੀ 'ਤੇ ਖੁਸ਼ੀ ਅਤੇ ਧੰਨਵਾਦ ਪ੍ਰਗਟ ਕਰਦਿਆਂ ਡਾ. ਸਾਹਨੀ ਨੇ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਹੀ ਮਾਣ ਅਤੇ ਸਨਮਾਨ ਦੀ ਗੱਲ ਹੈ। ਉਨ੍ਹਾਂ ਨੇ ਸੀਆਈਆਈ ਅਤੇ ਕੇਂਦਰੀ ਵਪਾਰ ਅਤੇ ਉਦਯੋਗ ਮੰਤਰਾਲੇ ਦਾ ਉਨ੍ਹਾਂ 'ਤੇ ਭਰੋਸਾ ਜਤਾਉਣ ਲਈ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਭਾਰਤ ਦੇ ਵਿਸ਼ਵ ਪੱਧਰੀ ਆਰਥਿਕ ਅਤੇ ਵਪਾਰਕ ਸੰਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।



ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਜੀ.ਪੀ.ਸੀ ਨੂੰ ਕਾਨੂੰਨੀ ਨੋਟਿਸ ਅਰਸ਼ਦੀਪ ਸਿੰਘ ਕਲੇਰ ਨੂੰ ਭੇਜਣਾ ਚਾਹੀਦਾ ਹੈ- ਸ ਗੁਰਪ੍ਰਤਾਪ ਸਿੰਘ ਵਡਾਲਾ

**ਚੰਡੀਗੜ੍ਹ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ–ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਐਸ.ਜੀ.ਪੀ.ਸੀ ਪ੍ਰਧਾਨ ਨੇ ਅੱਜ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਹੈ ਕਿ ਇਕ ਨਿਊਜ਼ ਚੈਨਲ ਨੂੰ ਕਾਨੂੰਨੀ ਨੋਟਿਸ ਭੇਜਿਆ ਜਾ ਰਿਹਾ ਹੈ, ਕਿਉਂਕਿ ਉਸਨੇ ਗੈਰ ਕਾਨੂੰਨੀ ਢੰਗ ਨਾਲ ਗੁਰਬਾਣੀ ਪ੍ਰਸਾਰਣ ਸ਼ੁਰੂ ਕਰ ਦਿੱਤਾ ਹੈ। ਪਰ ਅਸਲ ਵਿੱਚ ਇਹ ਕਾਨੂੰਨੀ ਨੋਟਿਸ ਅਕਾਲੀ ਦਲ ਬਾਦਲ ਦੇ ਬੁਲਾਰੇ ਐਡਵੋਕੇਟ ਅਰਸ਼ਦੀਪ ਕਲੇਰ ਨੂੰ ਭੇਜਿਆ ਜਾਣਾ ਚਾਹੀਦਾ ਸੀ ਜਿਸਨੇ ਕੱਲ੍ਹ ਹੀ ਪ੍ਰੈੱਸ ਕਾਨਫਰੰਸ ਕਰਕੇ ਐਲਾਨ ਕੀਤਾ ਸੀ ਕਿ ਐੱਸ.ਜੀ.ਪੀ.ਸੀ ਵੱਲੋਂ ਜਾਰੀ ਲਿੰਕ ਰਾਹੀਂ ਕੋਈ ਵੀ ਚੈਨਲ ਗੁਰਬਾਣੀ ਦਾ ਸਿੱਧਾ ਪ੍ਰਸਾਰਣ ਕਰ ਸਕਦਾ ਹੈ। ਸ ਵਡਾਲਾ ਨੇ ਸਵਾਲ ਕੀਤਾ ਕਿ ਕੀ ਐਸ.ਜੀ.ਪੀ.ਸੀ ਪ੍ਰਧਾਨ ਸਾਹਿਬ ਵਿੱਚ ਏਨੀ ਹਿੰਮਤ ਹੈ ਕਿ ਉਹ ਅਰਸ਼ਦੀਪ ਕਲੇਰ ਨੂੰ ਕਾਨੂੰਨੀ ਨੋਟਿਸ ਭੇਜ ਕੇ ਪੁਛ ਸਕਣ ਕਿ ਉਸਨੂੰ ਸ਼੍ਰੋਮਣੀ ਕਮੇਟੀ ਨੇ ਕਦੋਂ ਅਧਿਕਾਰਤ ਕੀਤਾ ਸੀ ਕਿ ਉਹ ਕਮੇਟੀ ਦੇ ਵੱਲੋਂ ਅਜਿਹਾ ਐਲਾਨ ਕਰੇ ? ਯਾਦ ਰਹੇ ਕਿ ਇਸ ਤੋਂ ਪਹਿਲਾਂ 19 ਜੂਨ ਨੂੰ ਪ੍ਰੈੱਸ ਕਾਨਫਰੰਸ ਕਰਕੇ ਇਸੇ ਅਰਸ਼ਦੀਪ ਕਲੇਰ ਨੇ ਉਹ ਚਿੱਠੀਆਂ ਤਰੀਕ ਵਾਰ ਮੀਡੀਆਂ ਨੂੰ ਵਿਖਾਈਆਂ ਸਨ ਜੋ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਵੱਲੋਂ ਮੁੱਖ ਮੰਤਰੀ ਨੂੰ ਲਿਖੀਆਂ ਗਈਆਂ, ਜਦਕਿ ਉਹ ਚਿੱਠੀਆਂ ਕਿਧਰੇ ਵੀ ਪਬਲਿਕ ਡੋਮੇਨ ਵਿੱਚ ਮੌਜੂਦ ਨਹੀਂ ਹਨ। ਉਸਦੀ ਪ੍ਰੈੱਸ ਕਾਨਫਰੰਸ ਤੋਂ ਉਦੋਂ ਵੀ ਇਹੋ ਪ੍ਰਭਾਵ ਬਣਿਆ ਸੀ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰਤ ਬੁਲਾਰੇ ਵਜੋਂ ਸਕੱਤਰੇਤ ਦੀਆਂ ਨਿੱਜੀ ਚਿੱਠੀਆਂ ਮੀਡੀਆ ਨੂੰ ਵਿਖਾ ਰਹੇ ਹਨ। ਹੁਣ ਵੀ ਇਸ ਤਰਾਂ ਦਾ ਹੀ ਵੱਡਾ ਗੁਨਾਹ ਅਰਸ਼ਦੀਪ ਕਲੇਰ ਵੱਲੋਂ ਕੀਤਾ ਗਿਆ ਹੈ ਜਿਸਦਾ ਨੋਟਿਸ ਲਿਆ ਜਾਣਾ ਚਾਹੀਦਾ ਹੈ ਅਤੇ ਉਸ ਦੇ ਖਿਲਾਫ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਸ ਵਡਾਲਾ ਨੇ ਬਿਆਨ ਵਿੱਚ ਅੱਗੇ ਕਿਹਾ ਕਿ ਗੁਰਬਾਣੀ ਪ੍ਰਸਾਰਣ ਦੇ ਮਾਮਲੇ ਵਿੱਚ ਐਸ.ਜੀ.ਪੀ.ਸੀ ਵੱਲੋਂ ਏਨੀ ਭੜਕਾਹਟ ਵਿੱਚ ਆਉਣਾ ਸਮਝ ਨਹੀਂ ਆਇਆ। ਜੇ ਇਕ ਰਾਜਨੀਤਕ ਘਰਾਣੇ ਬਾਦਲ ਦਾ ਚੈਨਲ ਇਹ ਗੁਰਬਾਣੀ ਪ੍ਰਸਾਰਣ ਕਰ ਸਕਦਾ ਹੈ ਤਾਂ ਜੀ.ਟੀ.ਸੀ ਚੈਨਲ ਨੂੰ ਮੁਫਤ ਪ੍ਰਸਾਰਣ ਕਰਨ ਤੋਂ ਇਸ ਲਈ ਨਹੀ ਰੋਕਿਆ ਜਾ ਸਕਦਾ ਕਿ ਉਹ ਕਿਸੇ ਐਮ ਐਲ ਏ ਨਾਲ ਸੰਬੰਧਿਤ ਹੈ। ਸ ਵਡਾਲਾ ਨੇ ਮੰਗ ਕੀਤੀ ਕਿ ਨਿਯਮਾਂ ਦਾ ਪਾਲਣ ਕਰਕੇ ਮੁਫਤ ਗੁਰਬਾਣੀ ਪ੍ਰਸਾਰਣ ਕਰਨ ਵਾਲੇ ਕਿਸੇ ਚੈਨਲ ਨੂੰ ਰੋਕਿਆ ਨਹੀਂ ਜਾਣਾ ਚਾਹੀਦਾ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

### ਨਾਨਕਪੁਰਾ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਦਿੱਲੀ ਨੰਬਰ ਗੱਡੀ ’ਤੇ ਆਏ

# ਦੋਸ਼ੀ ਨੇ ਸਿੰਘਾਸਨ ਸਾਹਿਬ ਤੇ ਲੇਟ ਕਿ ਬੇਅਦਬੀ ਨੂੰ ਦਿੱਤਾ ਅੰਜਾਮ



**ਜੰਡਿਆਲਾ ਗੁਰੂ, 6 ਅਗਸਤ ( ਕੁਲਵੰਤ ਸਿੰਘ ਵਿਰਦੀ )**-ਹਲਕਾ ਬਾਬਾ ਬਕਾਲਾ ਥਾਣਾ ਖਲਚੀਆਂ ਅਧੀਨ ਆਉਂਦੇ ਪਿੰਡ ਨਾਨਕਪੁਰਾ ਨਜਦੀਕ ਭੋਰਸੀ ਵਿਖੇ ਬੀਤੀ ਰਾਤ ਨੂੰ ਇਕ ਵਿਆਕਤੀ ਵਲੋ ਗੁਰਦੁਆਰਾ ਸਾਹਿਬ ਜੀ ਦੇ ਅੰਦਰ ਦਾਖਲ ਹੋ ਕਿ ਸਿੰਘਾਸਨ ਸਾਹਿਬ ਤੇ ਸੁਭਾਏਮਾਨ ਕੀਤੇ ਗਏ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ ਉਠਾ ਕਿ ਇਕ ਟੇਬਲ ਤੇ ਰੱਖ ਦਿੱਤੇ ਅਤੇ ਆਪ ਉਸ ਸਿੰਘਾਸਨ ਸਾਹਿਬ ਜੀ ਤੇ ਚੜ ਕੇ ਲੇਟ ਗਿਆ ਅਤੇ ਬਹੁਤ ਹੀ ਮੰਦਭਾਗੀ ਬੇਅਦਬੀ ਦੀ ਘਟਨਾਂ ਨੂੰ ਅੰਜਾਮ ਦਿੱਤਾ। ਜਦੋਂ ਇਸ ਸੰਬੰਧੀ ਘਟਨਾ ਦਾ ਪਤਾ ਸੰਗਤ ਨੂੰ ਲਗਾ ਤਾਂ ਮੌਕੇ ਤੇ ਪਹੁੰਚ ਕਿ ਦੋਸ਼ੀ ਨੂੰ ਸੰਗਤਾਂ ਨੇ ਕਾਬੂ ਕਰਕੇ ਪੁਲਸ ਹਵਾਲੇ ਕਰ ਦਿੱਤਾ ।ਅੱਜ ਇਸ ਘਟਨਾ ਸਬੰਧੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਜਥੇਦਾਰ ਭਾਈ ਬਲਬੀਰ ਸਿੰਘ ਮੁੱਛਲ ਅਤੇ ਸਿਖ ਜਥੇਬੰਦੀਆਂ ਦਾ ਵਫਦ ਗੁਰਦੁਆਰਾ ਨਾਨਕਪੁਰਾ ਵਿਖੇ ਪਹੁੰਚਿਆ ਅਤੇ ਚਿੰਤਾ ਪ੍ਰਗਟਾਈ ਇਸ ਮੌਕੇ ਜਥੇਦਾਰ ਬਲਬੀਰ ਸਿੰਘ ਮੁੱਛਲ ਨੇ ਕਿਹਾ ਕਿ ਇਸ ਦੁਸਟ ਵਲੋਂ ਜਲੰਧਰ ਰੋਡ ਨਜਦੀਕ ਟਾਂਗਰਾ ਵਿਖੇ ਕਰੇਟਾ ਗੱਡੀ ਦਿੱਲੀ ਨੰਬਰ ਖੜ੍ਹੀ ਕਰਕੇ 13 ਕਿਲੋਮੀਟਰ ਦੇ ਕਰੀਬ ਪੈਂਡਾ ਤਹਿ ਕਰਕੇ ਪਿੰਡ ਨਾਨਕਪੁਰਾ ਵਿਖੇ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕਿ ਇਸ ਦੁਖਦਾਈ ਬੇਅਦਬੀ ਦੀ ਘਟਨਾ ਨੂੰ ਅੰਜ਼ਾਮ ਦਿੱਤਾ ਜਿਸ ਵਿੱਚ ਪਿੰਡ ਵਾਸੀਆਂ ਵੱਲੋਂ ਰਾਤ ਹੀ ਦੋਸੀ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਅਤੇ ਅਸੀਂ ਵੀ ਰਾਤ ਇੱਥੇ ਮੌਕੇ ਤੇ ਪਹੁੰਚ ਗਏ ਜਦੋਂ ਇਸ ਬਾਰੇ ਹੈਰਾਨੀ ਦੀ ਗੱਲ ਇਹ ਹੈ ਕਿ ਦਿੱਲੀ ਨੰਬਰ ਦੀ ਗੱਡੀ ਤੇ ਆਣ ਕਿ ਬੇਅਦਬੀ ਨੂੰ ਅੰਜਾਮ ਦਿੱਤਾ ਗਿਆ ਹੈ ਇਸ ਦੀ ਤਹਿ ਤੱਕ ਜਾਣਾ ਚਾਹੀਦਾ ਹੈ ਕਿ ਕਿਹੜੀ ਤਾਕਤ ਨੇ ਇਸ ਘਟਨਾ ਨੂੰ ਅੰਜ਼ਾਮ ਦਿਵਾਇਆ ਹੈ ਅੱਗੇ ਜਥੇਦਾਰ ਬਲਬੀਰ ਸਿੰਘ ਮੁੱਛਲ ਨੇ ਕਿਹਾ ਕਿ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਅਸੀਂ ਕਹਿਣਾ ਚਾਹੁੰਦੇ ਹਾਂ ਕਿ ਬੇਅਦਬੀ ਕਾਨੂੰਨ ਨੂੰ ਤੁਸੀਂ ਮੰਨਦੇ ਨਹੀਂ ਪਰ ਹੁਣ ਤਾਂ ਇਸ ਦੋਸੀ ਦੇ ਵਿਰੁੱਧ ਸਖਤ ਕਾਰਵਾਈ ਆਪਣੇ ਹੱਥੀਂ ਕਰਕੇ ਇਤਿਹਾਸ ਸਿਰਜੋ ਨਹੀਂ ਤਾਂ ਇਸ ਦੀ ਜਮਾਨਤ ਹੀ ਕਰਵਾ ਦਿਓ ਤਾਂ ਕਿ ਸਾਨੂੰ ਪਤਾ ਚਲ ਜਾਵੇ ਕਿ ਤੁਸੀਂ ਕਿਸ ਨੂੰ ਮੰਨਦੇ ਹੋ !ਅੱਗੇ ਜਥੇਦਾਰ ਮੁੱਛਲ ਨੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਕੋਲੋਂ ਮੰਗ ਕਰਦੇ ਹਾਂ ਕਿ ਇਸ ਦੋਸੀ ਦੇ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰਕੇ ਇਸ ਦੀ ਤਹਿ ਤੱਕ ਜਾਇਆ ਜਾਵੇ ਕਿ ਕਿਹੜੀ ਤਾਕਤ ਇਹ ਕੰਮ ਕਰਵਾਉਂਦੀ ਹੈ ਕਿਉਕਿ 13 ਕਿਲੋਮੀਟਰ ਦਾ ਪੈਂਡਾ ਇਹ ਇਕੱਲਾ ਗੈਰ ਪੰਜਾਬੀ ਤਹਿ ਨਹੀਂ ਓਰ ਸਕਦਾ ਇਹ ਬਹੁਤ ਡੂੰਘੀ ਸਾਜਿਸ਼ ਖੇਡੀ ਗਈ ਹੈ !ਇਸ ਮੌਕੇ ਜਥੇਦਾਰ ਬਲਬੀਰ ਸਿੰਘ ਜੀ ਮੁੱਛਲ ਤੋਂ ਇਲਾਵਾ , ਅਕਾਲੀ ਦਲ ਵਾਰਿਸ ਪੰਜਾਬ ਦੇ ਬਾਬਾ ਬਕਾਲਾ ਸਾਹਿਬ ਦੇ ਇੰਚਾਰਜ ਸ੍ਰ ਸਰਬਜੀਤ ਸਿੰਘ ਖਾਨਪੁਰ, ਜੰਡਿਆਲਾ ਗੁਰੂ ਹਲਕੇ ਦੇ ਸੇਵਾਦਾਰ ਭਾਈ ਅਮਰੀਕ ਸਿੰਘ ਬਿੱਟਾ, ਯੂਥ ਪ੍ਰਧਾਨ ਸ੍ਰ ਜੁਗਰਾਜ ਸਿੰਘ ਧੂਲਕਾਂ, ਬਾਬਾ ਬਿਬੇਕ ਸਿੰਘ ਜੀ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਜੰਡਿਆਲਾ ਗੁਰੂ , ਭਾਈ ਸਤਨਾਮ ਸਿੰਘ ਸਮਸਾ, ਭਾਈ ਨਿਸ਼ਾਨ ਸਿੰਘ ,ਭਾਈ ਮੇਜਰ ਸਿੰਘ, ਭਾਈ ਸੁਰਜੀਤ ਸਿੰਘ ,ਭਾਈ ਰਛਪਾਲ ਸਿੰਘ , ਕਾਬਲ ਸਿੰਘ, ਰਵਿੰਦਰ ਸਿੰਘ,ਆਦਿ ਵੱਲੋਂ ਥਾਣਾ ਖਲਚੀਆ ਵਿਖੇ ਐਸ ਐਚ ਓ ਸ੍ਰ ਮੁਖਤਿਆਰ ਸਿੰਘ ਨਾਲ ਮੁਲਾਕਾਤ ਕੀਤੀ। ਅਤੇ ਜਥੇਬੰਦੀਆ ਵਲੋਂ ਮੰਗ ਕੀਤੀ ਗਈ ਕਿ ਦੋਸੀ ਵਿਰੁੱਧ ਸਖਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ !ਇਸ ਮੌਕੇ ਐਸ ਐਚ ਓ ਸ੍ਰ ਮੁਖਤਿਆਰ ਸਿੰਘ ਨੇ ਕਿਹਾ ਕਿ ਦੋਸੀ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਬੇਅਦਬੀ ਦੀ ਘਟਨਾ ਦੀ ਬਰੀਕੀ ਨਾਲ ਜਾਂਚ ਪੜਤਾਲ ਕੀਤੀ ਜਾ ਰਹੀ ਹੈ !ਅਤੇ ਵੱਖ-ਵੱਖ ਟੀਮਾਂ ਇਸ ਕੇਸ ਨੂੰ ਟ੍ਰੇਸ ਕਰ ਰਹੀਆਂ ਕਿ ਕੀ ਇਹ ਟਾਂਗਰਾ ਜੀ ਟੀ ਰੋਡ ਤੋਂ ਪੈਦਲ ਗਿਆ ਜਾਂ ਕੋਈ ਇਸ ਨੂੰ ਲੈਕੇ ਗਿਆ।

**ਜਥੇਦਾਰ ਕੁਲਦੀਪ ਸਿੰਘ ਗੜਗੱਜ ਕਾਨੂੰਨ ਮੰਨਦੇ ਨਹੀਂ ਪਰ ਇਸ ਦੋਸ਼ੀ ਨੂੰ ਆਪਣੇ ਹੱਥੀਂ ਸਜਾ ਦੇ ਕੇ ਇਤਿਹਾਸ-ਰਚਣ ਜਥੇਦਾਰ ਬਲਬੀਰ ਸਿੰਘ ਮੁੱਛਲ**

ਆਵਾਜ਼ਿ ਕੌਮ AWAZE QAUM International Newspaper & WEB TV

# ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਸਕੂਲ ’ਚ ਬੱਚਿਆਂ ਨੂੰ ਬੈਗ ਵੰਡੇ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਕਿਲਾ ਹਕੀਮਾਂ ਦੇ ਸਰਕਾਰੀ ਹਾਈ ਸਕੂਲ ਦੇ ਬੱਚਿਆਂ ਨੂੰ ਸਰਕਾਰ ਵੱਲੋਂ ਭੇਜੇ ਗਏ ਬੈਂਗ ਵੰਡਣ ਦੀ ਰਸਮ ਉੱਘੇ ਸਮਾਜ ਸੇਵੀ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾ ਨੇ ਕੀਤੀ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਿੱਥੇ ਪਿੰਡਾਂ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਪਿੰਡਾਂ ਦੀ ਨੁਹਾਰ ਬਦਲੀ ਜਾ ਰਹੀ ਹੈ, ਉਸੇ ਹੀ ਸਿੱਖਿਆ ਕ੍ਰਾਂਤੀ ਦੇ ਤਹਿਤ ਸਰਕਾਰ ਵੱਲੋਂ ਸਕੂਲਾਂ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਸਕੂਲਾਂ ਦੀ ਵੀ ਨੁਹਾਰ ਬਦਲੀ ਜਾ ਰਹੀ ਹੈ। ਅਸੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ, ਜਿਨਾਂ ਨੇ ਸਿਹਤ, ਸਿੱਖਿਆ ਦੇ ਲਈ ਚੰਗੇ ਉਪਰਾਲੇ ਕੀਤੇ ਹਨ ।ਇਸ ਮੌਕੇ ਸਮੂਹ ਸਕੂਲ ਸਟਾਫ਼ ਅਤੇ ਪੰਚਾਇਤ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਨੇ ਕੀਤੀ ਗੇਟ ਰੈਲੀ




ਫ਼ਿਰੋਜ਼ਪੁਰ, 05 ਅਗਸਤ (ਮਨੋਹਰ ਲਾਲ) :— ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਫਿਰੋਜ਼ਪੁਰ ਵੱਲੋਂ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਸੱਦੇ ਤੇ 7 ਜੁਲਾਈ ਮੁਹਾਲੀ ਧਰਨੇ ਦੀਆਂ ਤਿਆਰੀਆਂ ਨੂੰ ਲੈ ਕੇ ਜ਼ਿਲ੍ਹਾ ਹਸਪਤਾਲ ਫਿਰੋਜਪੁਰ ਵਿੱਚ ਜਸਵਿੰਦਰ ਸਿੰਘ ਕੋੜਾ ਅਤੇ ਨਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਗੇਟ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਦੇ ਵੱਖ—ਵੱਖ ਕੇਡਰਾਂ ਦੇ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਗੱਲਬਾਤ ਕਰਦਿਆਂ ਨਰਿੰਦਰ ਸ਼ਰਮਾ ਪੈਰਾਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਦੇ ਆਗੂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਵੋਟਾਂ ਦੌਰਾਨ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਪਹਿਲ ਦੇ ਅਧਾਰ ਤੇ ਪੂਰੀਆਂ ਕੀਤੀਆਂ ਜਾਣਗੀਆਂ ਪਰ ਉਸਦੇ ਉਲਟ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਪੰਜਾਬ ਸਰਕਾਰ ਮੁਲਾਜ਼ਮਾਂ ਦੇ ਵਿਰੁੱਧ ਮੋਟੀਆਂ ਰਕਮਾਂ ਭਰ ਕੇ ਸੁਪਰੀਮ ਕੋਰਟ ਤੱਕ ਮੁਲਾਜ਼ਮਾਂ ਦੇ ਹੱਕਾਂ ਨੂੰ ਦਬਾਉਣ ਲਈ ਜੋਰ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਸਮੂਹ ਕੱਚੇ ਕਾਮੇ ਪੱਕੇ ਕੀਤੇ ਜਾਣਗੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇਗੀ, ਡੀ.ਏ ਦੀਆਂ ਕਿਸ਼ਤਾਂ ਰਿਲੀਜ਼ ਕੀਤੀਆਂ ਜਾਣਗੀਆਂ ਪਰ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀ ਕੋਈ ਵੀ ਮੰਗ ਪੂਰੀ ਨਹੀਂ ਕੀਤੀ, ਜਿਸ ਦੇ ਰੋਸ ਵਜੋਂ 7 ਅਗਸਤ ਨੂੰ ਪੰਜਾਬ ਦੇ ਸਮੂਹ ਮੁਲਾਜ਼ਮ ਛੁੱਟੀ ਲੈ ਕੇ ਮੁਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕਰ ਰਹੇ ਹਨ ਜਿਸ ਵਿੱਚ ਫਿਰੋਜਪੁਰ ਜ਼ਿਲ੍ਹੇ ਵੱਲੋਂ ਪੈਰਾਮੈਡੀਕਲ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਆਪਣੀਆਂ ਦੋ ਬੱਸਾਂ ਲੈ ਕੇ ਸਵੇਰੇ ਹੋਸਪਿਟਲ ਫਿਰੋਜ਼ਪੁਰ ਤੋਂ ਰਵਾਨਾ ਹੋਣਗੀਆਂ ਜਿਸ ਦੀ ਅਗਵਾਈ ਗੁਰਮੇਲ ਸਿੰਘ, ਰਮੇਸ਼ ਕੁਮਾਰ, ਰਾਮ ਪ੍ਰਸਾਦ, ਪ੍ਰੀਤ ਮਖੀਜਾ, ਕਰਨਜੀਤ ਸਿੰਘ, ਨਛੱਤਰ ਸਿੰਘ, ਜਤਿੰਦਰ ਸ਼ਰਮਾ, ਰਮਨਦੀਪ ਸਿੰਘ, ਆਕਾਸ਼ਦੀਪ ਸਿੰਘ, ਗੁਰਵਿੰਦਰ ਸਿੰਘ, ਅਰਚਦੀਪ ਸਿੰਘ, ਅਨੀਤਾ ਸਟਾਫ ਨਰਸ, ਮਨਪ੍ਰੀਤ ਸਟਾਫ ਤਰਨ, ਸਟਾਫ ਰੇਖਾ ਸਟਾਫ ਗੁਰਚਰਨ ਸਿੰਘ, ਗੁਰਬਚਨ ਸਿੰਘ ਪ੍ਰੀਤ ਮਖੀਜਾ ਗੌਰਵ ਨਵਜੀਤ ਸਿੰਘ ਰੇਨੂ ਮੈਡਮ ਡਾਕਟਰ ਸ਼ਿਵ ਲਕਸ਼ਨਾ ਪੋਸ਼ਨ ਨੇਹਾ ਦਵਿੰਦਰ ਸਿੰਘ ਮਨਜੀਤ ਸਿੰਘ ਪਰਵੀਰ ਸਿੰਘ ਗੁਰਦੇਵ ਸਿੰਘ ਰੋਬਿਨ ਗਗਨਦੀਪ ਸਿੰਘ ਆਸ਼ਾ ਵਰਕਰ ਯੂਨੀਅਨ ਦੀ ਆਗੂ ਰਾਜਵੰਤ ਕੌਰ ਕੈਂਡੀ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਜ਼ਿਲਾ ਫਿਰੋਜਪੁਰ ਧਰਨੇ ਲਈ ਰਵਾਨਾ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਮਨੁੱਖਤਾ ਦੀ ਸੇਵਾ ਹੀ ਸਭ ਤੋਂ ਉਤਮ ਹੈ—ਪੀ.ਸੀ ਕੁਮਾਰ




ਫ਼ਿਰੋਜ਼ਪੁਰ, 05 ਅਗਸਤ (ਮਨੋਹਰ ਲਾਲ) :— ਸਦਾਵਰਤ ਪੰਚਾਇਤੀ ਸੰਸਥਾ ਜ਼ੋ ਦਰਦ ਮੰਦਾ ਦੇ ਦਰਦ ਵੰਡਾਉਣ ਲਈ ਹੋਂਦ ਵਿਚ ਆਈ ਅੱਜ ਸਾਰੀ ਸ੍ਰਿਸ਼ਟੀ ਦੀ ਸੇਵਾ ਦਾ ਬੀੜਾ ਉਠਾ ਕੇ ਵਿਸ਼ਵ ਵਿਆਪੀ ਸੰਸਥਾ ਦਾ ਦਰਜਾ ਪ੍ਰਾਪਤ ਕਰ ਮਨੁੱਖਤਾ ਦੇ ਨਾਲ—ਨਾਲ ਜੀਵ ਜੰਤੂਆਂ, ਕੀੜੇ ਮਕੌੜਿਆਂ, ਜਾਨਵਰਾਂ ਦੀ ਸੇਵਾਵਾਂ ਨਾਲ ਨਿਰਜੀਵ ਬਨਸਪਤੀ, ਹਵਾ ਪਾਣੀ, ਧਰਤੀ, ਅਕਾਸ਼ ਪਤਾਲ ਵਿਚ ਵੀ ਜੋ ਕੁਦਰਤੀ ਨਿਆਮਤੇ ਹਨ, ਉਨ੍ਹਾਂ ਦੀ ਰੱਖ ਰਖਾਵ ਸਾਂਭ—ਸੰਭਾਲ ਕਰ ਹਰ ਖੇਤਰ ਵਿਚ ਆਪਣੀ ਪਹਿਚਾਣ ਬਣਾ ਕੇ ਰੱਬ ਉਨ੍ਹਾਂ ਨੂੰ ਪਿਆਰ ਕਰਦਾ ਹੈ, ਜ਼ੋ ਮਨੁੱਖਤਾ ਦੀ ਸੇਵਾ ਦੇ ਨਾਲ ਜੀਵ ਜੰਤੂਆਂ, ਕੀੜੀਆਂ ਮਕੌੜਿਆਂ, ਜਾਨਵਰਾਂ ਦੇ ਨਾਲ ਬਨਸਪਤੀ ਪਹਾੜ ਜ਼ੋ ਸਾਨੂੰ ਅਨਮੋਲ ਖਣਿਜ ਪਦਾਰਥ ਪ੍ਰਵਾਨ ਕਰਦੇ ਹਨ, ਉਨ੍ਹਾਂ ਦੀ ਸਾਂਭ—ਸੰਭਾਲ ਤੇ ਨਾਲ—ਨਾਲ ਉਨ੍ਹਾਂ ਵਧੀਆ ਪਿਆਰ ਕਰਦਾ ਹੈ, ਅੱਜ ਹਰ ਪਾਸੇ ਇਨ੍ਹਾਂ ਸੁਵਿਧਾਵਾਂ ਨੂੰ ਪ੍ਰਦਾਨ ਕਰਨ ਥਾਂ—ਥਾਂ ਸੈਂਡ, ਸੈਲਟਰ, ਹੋਸ਼ ਪੁੱਡੀਆਂ ਜਾਨਵਰਾਂ ਲਈ ਜਿਸ ਸੁਵਿਧਾ ਵਿਚ ਜ਼ੋ ਖਾਸ ਰਹਿੰਦੇ ਹਨ, ਵਧਣ—ਫੁੱਲਣ ਵਿਚ ਉਨ੍ਹਾਂ ਨੂੰ ਇਹ ਸੁਵਿਧਾਵਾਂ ਮਿਲਣੀਆਂ ਜ਼ਰੂਰੀ ਹਨ, ਉਪਲਬਧ ਕਰਾਇਆ ਜਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਨੇ ਆਸ਼ੂ ਬੰਗੜ ਦੇ ਘਰ ਪਹੁੰਚ ਨਵਜੰਮੇ ਬੱਚੇ ਨੂੰ ਦਿੱਤਾ ਅਸ਼ੀਰਵਾਦ



ਫ਼ਿਰੋਜ਼ਪੁਰ, 05 ਅਗਸਤ (ਮਨੋਹਰ ਲਾਲ) :— ਹਲਕਾ ਫਿਰੋਜ਼ਪੁਰ ਦਿਹਾਤੀ ਦੇ ਕਾਂਗਰਸ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਬਲਜੀਤ ਕੌਰ ਬੰਗੜ ਦੇ ਘਰ ਪਰਮਾਤਮਾ ਨੇ ਪੁੱਤਰ ਦੀ ਦਾਤ ਬਖਸ਼ੀ ਹੈ। ਇਸ ਖੁਸ਼ੀ ਦੇ ਮੌਕੇ ਤੇ ਪੰਜਾਬ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਵਿਸ਼ੇਸ਼ ਤੌਰ ਤੇ ਬੰਗੜ ਪਰਿਵਾਰ ਦੇ ਘਰ ਪਹੁੰਚੀ। ਪੰਜਾਬ ਕਾਂਗਰਸ ਕਮੇਟੀ ਦੇ ਇੰਚਾਰਜ ਭੂਪੇਸ਼ ਬਘੇਲ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਰਵਿੰਦਰ ਡਾਲਵੀ, ਕੁਲਬੀਰ ਸਿੰਘ ਜ਼ੀਰਾ, ਜਸਬੀਰ ਸਿੰਘ ਡਿੰਪਾ, ਸੁਖਵਿੰਦਰ ਸਿੰਘ ਡੈਨੀ, ਪਰਮਿੰਦਰ ਸਿੰਘ ਪਿੰਕੀ ਸਮੇਤ ਸਮੁੱਚੀ ਕਾਂਗਰਸ ਪਾਰਟੀ ਦੇ ਆਗੂਆਂ ਨੇ ਨਵਜੰਮੇ ਬੱਚੇ ਨੂੰ ਅਸ਼ੀਰਵਾਦ ਦਿੱਤਾ ਅਤੇ ਪਰਿਵਾਰ ਨੂੰ ਵਧਾਈਆਂ ਦਿੱਤੀਆਂ। ਬੰਗੜ ਪਰਿਵਾਰ ਵੱਲੋਂ ਪਹੁੰਚੀ ਸਮੁੱਚੀ ਲੀਡਰਸ਼ਿਪ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਆਸ਼ੂ ਬੰਗੜ ਨੇ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੀ ਸਮੂਹ ਸਾਧ ਸੰਗਤ ਦਾ ਕਾਂਗਰਸ ਪਾਰਟੀ ਦੇ ਸਮਾਗਮਾਂ ਨੂੰ ਸਫਲ ਬਣਾਉਣ ਲਈ ਦਿਲੋਂ ਧੰਨਵਾਦ ਵੀ ਕੀਤਾ।